@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Wednesday, 24 September 2025

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਬੁੱਧਵਾਰ 24 ਸਤੰਬਰ 2025, 10 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 315, qpatrika@gmail.com ਫੋਨ : 9971359517 www.qaumipatrika.org

## ਜੀਐਸਟੀ ਸੁਧਾਰ ਗਰੀਬਾਂ ਤੇ ਕਿਸਾਨਾਂ ਦੀ ਸੇਵਾ ਦੇ ਪ੍ਰਧਾਨ ਮੰਤਰੀ ਸੰਕਲਪ ਦਾ ਪ੍ਰਮਾਣ: ਅਮਿਤ ਸ਼ਾਹ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 23 ਸਤੰਬਰ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਗਰੀਬਾਂ, ਨੌਜਵਾਨਾਂ, ਕਿਸਾਨਾਂ ਅਤੇ ਔਰਤਾਂ ਦੀ ਸੇਵਾ ਕਰਨ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦ੍ਰਿੜ ਇਰਾਦੇ ਦਾ ਪ੍ਰਮਾਣ ਹਨ। ਸ਼ਾਹ ਨੇ ਇਹ ਵੀ ਕਿਹਾ ਕਿ ਨਵੇਂ ਸੁਧਾਰ ਭਾਰਤ ਦੇ ਵਿਕਾਸ ਨੂੰ ਦੁਨੀਆ ਦਾ ਸਭ ਤੋਂ ਖੁਸ਼ਹਾਲ ਦੇਸ਼ ਬਣਨ ਦੇ ਰਾਹ 'ਤੇ ਤੇਜ਼ ਕਰਨਗੇ। ਉਹਨਾਂ ਨੇ X 'ਤੇ ਆਪਣੀ ਪੋਸਟ ਵਿੱਚ ਕਿਹਾ, ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਗਰੀਬਾਂ, ਨੌਜਵਾਨਾਂ, ਕਿਸਾਨਾਂ ਅਤੇ ਔਰਤਾਂ ਦੀ ਸੇਵਾ ਕਰਨ ਦੇ ਦ੍ਰਿੜ ਇਰਾਦੇ ਦਾ ਪ੍ਰਮਾਣ ਹਨ। ਗ੍ਰਹਿ ਮੰਤਰੀ ਨੇ ਕਿਹਾ ਕਿ ਮੋਦੀ ਸਰਕਾਰ ਮੱਧ ਵਰਗ ਦੀ ਆਮਦਨ ਦਾ ਵਿਸਤਾਰ ਕਰ ਰਹੀ ਹੈ, ਉਨ੍ਹਾਂ ਲਈ ਕਈ ਮੌਕੇ ਖੋਲ੍ਹ ਰਹੀ ਹੈ ਅਤੇ ਇਹ ਯਕੀਨੀ ਬਣਾ ਰਹੀ ਹੈ ਕਿ ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਰਾਹੀਂ ਉਨ੍ਹਾਂ ਦੀ ਬੱਚਤ ਲਗਾਤਾਰ ਵਧਦੀ ਰਹੇ। ਰੋਜ਼ਾਨਾ ਜ਼ਰੂਰੀ ਵਸਤੂਆਂ, ਸਿਹਤ ਸੰਭਾਲ ਉਤਪਾਦਾਂ, ਇਲੈਕਟ?ਰਾਨਿਕ ਉਪਕਰਣਾਂ ਅਤੇ ਵਿਦਿਅਕ ਸਮੱਗਰੀ 'ਤੇ ਜੀਐਸਟੀ ਦਰਾਂ ਵਿੱਚ ਮਹੱਤਵਪੂਰਨ ਕਟੌਤੀ ਉਨ੍ਹਾਂ ਦੀ ਖਰਚਯੋਗ ਆਮਦਨ



ਵਿੱਚ ਵਾਧਾ ਕਰੇਗੀ ਅਤੇ ਉਨ੍ਹਾਂ ਨੂੰ ਹੋਰ ਵੀ ਬੱਚਤ ਕਰਨ ਲਈ ਉਤਸ਼ਾਹਿਤ ਕਰੇਗੀ। ਗ੍ਰਹਿ ਮੰਤਰੀ ਨੇ ਕਿਹਾ ਕਿ ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਸੋਮਵਾਰ ਤੋਂ ਸ਼ੁਰੂ ਹੋ ਰਹੇ ਨਵਰਾਤਰੀ ਦੇ ਸ਼ੁਭ ਮੌਕੇ 'ਤੇ ਦੇਸ਼ ਦੀਆਂ ਸਾਰੀਆਂ ਮਾਵਾਂ ਅਤੇ ਭੈਣਾਂ ਨੂੰ ਮੋਦੀ ਸਰਕਾਰ ਵੱਲੋਂ ਇੱਕ ਤੋਹਫ਼ਾ ਹਨ। ਉਨ੍ਹਾਂ ਕਿਹਾ, ਜੀਐਸਟੀ ਸੁਧਾਰਾਂ ਨੂੰ ਲੈ ਕੇ ਪ੍ਰਧਾਨ ਮੰਤਰੀ ਮੋਦੀ ਦਾ ਦੇਸ਼ ਵਾਸੀਆਂ ਨਾਲ ਕੀਤਾ ਗਿਆ ਵਾਅਦਾ ਅੱਜ ਤੋਂ ਦੇਸ਼ ਭਰ ਵਿੱਚ ਲਾਗੂ ਹੋ ਗਿਆ ਹੈ। ਇਸ ਜੀਐਸਟੀ ਵਿੱਚ 390 ਤੋਂ ਵੱਧ ਵਸਤੂਆਂ 'ਤੇ ਇਤਿਹਾਸਕ ਟੈਕਸ ਕਟੌਤੀ ਕੀਤੀ ਗਈ ਹੈ। ਭੋਜਨ ਅਤੇ ਘਰੇਲੂ ਸਮਾਨ, ਘਰ ਨਿਰਮਾਣ ਅਤੇ ਸਮੱਗਰੀ, ਆਟੋਮੋਬਾਈਲ, ਖੇਤੀਬਾੜੀ, ਸੇਵਾਵਾਂ, ਖਿਡੌਣੇ, ਖੇਡਾਂ ਅਤੇ ਦਸਤਕਾਰੀ, ਸਿੱਖਿਆ, ਡਾਕਟਰੀ ਅਤੇ ਸਿਹਤ, ਬੀਮਾ ਆਦਿ ਖੇਤਰਾਂ ਵਿੱਚ ਜੀਐਸਟੀ ਵਿੱਚ ਬੇਮਿਸਾਲ ਰਾਹਤ ਨਾਗਰਿਕਾਂ ਦੇ ਜੀਵਨ ਵਿੱਚ ਖੁਸ਼ੀ ਲਿਆਏਗੀ ਅਤੇ ਉਨ੍ਹਾਂ ਦੀ ਬੱਚਤ ਵਿੱਚ ਵੀ ਵਾਧਾ ਕਰੇਗੀ। ਭਾਵੇਂ ਇਹ ਬਹੁਤ ਸਾਰੇ ਡੇਅਰੀ ਉਤਪਾਦਾਂ 'ਤੇ ਜ਼ੀਰੋ ਜੀਐਸਟੀ ਹੋਵੇ ਜਾਂ ਸਾਬਣ, ਟੂੱਥਬ੍ਰਸ਼, ਟੂੱਥਪੇਸਟ, ਤੇਲ, ਸ਼ੈਂਪੂ ਵਰਗੀਆਂ ਰੋਜ਼ਾਨਾ ਦੀਆਂ ਚੀਜ਼ਾਂ 'ਤੇ ਬੇਮਿਸਾਲ ਕਟੌਤੀ ਹੋਵੇ, ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਨੇ ਹਰ ਘਰ ਵਿੱਚ ਖੁਸ਼ੀ ਦਾ ਤੋਹਫ਼ਾ ਲਿਆਂਦਾ ਹੈ।

## ਪ੍ਰਿਅੰਕਾ ਗਾਂਧੀ ਦੇ ਵਾਇਨਾਡ ਦੇ 12 ਦਿਨਾ ਦੌਰੇ ਦਾ ਕੀ ਮਤਲਬ ਹੈ?

ਨੈਸ਼ਨਲ ਡੈਸਕ 23 ਸਤੰਬਰ। ਕਾਂਗਰਸ ਦੀ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਢੇਰਾ ਆਪਣੇ ਲੋਕ ਸਭਾ ਹਲਕੇ ਵਾਇਨਾਡ ਦੇ ਲੰਬੇ ਦੌਰੇ 'ਤੇ ਹੈ। ਇਹ ਕੋਈ ਆਮ ਦੌਰਾ ਨਹੀਂ ਹੈ। ਪ੍ਰਿਅੰਕਾ ਨੇ ਇੱਥੇ 12 ਦਿਨਾ ਲਈ ਰੁਕਣ ਦਾ ਫੈਸਲਾ ਕੀਤਾ ਹੈ, ਜੋ ਕਿ ਉਨ੍ਹਾਂ ਵਰਗੇ ਸਿਆਸੀ ਕੱਦ ਦੇ ਨੇਤਾ ਲਈ ਵਿਲੱਖਣ ਹੈ। ਆਮ ਤੌਰ 'ਤੇ ਪ੍ਰਮੁੱਖ ਸਿਆਸਤਦਾਨ ਖਾਸ ਕਰ ਕੇ ਨਹਿਰੂ-



ਗਾਂਧੀ ਪਰਿਵਾਰ ਦੇ ਮੈਂਬਰ ਆਪਣੇ ਹਲਕਿਆਂ 'ਚ ਇੰਨਾ ਸਮਾਂ ਨਹੀਂ ਬਿਤਾਉਂਦੇ ਹਨ। ਉਦਾਹਰਣ ਵਜੋਂ ਪਿਛਲੇ ਸਾਲ ਰਾਹੁਲ ਗਾਂਧੀ ਰਾਏਬਰੇਲੀ ਸਿਰਫ 6 ਵਾਰ ਗਏ ਸਨ। ਉਨ੍ਹਾਂ 'ਚੋਂ ਵਧੇਰੇ ਦੌਰੇ ਇਕ-ਇਕ ਦਿਨ ਦੇ ਸਨ। ਕੁਝ ਮੌਕਿਆਂ 'ਤੇ ਉਨ੍ਹਾਂ ਆਪਣੇ ਦੌਰਿਆਂ ਨੂੰ 2 ਦਿਨਾਂ ਤੱਕ ਵਧਾ ਲਿਆ ਸੀ। ਇਸ ਦੇ ਉਲਟ ਪ੍ਰਿਅੰਕਾ ਵਾਇਨਾਡ 'ਚ ਲਗਭਗ 2 ਹਫ਼ਤੇ ਬਿਤਾਏਗੀ। ਉਹ ਉੱਥੇ 8 ਦਿਨ ਪਹਿਲਾਂ ਹੀ ਬਿਤਾ ਚੁੱਕੀ ਹੈ। ਉਹ 24 ਸਤੰਬਰ ਤੱਕ ਰਹੇਗੀ। ਇਸ ਦੌਰੇ ਨੂੰ ਹੋਰ ਵੀ ਖਾਸ ਬਣਾਉਣ ਵਾਲੀ ਗੱਲ ਸੋਨੀਆ ਗਾਂਧੀ ਤੇ ਰਾਹੁਲ ਗਾਂਧੀ ਦੀ ਮੌਜੂਦਗੀ ਹੈ। ਦੋਵੇਂ 19 ਸਤੰਬਰ ਨੂੰ ਵਾਇਨਾਡ 'ਚ ਲੋਕਾਂ ਨੂੰ ਮਿਲਣ ਸਮੇਂ ਪ੍ਰਿਅੰਕਾ ਦੇ ਨਾਲ ਸਨ। ਫਿਰ ਵੀ ਹੈਰਾਨੀ ਵਾਲੀ ਗੱਲ ਇਹ ਹੈ ਕਿ ਜ਼ਿਲਾ ਕਾਂਗਰਸ ਕਮੇਟੀ ਨੂੰ ਇਸ ਦੌਰੇ ਤੋਂ ਬਾਹਰ ਰੱਖਿਆ ਗਿਆ। ਪਾਰਟੀ ਵੱਲੋਂ ਅਧਿਕਾਰਤ ਸਮਾਗਮ ਆਯੋਜਿਤ ਨਹੀਂ ਕੀਤੇ ਜਾ ਰਹੇ। ਇਸ ਦੀ ਬਜਾਏ ਪ੍ਰਿਅੰਕਾ ਦੀ ਸਾਰੀ ਗੱਲਬਾਤ ਤਾਲਮੇਲ ਨਾਲ ਉਸ ਦੀ ਨਿੱਜੀ ਟੀਮ ਵੱਲੋਂ ਕੀਤੀ ਜਾ ਰਹੀ ਹੈ। ਅੰਦਰੂਨੀ ਸੂਤਰਾਂ ਦਾ ਕਹਿਣਾ ਹੈ ਕਿ ਇਹ ਵਾਇਨਾਡ ਜ਼ਿਲਾ ਕਾਂਗਰਸ ਇਕਾਈ ਅੰਦਰ ਲਗਾਤਾਰ ਧੜੇਬੰਦੀ ਦਾ ਨਤੀਜਾ ਹੈ, ਜਿਸ ਕਾਰਨ ਪ੍ਰਿਅੰਕਾ ਨੂੰ ਇਕ ਮਤਵਾਜ਼ੀ ਢਾਂਚੇ 'ਤੇ ਭਰੋਸਾ ਕਰਨਾ ਪੈ ਰਿਹਾ ਹੈ। ਇਹ ਸਮੱਸਿਆ ਵਿਲੱਖਣ ਨਹੀਂ ਹੈ। ਕੇਰਲ ਦੀਆਂ ਕਈ ਜ਼ਿਲਾ ਇਕਾਈਆਂ ਕਥਿਤ ਤੌਰ 'ਤੇ ਇਸੇ ਤਰ੍ਹਾਂ ਦੇ ਅੰਦਰੂਨੀ ਝਗੜਿਆਂ 'ਚ ਉਲਝੀਆਂ ਹੋਈਆਂ ਹਨ। ਅਗਲੇ ਸਾਲ ਸੂਬਾਈ ਵਿਧਾਨ ਸਭਾ ਦੀਆਂ ਹੋਣ ਵਾਲੀਆਂ ਚੋਣਾਂ ਦੇ ਨਾਲ ਪ੍ਰਿਅੰਕਾ ਦਾ ਦੌਰਾ ਇਕ ਵੱਡਾ ਸਿਆਸੀ ਸੰਦੇਸ਼ ਲੈ ਕੇ ਜਾਂਦਾ ਹੈ। ਇਕ ਦਹਾਕੇ ਤੱਕ ਸੱਤਾ ਤੋਂ ਬਾਹਰ ਰਹਿਣ ਤੋਂ ਬਾਅਦ 2026 ਦੀਆਂ ਚੋਣਾਂ ਕਾਂਗਰਸ ਲਈ 'ਕਰੋ ਜਾਂ ਮਰੋ' ਦੀ ਲੜਾਈ ਹਨ। ਅਜਿਹਾ ਲਗਦਾ ਹੈ ਕਿ ਪ੍ਰਿਅੰਕਾ ਆਪਣੇ ਵਾਇਨਾਡ ਦੇ ਆਧਾਰ ਦੀ ਵਰਤੋਂ ਨਾ ਸਿਰਫ਼ ਹਲਕੇ ਦੇ ਲੋਕਾਂ ਤੱਕ ਪਹੁੰਚਣ ਲਈ ਕਰ ਰਹੀ ਹੈ, ਸਗੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਨੂੰ ਤਿਆਰ ਕਰਨ ਲਈ ਵੀ ਕਰ ਰਹੀ ਹੈ।

## ਹੜ੍ਹ ਪੀੜਤਾਂ ਦੇ ਲਈ ਹੋਰ ਕੀ ਕੁਝ ਕਰੇਗਾ ਸ਼੍ਰੋਮਣੀ ਅਕਾਲੀ ਦਲ? ਸੁਖਬੀਰ ਬਾਦਲ ਨੇ ਦੱਸੀ ਪੂਰੀ ਯੋਜਨਾ

ਜਲੰਧਰ 23 ਸਤੰਬਰ। ਪੰਜਾਬ 'ਚ ਆਏ ਹੜ੍ਹਾਂ ਦੌਰਾਨ ਸੁਖਬੀਰ ਸਿੰਘ ਬਾਦਲ ਅਜਿਹੇ ਪਹਿਲੇ ਸਿਆਸੀ ਆਗੂ ਸਨ, ਜਿਨ੍ਹਾਂ ਨੇ ਗ੍ਰਾਊਂਡ ਲੈਵਲ 'ਤੇ ਜਾ ਕੇ ਪੀੜਤਾਂ ਦੀ ਨਕਦੀ ਸਹਾਇਤਾ ਕੀਤੀ। ਉਨ੍ਹਾਂ ਵੱਲੋਂ ਲਗਾਤਾਰ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਦੌਰੇ ਕੀਤੇ



ਜਾ ਰਹੇ ਹਨ ਤੇ ਉੱਥੇ ਲੋੜ ਮੁਤਾਬਕ ਸਾਮਾਨ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ। 'ਜਗ ਬਾਣੀ' ਦੇ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਆਪਣੀ ਅਗਲੀ ਯੋਜਨਾ ਬੰਦੀ ਬਾਰੇ ਵੀ ਦੱਸਿਆ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼?ਰੋਮਣੀ ਅਕਾਲੀ ਦਲ ਵੱਲੋਂ ਸ਼ੁਰੂਆਤ ਵਿਚ ਲੋਕਾਂ ਨੂੰ ਲੋੜ ਮੁਤਾਬਕ ਰਾਸ਼ਨ ਤੇ ਲੰਗਰ ਮੁਹੱਈਆ ਕਰਵਾਇਆ ਗਿਆ। ਉਨ੍ਹਾਂ ਵੱਲੋਂ ਜਲੰਧਰ 'ਚ ਇਕ ਕਾਲ ਸੈਂਟਰ ਸਥਾਪਤ ਕੀਤਾ, ਜਿੱਥੇ ਲੋਕਾਂ ਨੇ ਫ਼ੋਨ ਕਰ ਕੇ ਆਪਣੀਆਂ ਜ਼ਰੂਰਤਾਂ ਦੱਸੀਆਂ ਤੇ ਅਸੀਂ ਉਸੇ ਮੁਤਾਬਕ ਉਸ ਜਗ?ਹਾ ਤਰਪਾਲਾਂ, ਦਵਾਈਆਂ, ਰਾਸ਼ਨ ਆਦਿ ਮੁਹੱਈਆ ਕਰਵਾਇਆ। ਵਰਕਰ ਨੂੰ ਸਾਮਾਨ ਪਹੁੰਚਾ ਕੇ ਉੱਥੋਂ ਦੀ ਵੀਡੀਓ ਵੀ ਮੰਗਵਾਈ ਜਾਂਦੀ ਸੀ। ਅਸੀਂ ਇਸ ਨੂੰ ਆਪਣੀ ਜ਼ਿੰਮੇਵਾਰੀ ਸਮਝ ਕੇ ਆਪਣੇ ਸਾਧਨਾਂ ਮੁਤਾਬਕ ਲੋਕਾਂ ਦੀ ਮਦਦ ਕੀਤੀ। ਆਉਣ ਵਾਲੇ ਦਿਨਾਂ ਲਈ ਪਾਰਟੀ ਦੀ ਯੋਜਨਾਬੰਦੀ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਹੁਣ ਅਸੀਂ ਜਾਨਵਰਾਂ ਦੇ ਡਾਕਟਰਾਂ ਦੀ ਟੀਮ ਵੀ ਤਿਆਰ ਕਰ ਲਈ ਹੈ ਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਸ ਤੋਂ ਇਲਾਵਾ 500 ਟਰੱਕ ਚਾਰੇ ਦੇ ਖਰੀਦੇ ਜਾ ਚੁੱਕੇ ਹਨ ਤੇ ਲੋਕਾਂ ਨੂੰ ਪਹੁੰਚਾਉਣੇ ਸ਼ੁਰੂ ਕਰ ਦਿੱਤੇ ਗਏ ਹਨ। ਤਕਰੀਬਨ 50 ਹਜ਼ਾਰ ਗਰੀਬ ਪਰਿਵਾਰਾਂ ਨੂੰ ਕਣਕ ਦੀਆਂ ਬੋਰੀਆਂ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਕਿਸਾਨਾਂ ਨੂੰ ਅਗਲੀ ਫ਼ਸਲ ਲਈ ਬੀਜ ਦਿੱਤੇ ਜਾਣਗੇ। ਇਕ ਲੱਖ ਏਕੜ ਲਈ ਬੀਜ ਅਸੀਂ ਦੇਵਾਂਗੇ ਤੇ ਇਕ ਲੱਖ ਏਕੜ ਹੀ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਐਲਾਨ ਕੀਤਾ ਹੈ। ਸੁਖਬੀਰ ਨੇ ਕਿਹਾ ਕਿ ਕੁੱਲ 4 ਲੱਖ ਵਿਚੋਂ ਹੁਣ ਸਰਕਾਰ ਘੱਟੋ-ਘੱਟ ਬਾਕੀ ਦੇ 2 ਲੱਖ ਏਕੜ ਦੀ ਜ਼ਿੰਮੇਵਾਰੀ ਤਾਂ ਲਵੇ।

## ਮੁੱਖ ਮੰਤਰੀ ਰੇਖਾ ਨੇ ਲਗਭਗ 18 ਸਾਲਾਂ ਬਾਅਦ ਅੰਤਰ-ਰਾਜੀ ਏਸੀ ਬੱਸ ਸੇਵਾ ਦਾ ਉਦਘਾਟਨ ਕੀਤਾ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 23 ਸਤੰਬਰ। ਨਵਰਾਤਰੀ ਦੇ ਸ਼ੁਭ ਮੌਕੇ 'ਤੇ, ਦਿੱਲੀ ਦੀ ਮਾਣਯੋਗ ਮੁੱਖ ਮੰਤਰੀ, ਸ਼੍ਰੀਮਤੀ ਰੇਖਾ ਗੁਪਤਾ ਨੇ ਕੱਲ੍ਹ ਮਹਾਰਾਣਾ ਪ੍ਰਤਾਪ ਆਈਐਸਬੀਟੀ ਕਸ਼ਮੀਰੀ ਗੇਟ ਇੰਟਰ ਸਟੇਟ ਬੱਸ ਟਰਮੀਨਲ, ਦਿੱਲੀ ਤੋਂ ਬੜੌਤ, ਉੱਤਰ ਪ੍ਰਦੇਸ਼ ਤੱਕ ਪੂਰੀ ਤਰ੍ਹਾਂ ਇਲੈਕਟ੍ਰਿਕ ਇੰਟਰ-ਸਟੇਟ ਏਸੀ ਬੱਸ ਸੇਵਾ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ, ਉਨ੍ਹਾਂ ਨੇ ਆਟੋਮੇਟਿਡ ਫੇਅਰ ਕਲੈਕਸ਼ਨ ਸਿਸਟਮ (AFCS) ਦਾ ਉਦਘਾਟਨ ਕੀਤਾ ਅਤੇ ONDC (ਓਪਨ ਨੈੱਟਵਰਕ ਫਾਰ ਡਿਜੀਟਲ ਕਾਮਰਸ) ਪਲੇਟਫਾਰਮ 'ਤੇ 'ਚਲੋ ਐਪ' ਲਾਂਚ ਕੀਤਾ। ਦਿੱਲੀ ਦੇ ਟਰਾਂਸਪੋਰਟ ਮੰਤਰੀ ਡਾ. ਪੰਕਜ ਕੁਮਾਰ ਸਿੰਘ, ਬਾਗਪਤ, ਯੂਪੀ ਤੋਂ ਸੰਸਦ ਮੈਂਬਰ ਡਾ. ਰਾਜਕੁਮਾਰ ਸਾਂਗਵਾਨ ਦੇ ਨਾਲ, ਦਿੱਲੀ ਟਰਾਂਸਪੋਰਟ ਵਿਭਾਗ ਦੇ ਕਈ ਸੀਨੀਅਰ ਅਧਿਕਾਰੀ ਅਤੇ ਕੇਨਰਾ ਬੈਂਕ ਦੇ ਪ੍ਰਤੀਨਿਧੀ ਅੰਤਰ-ਰਾਜੀ ਬੱਸ ਸੇਵਾ ਦੇ ਉਦਘਾਟਨ ਸਮੇਂ ਮੌਜੂਦ ਸਨ। ਦਿੱਲੀ ਟਰਾਂਸਪੋਰਟ ਕਾਰਪੋਰੇਸ਼ਨ (DTC) ਅਤੇ ਕੇਨਰਾ ਬੈਂਕ ਵਿਚਕਾਰ ਪੂਰੇ ਨੈੱਟਵਰਕ ਵਿੱਚ AFCS ਦੇ ਰੋਲ ਆਊਟ ਲਈ ਇੱਕ ਸਮਝੌਤਾ ਪੱਤਰ 'ਤੇ ਵੀ ਹਸਤਾਖਰ ਕੀਤੇ ਗਏ। ਇਸ ਦੌਰਾਨ, ਮੁੱਖ ਮੰਤਰੀ ਸ਼੍ਰੀਮਤੀ ਰੇਖਾ ਗੁਪਤਾ ਨੇ ਈ-ਟਿਕਟਾਂ ਬਣਾਉਣ ਲਈ ਅੰਤਰ-ਰਾਜੀ ਬੱਸਾਂ ਦੇ ਕੰਡਕਟਰਾਂ ਨੂੰ POS ਮਸ਼ੀਨਾਂ ਵੰਡੀਆਂ। ਨਵਰਾਤਰਿਆਂ ਦੇ ਸ਼ੁਭ ਮੌਕੇ 'ਤੇ ਦਿੱਲੀ ਦੇ ਨਾਗਰਿਕਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਦੀ ਹਰ ਨਵੀਂ ਪਹਿਲ ਇਤਿਹਾਸ ਬਣ ਜਾਂਦੀ ਹੈ। ਦਿੱਲੀ ਸਰਕਾਰ ਦੇ ਜਨਤਾ ਲਈ ਨਿਰੰਤਰ ਯਤਨਾਂ



'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਦੇ ਯਤਨਾਂ ਕਾਰਨ ਦਿੱਲੀ ਵਾਸੀਆਂ ਨੂੰ ਰੋਜ਼ਾਨਾ ਸਹੂਲਤਾਂ ਅਤੇ ਕਈ ਤਰ੍ਹਾਂ ਦੀਆਂ ਆਧੁਨਿਕ ਸੇਵਾਵਾਂ ਮਿਲ ਰਹੀਆਂ ਹਨ। ਸੀਨੀਅਰ ਅਧਿਕਾਰੀਆਂ, ਡੀਟੀਸੀ ਕਰਮਚਾਰੀਆਂ ਦੇ ਪਰਿਵਾਰਾਂ ਅਤੇ ਬੈਂਕ ਪ੍ਰਤੀਨਿਧੀਆਂ ਦਾ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਸਰਕਾਰੀ ਕਰਮਚਾਰੀਆਂ ਦੀ ਊਰਜਾ, ਰਚਨਾਤਮਕਤਾ ਅਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਦਿੱਲੀ ਦੇ ਵਿਕਾਸ ਦੇ ਸੱਚੇ ਵਾਹਕ (ਹਨੂਮਾਨ) ਕਿਹਾ। ਅੰਤਰ-ਰਾਜੀ ਬੱਸ ਸੇਵਾ ਦੇ ਉਦਘਾਟਨ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਯਾਦ ਕੀਤਾ ਕਿ ਦਿੱਲੀ ਨੇ ਲਗਭਗ 18 ਸਾਲਾਂ ਤੋਂ ਆਪਣੀ ਅੰਤਰ-ਰਾਜੀ ਬੱਸ ਸੇਵਾ ਨਹੀਂ ਚਲਾਈ, ਜਦੋਂ ਕਿ ਦੂਜੇ ਰਾਜਾਂ ਦੀਆਂ ਬੱਸਾਂ ਰਾਜਧਾਨੀ ਵਿੱਚ ਚੱਲਦੀਆਂ ਰਹੀਆਂ। ਉਨ੍ਹਾਂ ਪੁੱਛਿਆ ਕਿ ਜੇਕਰ ਨਿੱਜੀ ਬੱਸਾਂ ਰਾਜਧਾਨੀ ਵਿੱਚ ਚੱਲ ਸਕਦੀਆਂ ਹਨ, ਤਾਂ ਦਿੱਲੀ ਸਰਕਾਰ ਦੀਆਂ ਬੱਸਾਂ ਕਿਉਂ ਨਹੀਂ? ਸਾਡੇ ਨਾਗਰਿਕ ਸਭ ਤੋਂ ਵਧੀਆ ਸੰਭਵ ਸਹੂਲਤਾਂ ਦੇ ਹੱਕਦਾਰ ਹਨ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਦਿੱਲੀ-ਬੜੌਤ ਏਸੀ ਬੱਸ ਸੇਵਾ ਸਿਰਫ ਪਹਿਲਾ ਕਦਮ ਹੈ। ਜਲਦੀ ਹੀ, ਕਈ ਹੋਰ ਨਵੇਂ ਅੰਤਰ-ਰਾਜੀ ਰੂਟ, ਖਾਸ ਕਰਕੇ ਧਾਰਮਿਕ ਸਥਾਨਾਂ ਦੀ ਸੇਵਾ ਕਰਨ ਵਾਲੇ, ਹਰ ਮਹੀਨੇ ਸ਼ੁਰੂ ਕੀਤੇ ਜਾਣਗੇ। ਏਸੀ ਬੱਸ ਸੇਵਾਵਾਂ ਨਾ ਸਿਰਫ਼ ਰੋਜ਼ਾਨਾ ਯਾਤਰਾ ਨੂੰ ਆਰਾਮਦਾਇਕ ਅਤੇ ਆਸਾਨ ਬਣਾਉਣਗੀਆਂ, ਸਗੋਂ ਖੇਤਰੀ ਵਿਕਾਸ ਅਤੇ ਧਾਰਮਿਕ ਸੈਰ-ਸਪਾਟੇ ਨੂੰ ਵੀ ਉਤਸ਼ਾਹਿਤ ਕਰਨਗੀਆਂ।

Contd..................page-3

## ਸੁਪਰੀਮ ਕੋਰਟ ਨੇ ਜੈਕਲੀਨ ਫਰਨਾਂਡੀਜ ਦੀ ਪਟੀਸ਼ਨ ਕੀਤੀ ਖਾਰਜ

ਨਵੀਂ ਦਿੱਲੀ 23 ਸਤੰਬਰ। ਸੁਪਰੀਮ ਕੋਰਟ ਨੇ ਦਿੱਲੀ ਹਾਈ ਕੋਰਟ ਦੇ ਉਸ ਆਦੇਸ਼ 'ਚ ਦਖ਼ਲਅੰਦਾਜੀ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ 'ਚ ਠੱਗ ਸੁਕੇਸ਼ ਚੰਦਰਸ਼ੇਖਰ ਨਾਲ ਜੁੜੇ 200 ਕਰੋੜ ਰੁਪਏ ਦੇ ਮਨੀ ਲਾਂਡਰਿੰਗ ਮਾਮਲੇ 'ਚ ਈਸੀਆਈਆਰ (ਐੱਫਆਈਆਰ ਦੇ ਬਰਾਬਰ) ਰੱਦ ਕਰਨ ਦੀ ਅਦਾਕਾਰਾ ਜੈਕਲੀਨ ਫਰਨਾਂਡੀਜ ਦੀ ਪਟੀਸ਼ਨ ਖਾਰਜ ਕਰ ਦਿੱਤੀ ਸੀ। ਜੱਜ ਦੀਪਾਂਕਰ ਦੱਤਾ ਅਤੇ ਜੱਜ ਆਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਫਰਨਾਂਡੀਜ ਦਾ ਪ੍ਰਤੀਨਿਧੀਤੱਵ ਕਰ ਰਹੇ ਸੀਨੀਅਰ ਐਡਵੋਕੇਟ ਮੁਕੁਲ ਰੋਹਤਗੀ ਨੂੰ ਕਿਹਾ,"ਅਸੀਂ ਇਸ ਪੱਧਰ 'ਤੇ ਦਖਲਅੰਦਾਜ਼ੀ ਨਹੀਂ ਕਰਾਂਗੇ।"



ਵਕੀਲ ਸਮੀਰ ਸੋਢੀ ਦੇ ਮਾਧਿਅਮ ਰਾਹੀਂ ਦਾਇਰ ਪਟੀਸ਼ਨ 'ਚ ਫਰਨਾਂਡੀਜ ਨੇ ਹਾਈ ਕੋਰਟ ਦੇ 3 ਜੁਲਾਈ ਦੇ ਆਦੇਸ਼ ਨੂੰ ਚੁਣੌਤੀ ਦਿੱਤੀ ਹੈ, ਜਿਸ 'ਚ ਮਨੀ ਲਾਂਡਰਿੰਗ ਮਾਮਲੇ 'ਚ ਇਨਫੋਰਸਮੈਂਟ ਮਾਮਲਾ ਸੂਚਨਾ ਰਿਪੋਰਟ (ਈਸੀਆਈਆਰ) ਰੱਦ ਕਰਨ ਦੀ ਉਨ੍ਹਾਂ ਦੀ ਪਟੀਸ਼ਨ ਖਾਰਜ ਕਰ ਦਿੱਤੀ ਗਈ ਸੀ। ਚੰਦਰਸ਼ੇਖਰ ਖ਼?ਲਾਫ਼ ਦਰਜ ਮਨੀ ਲਾਂਡਰਿੰਗ ਮਾਮਲੇ 'ਚ ਫਰਨਾਂਡੀਜ ਦੋਸ਼ੀ ਹੈ ਅਤੇ ਜਾਂਚ ਦੇ ਸਿਲਸਿਲੇ 'ਚ ਪੁੱਛ-ਗਿੱਛ ਲਈ ਇਨਫੋਰਸਮੈਂਟ ਡਾਇਰੈਕਟੋਰੇਟ ਦੇ ਸਾਹਮਣੇ ਪੇਸ਼ ਹੋਈ ਸੀ। ਦਿੱਲੀ ਪੁਲਸ ਨੇ ਚੰਦਰਸ਼ੇਖਰ 'ਤੇ ਰੈਨਬੈਕਸੀ ਦੇ ਸਾਬਕਾ ਪ੍ਰਮੋਟਰਾਂ ਸ਼ਿਵਿੰਦਰ ਸਿੰਘ ਅਤੇ ਮਾਲਵਿੰਦਰ ਸਿੰਘ ਦੀਆਂ ਪਤਨੀਆਂ ਨਾਲ 200 ਕਰੋੜ ਰੁਪਏ ਦੀ ਧੋਖਾਧੜੀ ਕਰਨ ਦਾ ਦੋਸ਼ ਲਗਾਇਆ ਹੈ।

## ਮਹਾਰਾਸ਼ਟਰ ਦੇ ਭਾਜਪਾ ਮੰਤਰੀ ਰਾਣੇ ਦਾ ਦਾਅਵਾ, ਗਰਬਾ ਆਯੋਜਨ ਬਣ ਰਹੇ 'ਲਵ ਜਿਹਾਦ' ਦਾ ਕੇਂਦਰ

ਮੁੰਬਈ, 23 ਸਤੰਬਰ। ਮਹਾਰਾਸ਼ਟਰ ਦੇ ਮੰਤਰੀ ਨਿਤੇਸ਼ ਰਾਣੇ ਨੇ ਦਾਅਵਾ ਕੀਤਾ ਕਿ ਨਰਾਤਿਆਂ ਦੌਰਾਨ ਗਰਬਾ ਪ੍ਰੋਗਰਾਮ 'ਲਵ ਜਿਹਾਦ' ਦੇ ਕੇਂਦਰ ਬਣ ਰਹੇ ਹਨ ਅਤੇ ਉਨ੍ਹਾਂ ਨੇ ਅਜਿਹੇ ਪ੍ਰੋਗਰਾਮਾਂ 'ਚ ਹਿੱਸਾ ਲੈਣ ਵਾਲਿਆਂ ਦੇ ਪਛਾਣ ਦਸਤਾਵੇਜ਼ਾਂ ਦੀ ਜਾਂਚ ਦੇ ਸਬੰਧ 'ਚ ਵਿਸ਼ਵ ਹਿੰਦੂ ਪ੍ਰੀਸ਼ਦ (ਵਿਹਿਪ) ਵੱਲੋਂ ਆਯੋਜਕਾਂ ਨੂੰ ਦਿੱਤੀ ਗਈ ਸਲਾਹ ਦਾ ਸਮਰਥਨ ਕੀਤਾ। ਭਾਰਤੀ ਜਨਤਾ ਪਾਰਟੀ (ਭਾਜਪਾ) ਨੇਤਾ ਨੇ ਸ਼ਿਵ ਸੈਨਾ (ਯੂ. ਬੀ. ਟੀ.) ਸੰਸਦ ਸੰਜੇ ਰਾਊਤ 'ਤੇ ਵੀ ਨਿਸ਼ਾਨਾ ਵਿੰਨ੍ਹ?ਆ। ਰਾਊਤ ਨੇ ਏਸ਼ੀਆ ਕੱਪ ਲਈ ਦੁਬਈ 'ਚ ਭਾਰਤ ਨਾਲ ਹੋਏ ਕ੍ਰਿਕਟ ਮੈਚ ਦੌਰਾਨ ਪਾਕਿਸਤਾਨੀ ਖਿਡਾਰੀਆਂ ਵੱਲੋਂ ਕੀਤੇ ਗਏ ਇਤਰਾਜ਼ਯੋਗ ਇਸ਼ਾਰਿਆਂ ਨੂੰ ਲੈ ਕੇ ਨਰਿੰਦਰ ਮੋਦੀ ਸਰਕਾਰ ਦੀ ਆਲੋਚਨਾ ਕੀਤੀ ਸੀ। ਗਰਬਾ ਪ੍ਰਬੰਧਕਾਂ ਨੂੰ ਹਿੱਸਾ ਲੈਣ ਵਾਲਿਆਂ ਦੇ ਪਛਾਣ ਦਸਤਾਵੇਜ਼ਾਂ ਦੀ ਜਾਂਚ ਸਬੰਧੀ ਵਿਹਿਪ ਦੀ ਸਲਾਹ ਬਾਰੇ ਪੁੱਛੇ ਗਏ ਸਵਾਲ 'ਤੇ ਰਾਣੇ ਨੇ ਕਿਹਾ ਕਿ ਸੱਜੇ-ਪੱਖੀ ਸੰਗਠਨ ਵੱਲੋਂ ਕੀਤੀ ਗਈ ਮੰਗ 'ਚ ਕੁਝ ਵੀ ਗਲਤ ਨਹੀਂ ਹੈ। ਉਨ੍ਹਾਂ ਕਿਹਾ, "ਇਸ 'ਚ ਗਲਤ ਕੀ ਹੈ? ਮੇਰੀ ਜਾਣਕਾਰੀ ਅਨੁਸਾਰ, ਇਸਲਾਮ ਮੂਰਤੀ ਪੂਜਾ ਦਾ ਸਮਰਥਨ ਨਹੀਂ ਕਰਦਾ। ਮੈਨੂੰ ਮੁਸਲਮਾਨਾਂ ਦੇ ਗਰਬਾ 'ਚ ਹਿੱਸਾ ਲੈਣ ਲਈ ਲਵ ਜਿਹਾਦ ਤੋਂ ਇਲਾਵਾ ਕੋਈ ਹੋਰ ਕਾਰਨ ਨਹੀਂ ਦਿਸਦਾ। ਉਹ ਝੂਠੀ ਪਛਾਣ ਦੇ ਨਾਲ ਅਜਿਹੇ ਪ੍ਰੋਗਰਾਮਾਂ 'ਚ ਆਉਂਦੇ ਹਨ ਅਤੇ ਸਾਡੀਆਂ ਔਰਤਾਂ ਨੂੰ ਪ੍ਰੇਸ਼ਾਨ ਕਰਦੇ ਹਨ।

## ਕੇਂਦਰ ਸਰਕਾਰ ਨੇ ਗੈਰ-ਭਾਜਪਾ ਸਰਕਾਰਾਂ ਦੇ ਫੰਡ ਰੋਕੇ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਜਲੰਧਰ/ਚੰਡੀਗੜ੍ਹ 23 ਸਤੰਬਰ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਦੋਸ਼ ਲਾਇਆ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਗੈਰ-ਭਾਜਪਾ ਸ਼ਾਸਿਤ ਸੂਬਾ ਸਰਕਾਰਾਂ ਦੇ ਫੰਡ ਰੋਕ ਕੇ ਉਨ੍ਹਾਂ ਲਈ ਵਿੱਤੀ ਸੰਕਟ ਪੈਦਾ ਕਰ ਰਹੀ ਹੈ। ਉਨ੍ਹਾਂ ਅੱਜ ਕਿਹਾ ਕਿ ਭਾਜਪਾ ਐੱਸ. ਡੀ. ਆਰ. ਐੱਫ. ਬਾਰੇ ਗਲਤ ਜਾਣਕਾਰੀ ਫੈਲਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਐੱਸ. ਡੀ. ਆਰ. ਐੱਫ. ਦੇ ਤਹਿਤ 5,012 ਕਰੋੜ ਰੁਪਏ ਪ੍ਰਾਪਤ ਹੋਏ ਸਨ, ਜਿਸ ਵਿਚੋਂ 3,820 ਕਰੋੜ ਰੁਪਏ ਖ਼ਰਚ ਕੀਤੇ ਗਏ ਹਨ। ਭਾਜਪਾ ਇਹ ਪ੍ਰਭਾਵ ਪੈਦਾ ਕਰ ਰਹੀ ਹੈ ਕਿ ਸੂਬੇ ਨੂੰ ਐੱਸ. ਡੀ. ਆਰ. ਐੱਫ. ਦੇ ਤਹਿਤ 12,000 ਕਰੋੜ ਰੁਪਏ ਪ੍ਰਾਪਤ ਹੋਏ ਹਨ। ਭਾਜਪਾ 1,200 ਕਰੋੜ ਰੁਪਏ ਦੀ ਬਕਾਇਆ ਰਕਮ ਨੂੰ 12,000 ਕਰੋੜ ਰੁਪਏ ਦਿਖਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਭਾਜਪਾ 1,200 ਕਰੋੜ ਰੁਪਏ ਦੀ ਬਕਾਇਆ ਰਕਮ 'ਚ ਇਕ ਬੇਲੋੜੀ ਜ਼ੀਰੋ ਜੋੜ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਸ ਵਾਰ ਪੰਜਾਬ 'ਚ ਆਏ ਹੜ੍ਹਾਂ ਨੇ ਵੱਡੇ ਪੱਧਰ 'ਤੇ ਜਾਨ-ਮਾਲ ਦਾ ਨੁਕਸਾਨ ਕੀਤਾ ਹੈ। ਕੇਂਦਰ ਸਰਕਾਰ ਨੇ ਪੰਜਾਬ ਨੂੰ ਸਿਰਫ਼ 1,600 ਕਰੋੜ ਰੁਪਏ



ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ ਹੈ, ਜੋ ਨਾਕਾਫੀ ਹੈ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਨੁਕਸਾਨ ਦੇ ਅੰਕੜਿਆਂ ਦੇ ਆਧਾਰ 'ਤੇ ਨੁਕਸਾਨ ਲੱਗਭਗ 13,800 ਕਰੋੜ ਰੁਪਏ ਹੈ। ਸੂਬਾ ਸਰਕਾਰ ਨੇ ਨੁਕਸਾਨ ਦਾ ਮੁਲਾਂਕਣ ਕਰਨ ਲਈ ਇਕ ਵਿਸ਼ੇਸ਼ ਸਰਵੇਖਣ ਦੇ ਹੁਕਮ ਦਿੱਤੇ ਹਨ। ਜਦੋਂ ਤੱਕ ਪੂਰੀਆਂ ਰਿਪੋਰਟਾਂ ਨਹੀਂ ਮਿਲਦੀਆਂ, ਇਹ ਕਹਿਣਾ ਮੁਸ਼ਕਿਲ ਹੈ ਕਿ ਪੰਜਾਬ ਨੂੰ ਅਸਲ 'ਚ ਕਿੰਨਾ ਨੁਕਸਾਨ ਹੋਇਆ ਹੈ। ਰਾਹੁਲ ਗਾਂਧੀ ਦੀ ਫੇਰੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਰਾਹੁਲ ਰਾਵੀ ਦਰਿਆ ਪਾਰ ਕਰਨਾ ਚਾਹੁੰਦੇ ਸਨ, ਜਿੱਥੋਂ ਪਾਕਿਸਤਾਨ ਦੀ ਸਰਹੱਦ 800 ਮੀਟਰ ਦੀ ਦੂਰੀ 'ਤੇ ਹੈ। ਅਜਿਹੀ ਸਥਿਤੀ ਵਿਚ ਰਾਹੁਲ ਗਾਂਧੀ ਦੀ ਸੁਰੱਖਿਆ ਨੂੰ ਜ਼ੋਖਮ ਵਿਚ ਪਾਉਣਾ ਸਹੀ ਨਹੀਂ ਸੀ।

### ਪਾਕਿ ਨੇ ਕੰਟਰੋਲ ਰੇਖਾ 'ਤੇ ਕੀਤੀ ਜੰਗਬੰਦੀ ਦੀ ਉਲੰਘਣਾ

ਕਸ਼ਮੀਰ, 23 ਸਤੰਬਰ। 'ਆਪ੍ਰੇਸ਼ਨ ਸਿੰਧੂਰ' ਤੋਂ ਬਾਅਦ ਪਾਕਿਸਤਾਨ ਨੇ ਜੰਮੂ-ਕਸ਼ਮੀਰ ਵਿਚ ਸਰਹੱਦ 'ਤੇ ਜੰਗਬੰਦੀ ਦੀ ਉਲੰਘਣਾ ਕੀਤੀ ਹੈ। ਸੂਤਰਾਂ ਮੁਤਾਬਕ ਪਾਕਿਸਤਾਨ ਨੇ ਲੀਪਾ ਘਾਟੀ ਦੇ ਹੰਦਵਾੜਾ ਅਤੇ ਕੁਪਵਾੜਾ 'ਚ ਜੰਗਬੰਦੀ ਦੀ ਉਲੰਘਣਾ ਕੀਤੀ ਗਈ। ਪਾਕਿਸਤਾਨ ਵੱਲੋਂ ਛੋਟੇ ਹਥਿਆਰਾਂ ਨਾਲ ਗੋਲੀਬਾਰੀ ਕਰਨ ਦੀ ਰਿਪੋਰਟ ਮਿਲੀ। ਅਧਿਕਾਰੀਆਂ ਨੇ ਦੱਸਿਆ ਕਿ ਇੱਥੇ ਅੰਤਰਰਾਸ਼ਟਰੀ ਸਰਹੱਦ ਦੇ ਪਾਕਿਸਤਾਨ ਵਾਲੇ ਪਾਸਿਓਂ ਇਕ ਡਰੋਨ ਆਉਂਦੇ ਦੇਖੇ ਜਾਣ ਤੋਂ ਬਾਅਦ ਬੀ. ਐੱਸ. ਐੱਫ. ਨੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਡਰੋਨ ਨੂੰ ਸ਼ਾਮ 7 ਵਜੇ ਦੇ ਕਰੀਬ ਆਰ. ਐੱਸ. ਪੁਰਾ ਸੈਕਟਰ ਦੇ ਜਾਜੋਵਾਲ ਪਿੰਡ ਦੇ ਨੇੜੇ ਸਰਹੱਦ ਪਾਰੋਂ ਭਾਰਤੀ ਖੇਤਰ 'ਚ ਉੱਡਦੇ ਦੇਖਿਆ ਗਿਆ। ਬੀ. ਐੱਸ. ਐੱਫ. ਦੇ ਜਵਾਨਾਂ ਨੇ ਤੁਰੰਤ ਚੱਕਰੋਈ ਅਤੇ ਜੁਗਨੂੰਚੱਕ ਸਰਹੱਦੀ ਚੌਕੀਆਂ ਅਧੀਨ ਆਉਂਦੇ ਇਲਾਕਿਆਂ 'ਚ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

## ਐੱਨਆਈਏ ਨੇ ਔਰਤਾਂ ਦੀ ਤਸਕਰੀ ਮਾਮਲੇ ਦੇ ਸ਼ੱਕੀਆਂ ਨੂੰ ਕੀਤਾ ਗ੍ਰਿਫ਼ਤਾਰ

ਕੋਲਕਾਤਾ 23 ਸਤੰਬਰ। ਰਾਸ਼ਟਰੀ ਜਾਂਚ ਏਜੰਸੀ (ਐੱਨਆਈਏ) ਨੇ ਪੱਛਮੀ ਬੰਗਾਲ ਦੇ ਉੱਤਰੀ 24 ਪਰਗਨਾ ਤੋਂ ਦੋ ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ 'ਤੇ ਬੰਗਲਾਦੇਸ਼ ਅੰਤਰਰਾਸ਼ਟਰੀ ਸਰਹੱਦ ਪਾਰ ਔਰਤਾਂ ਦੀ ਤਸਕਰੀ ਕਰਨ ਦਾ ਦੋਸ਼ ਹੈ। ਅਧਿਕਾਰਤ ਸੂਤਰਾਂ ਅਨੁਸਾਰ, ਓਡੀਸ਼ਾ ਦੇ ਐੱਨਆਈਏ ਅਧਿਕਾਰੀਆਂ ਦੀ ਇੱਕ ਟੀਮ ਅਤੇ ਵਿਸ਼ੇਸ਼ ਟਾਸਕ ਫੋਰਸ ਨੇ ਮਨੁੱਖੀ ਤਸਕਰੀ ਦੇ ਇੱਕ ਮਾਮਲੇ ਦੇ ਸਬੰਧ ਵਿੱਚ ਪੈਟਰਾਪੋਲ ਦੇ ਡਿੰਗਾ ਮਲਿਕ ਖੇਤਰ ਅਤੇ ਉੱਤਰੀ 24 ਪਰਗਨਾ ਦੇ ਗਾਈਘਾਟ ਵਿੱਚ ਕਈ ਥਾਵਾਂ 'ਤੇ ਸਾਂਝੇ ਤੌਰ 'ਤੇ ਛਾਪੇਮਾਰੀ ਕੀਤੀ। ਇਨ੍ਹਾਂ ਛਾਪਿਆਂ ਦੌਰਾਨ, ਸੰਯੁਕਤ ਟੀਮ ਨੇ ਕਰੰਸੀ ਐਕਸਚੇਂਜ ਆਪਰੇਟਰ ਅਮੀਰ ਅਲੀ ਸ਼ੇਖ ਅਤੇ




ਟੈਕਸਟਾਈਲ ਕਾਰੋਬਾਰੀ ਅਮਲ ਕ੍ਰਿਸ਼ਨ ਮੰਡਲ ਨੂੰ ਹਿਰਾਸਤ ਵਿੱਚ ਲਿਆ। ਪੈਟਰਾਪੋਲ ਪੁਲਸ ਸਟੇਸ਼ਨ 'ਚ 14 ਘੰਟਿਆਂ ਤੋਂ ਵੱਧ ਪੁੱਛਗਿੱਛ ਤੋਂ ਬਾਅਦ, ਐੱਨਆਈਏ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਅੱਗੇ ਦੀ ਨਿਆਂਇਕ ਕਾਰਵਾਈ ਲਈ ਕੋਲਕਾਤਾ ਲਿਆਂਦਾ। ਸੂਤਰਾਂ ਅਨੁਸਾਰ ਐੱਨਆਈਏ ਨੇ ਮਨੁੱਖੀ ਤਸਕਰੀ ਦੇ ਮਾਮਲੇ ਦੇ ਸਬੰਧ ਵਿੱਚ ਬੰਗਾਲ ਦੇ ਉੱਤਰੀ 24 ਪਰਗਨਾ ਜ਼ਿਲ੍ਹੇ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਛਾਪੇਮਾਰੀ ਕੀਤੀ। ਇਹ ਧਿਆਨ ਦੇਣ ਯੋਗ ਹੈ ਕਿ ਉੱਤਰੀ 24 ਪਰਗਨਾ ਦੇ ਸਰਹੱਦੀ ਖੇਤਰ ਵਿੱਚ ਸਥਿਤ ਬਨਗਾਓਂ ਮਨੁੱਖੀ ਤਸਕਰੀ ਦਾ ਇੱਕ ਵੱਡਾ ਕੇਂਦਰ ਹੈ, ਕਿਉਂਕਿ ਤਸਕਰ ਸਰਹੱਦ ਦੇ ਦੋਵੇਂ ਪਾਸੇ ਘੁਸਪੈਠ ਕਰਨ ਦੇ ਯੋਗ ਹੁੰਦੇ ਹਨ। ਇੱਥੋਂ, ਔਰਤਾਂ ਨੂੰ ਰਾਜਸਥਾਨ, ਮੱਧ ਪ੍ਰਦੇਸ਼ ਤੇ ਦਿੱਲੀ ਸਮੇਤ ਹੋਰ ਥਾਵਾਂ 'ਤੇ ਮਹਿੰਗੇ ਭਾਅ 'ਤੇ ਵੇਚਿਆ ਜਾਂਦਾ ਹੈ।

## ਪ੍ਰਧਾਨ ਮੰਤਰੀ ਮੋਦੀ ਅਸੰਭਵ ਨੂੰ ਸੰਭਵ ਬਣਾ ਦਿੰਦੇ ਹਨ : ਉਪ ਰਾਸ਼ਟਰਪਤੀ ਰਾਧਾਕ੍ਰਿਸ਼ਨਨ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 23 ਸਤੰਬਰ। ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ, ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਅਤੇ ਚੀਨੀ ਨੇਤਾ ਸ਼ੀ ਜਿਨਪਿੰਗ ਸਮੇਤ ਵਿਸ਼ਵ ਨੇਤਾਵਾਂ ਨਾਲ ਸਬੰਧਾਂ ਨੂੰ ਉਜਾਗਰ ਕਰਦੇ ਹੋਏ ਸੋਮਵਾਰ ਨੂੰ ਕਿਹਾ ਕਿ ਮੋਦੀ ਅਸੰਭਵ ਨੂੰ ਸੰਭਵ ਬਣਾ ਸਕਦੇ ਹਨ। ਪ੍ਰਧਾਨ ਮੰਤਰੀ ਦੇ ਭਾਸ਼ਣਾਂ ਦੀਆਂ ਦੋ ਕਿਤਾਬਾਂ ਦੇ ਲਾਂਚ ਮੌਕੇ ਸੰਬੋਧਨ ਕਰਦਿਆਂ ਉਪ ਰਾਸ਼ਟਰਪਤੀ ਨੇ ਕਿਹਾ ਕਿ ਅਮਰੀਕਾ ਵੱਲੋਂ ਭਾਰਤ 'ਤੇ 50 ਫ਼ੀਸਦੀ ਟੈਰਿਫ ਲਗਾਉਣ ਦੇ ਬਾਵਜੂਦ ਟਰੰਪ ਨੇ ਹਮੇਸ਼ਾ ਮੋਦੀ ਨੂੰ ਆਪਣਾ ਚੰਗਾ ਦੋਸਤ ਦੱਸਿਆ ਹੈ। ਉਪ ਰਾਸ਼ਟਰਪਤੀ ਨੇ ਕਿਹਾ ਕਿ ਇਸੇ ਤਰ੍ਹਾਂ ਅੰਤਰਰਾਸ਼ਟਰੀ ਰਾਜਨੀਤੀ ਵਿੱਚ ਮਤਭੇਦਾਂ ਦੇ ਬਾਵਜੂਦ ਚੀਨੀ ਰਾਸ਼ਟਰਪਤੀ ਦੇ ਪ੍ਰਧਾਨ ਮੰਤਰੀ ਮੋਦੀ ਨਾਲ ਵੀ ਚੰਗੇ ਸਬੰਧ ਹਨ। ਉਪ ਰਾਸ਼ਟਰਪਤੀ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਆਪਣੇ ਪਹਿਲੇ ਜਨਤਕ ਸਮਾਗਮ ਨੂੰ ਸੰਬੋਧਨ ਕਰਦਿਆਂ ਰਾਧਾਕ੍ਰਿਸ਼ਨਨ ਨੇ ਕਿਹਾ, ਅਮਰੀਕਾ ਨੇ ਭਾਰਤ 'ਤੇ 50 ਪ੍ਰਤੀਸ਼ਤ ਟੈਰਿਫ ਲਗਾਇਆ ਹੈ ਪਰ ਟਰੰਪ ਹਮੇਸ਼ਾ ਕਹਿੰਦਾ ਹੈ ਕਿ ਮੋਦੀ ਜੀ ਉਨ੍ਹਾਂ ਦੇ ਚੰਗੇ ਦੋਸਤ ਹਨ। ਅਜਿਹੀ ਸਥਿਤੀ ਵਿੱਚ ਵੀ ਉਨ੍ਹਾਂ ਨੇ ਕਦੇ ਨਹੀਂ ਕਿਹਾ ਕਿ ਉਹ ਮੋਦੀ ਦੇ ਵਿਰੁੱਧ ਹਨ। ਉਹ ਹਮੇਸ਼ਾ ਕਹਿੰਦੇ ਹਨ ਕਿ ਉਹ ਮੋਦੀ ਦੇ ਨਾਲ ਹਨ। ਰਾਧਾਕ੍ਰਿਸ਼ਨਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਰੂਸੀ ਰਾਸ਼ਟਰਪਤੀ (ਵਲਾਦੀਮੀਰ) ਪੁਤਿਨ ਦੇ ਵੀ ਬਹੁਤ ਚੰਗੇ ਦੋਸਤ ਹਨ। ਉਨ੍ਹਾਂ ਕਿਹਾ, ...ਨਾਲ ਹੀ, ਅੰਤਰਰਾਸ਼ਟਰੀ ਰਾਜਨੀਤੀ ਵਿੱਚ ਅੰਤਰ ਦੇ ਬਾਵਜੂਦ, ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਵੀ ਮੋਦੀ ਜੀ ਦੇ ਚੰਗੇ ਦੋਸਤ ਹਨ। ਅਸੀਂ ਅੱਜ ਇਹ ਦੇਖਿਆ। ਉਪ ਰਾਸ਼ਟਰਪਤੀ ਨੇ ਕਿਹਾ, ਇਸੇ ਕਰਕੇ ਉਹ (ਪ੍ਰਧਾਨ



ਮੰਤਰੀ ਮੋਦੀ) ਅਸੰਭਵ ਨੂੰ ਸੰਭਵ ਬਣਾਉਂਦੇ ਹਨ। ਮੋਦੀ ਦੇ ਦ੍ਰਿਸ਼ਟੀਕੋਣ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਲੋਕਾਂ ਲਈ ਇਮਾਨਦਾਰੀ ਨਾਲ ਕੰਮ ਕਰਦੇ ਹਨ ਅਤੇ ਬਦਲੇ ਵਿੱਚ ਕੁਝ ਵੀ ਉਮੀਦ ਨਹੀਂ ਰੱਖਦੇ। ਸਮਾਗਮ ਨੂੰ ਸੰਬੋਧਨ ਕਰਦਿਆਂ, ਰਾਜ ਸਭਾ ਦੇ ਡਿਪਟੀ ਚੇਅਰਮੈਨ ਹਰੀਵੰਸ਼ ਨੇ ਕਿਹਾ ਕਿ ਪ੍ਰਧਾਨ ਮੰਤਰੀ ਲੋਕਾਂ ਦੀ ਭਾਸ਼ਾ ਬੋਲਦੇ ਹਨ ਅਤੇ ਉਨ੍ਹਾਂ ਲਈ ਬੋਲਦੇ ਹਨ। ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਜਦੋਂ ਸਰਕਾਰੀ ਯੋਜਨਾਵਾਂ ਪਹਿਲੀ ਵਾਰ ਸ਼ੁਰੂ ਕੀਤੀਆਂ ਗਈਆਂ ਸਨ, ਤਾਂ ਉਹ ਬੈਂਡ-ਏਡ (ਸਿਰਫ਼ ਤੁਰੰਤ ਰਾਹਤ ਪ੍ਰਦਾਨ ਕਰਨ) ਵਜੋਂ ਕੰਮ ਕਰਦੀਆਂ ਸਨ। ਹਾਲਾਂਕਿ ਮੋਦੀ ਦੇ ਸੱਤਾ ਵਿੱਚ ਆਉਣ ਤੋਂ ਬਾਅਦ, ਉਨ੍ਹਾਂ ਨੇ ਯੋਜਨਾਵਾਂ ਦੇ ਵਿਆਪਕ ਪ੍ਰਚਾਰ ਰਾਹੀਂ ਲੋਕਾਂ ਦੀ ਮਾਨਸਿਕਤਾ ਬਦਲ ਦਿੱਤੀ। ਕੇਂਦਰੀ ਮੰਤਰੀ ਨੇ ਕਿਹਾ ਕਿ ਮੋਦੀ ਰਾਜਨੀਤੀ ਨੂੰ ਜਨਤਕ ਸੇਵਾ ਲਈ ਵਰਤਦੇ ਹਨ ਅਤੇ ਉਨ੍ਹਾਂ ਦਾ ਹਰ ਫੈਸਲਾ ਸਮਾਜ ਦੀ ਭਲਾਈ ਨੂੰ ਧਿਆਨ ਵਿੱਚ ਰੱਖ ਕੇ ਲਿਆ ਜਾਂਦਾ ਹੈ।

# ਮਾਮੂਲੀ ਤਕਰਾਰ ਨੇ ਧਾਰਿਆ ਖ਼ੂਨੀ ਰੂਪ, ਬਜ਼ੁਰਗ ਔਰਤ ਦੀ ਮੌਤ

ਤਰਨਤਾਰਨ 23 ਸਤੰਬਰ। ਤੂੜੀ ਨਾਲ ਫਸਲ ਖਰਾਬ ਹੋਣ ਦੇ ਦੌਰਾਨ ਦੋ ਧਿਰਾਂ ਵਿਚ ਵਿਵਾਦ ਛਿੜ ਗਿਆ, ਜਿਸ ਦੌਰਾਨ ਇਕ ਬਜ਼ੁਰਗ ਮਾਤਾ ਨੂੰ ਗੰਭੀਰ ਸੱਟਾਂ ਲਗਾਉਂਦੇ ਹੋਏ ਜ਼ਖਮੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਤੋਂ ਬਾਅਦ ਹਸਪਤਾਲ ਵਿਚ ਇਲਾਜ ਦੌਰਾਨ ਬਜ਼ੁਰਗ ਮਾਤਾ ਦੀ ਮੌਤ ਹੋ ਗਈ। ਇਸ ਮਾਮਲੇ ਵਿਚ ਥਾਣਾ ਖਾਲੜਾ ਦੀ ਪੁਲਸ ਵੱਲੋਂ 4 ਵਿਅਕਤੀਆਂ ਨੂੰ ਨਾਮਜ਼ਦ ਕਰਦੇ ਹੋਏ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਦੇ ਅਨੁਸਾਰ ਸੁਖਵਿੰਦਰ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਵਾਂ ਤਾਰਾ ਸਿੰਘ ਵੱਲੋਂ ਆਪਣੀ ਤੂੜੀ ਕਿਸੇ ਵਿਅਕਤੀ ਨੂੰ ਵੇਚੀ ਗਈ ਸੀ, ਜਿਸ ਦੇ ਚੱਲਦਿਆਂ ਬੀਤੀ 13 ਸਤੰਬਰ ਨੂੰ ਸਬੰਧਤ ਵਿਅਕਤੀ ਜਦੋਂ ਤੂੜੀ ਟਰੱਕ ਵਿਚ ਲੱਦ ਰਹੇ ਸਨ ਤਾਂ ਤੂੜੀ ਉੱਡ ਕੇ ਹਰਪਾਲ ਸਿੰਘ ਪੁੱਤਰ ਬਲਕਾਰ ਸਿੰਘ ਦੇ ਖੇਤਾਂ ਵਿਚ ਪੈ ਰਹੀ ਸੀ, ਜਿਸ ਦਾ ਉਸ ਵੱਲੋਂ ਫਸਲ ਖਰਾਬ ਹੋਣ ਦਾ ਹਵਾਲਾ ਦਿੰਦੇ ਹੋਏ ਵਿਰੋਧ ਕੀਤਾ ਗਿਆ। ਇਸ ਗੱਲ ਨੂੰ ਲੈ ਕੇ ਸੁਖਵਿੰਦਰ ਸਿੰਘ ਅਤੇ ਉਸਦੇ ਪਰਿਵਾਰਕ ਮੈਂਬਰਾਂ ਵੱਲੋਂ ਉਨ੍ਹਾਂ ਨਾਲ ਝਗੜਾ ਕੀਤਾ ਗਿਆ। ਇਸ ਸਬੰਧੀ ਹੋਏ ਤਕਰਾਰ ਦੀ ਵੀਡੀਓ ਸੋਸ਼ਲ ਮੀਡੀਆ ਉਪਰ ਵੀ ਵਾਇਰਲ ਹੋ ਗਈ। ਅਗਲੇ ਦਿਨ 14 ਸਤੰਬਰ ਦੀ ਸਵੇਰ ਕਰੀਬ 6.30 ਵਜੇ ਜਦੋਂ ਉਸਦੀ ਮਾਤਾ ਬਲਵਿੰਦਰ ਕੌਰ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਜਾ ਰਹੇ ਸਨ ਤਾਂ ਰਸਤੇ ਵਿਚ ਸੁਖਵਿੰਦਰ ਸਿੰਘ ਅਤੇ ਇਸ ਦੇ ਪਰਿਵਾਰਕ ਮੈਂਬਰਾਂ ਵੱਲੋਂ ਮਾਰਕੁੱਟ ਕਰਦੇ ਹੋਏ ਮਾਤਾ ਨੂੰ ਜ਼ਖਮੀ ਕਰ ਦਿੱਤਾ ਗਿਆ, ਜਿਨ੍ਹਾਂ ਨੂੰ ਤੁਰੰਤ ਸਰਕਾਰੀ ਹਸਪਤਾਲ ਪੱਟੀ ਵਿਖੇ ਦਾਖਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦੀ ਮੌਤ ਹੋ ਗਈ। ਹਰਪਾਲ ਸਿੰਘ ਨੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਸੁਖਵਿੰਦਰ ਸਿੰਘ ਦੇ ਪਰਿਵਾਰਕ ਮੈਂਬਰ ਸਰਕਾਰ ਵਿਚ ਵੱਡੀ ਪਹੁੰਚ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੂੰ



ਧਮਕੀਆਂ ਦੇ ਰਹੇ ਸਨ। ਜਿਸ ਦੇ ਚੱਲਦਿਆਂ ਉਹ ਜ਼ਿਲੇ ਦੇ ਐੱਸ.ਐੱਸ.ਪੀ ਪਾਸੋਂ ਇਨਸਾਫ ਦੀ ਗੁਹਾਰ ਲਗਾਉਂਦੇ ਹੋਏ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਅਤੇ ਗ੍ਰਿਫਤਾਰੀ ਦੀ ਮੰਗ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਖਾਲੜਾ ਦੇ ਇੰਸਪੈਕਟਰ ਰਣਜੀਤ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਹਰਪਾਲ ਸਿੰਘ ਦੇ ਬਿਆਨਾਂ ਹੇਠ ਸੁਖਵਿੰਦਰ ਸਿੰਘ ਪੁੱਤਰ ਬਲਵੀਰ ਸਿੰਘ, ਮਨਜੀਤ ਕੌਰ ਪਤਨੀ ਬਲਵੀਰ ਸਿੰਘ, ਸਾਜਨ ਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਅਤੇ ਨਵਪ੍ਰੀਤ ਕੌਰ ਪੁੱਤਰੀ ਸੁਖਵਿੰਦਰ ਸਿੰਘ ਵਾਸੀਆਨ ਪਿੰਡ ਵਾਂ ਤਾਰਾ ਸਿੰਘ ਦੇ ਖਿਲਾਫ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਹਥਿਆਰਬੰਦ ਨੌਜਵਾਨਾਂ ਨੇ ਦੁਕਾਨਦਾਰ ਤੋਂ ਮੋਬਾਈਲ ਤੇ ਨਕਦੀ ਖੋਹੀ

ਤਰਨਤਾਰਨ 23 ਸਤੰਬਰ। ਸਥਾਨਕ ਮੁਹੱਲਾ ਮੁਰਾਦਪੁਰ ਵਿਖੇ ਬੀਤੀ ਸ਼ਾਮ ਮੋਟਰ ਸਾਈਕਲ ਸਵਾਰ ਹਥਿਆਰਬੰਦ ਨੌਜਵਾਨਾਂ ਵੱਲੋਂ ਇਕ ਦੁਕਾਨ ਵਿਚ ਦਾਖ਼ਲ ਹੋ ਕੇ ਦੁਕਾਨਦਾਰ ਦਾ ਮੋਬਾਈਲ ਅਤੇ ਦੋ ਹਜ਼ਾਰ ਦੀ ਨਕਦੀ ਖੋਹ ਕੇ ਲੈ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੇ ਅਣਪਛਾਤੇ ਮੁਲਜ਼ਮਾਂ ਦੇ ਵਿਰੁੱਧ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਰਜ ਕਰਵਾਏ ਬਿਆਨ 'ਚ ਮੁਕੇਸ਼ ਕੁਮਾਰ ਪੁੱਤਰ ਲਹੌਰੀ ਰਾਮ ਵਾਸੀ ਰਾਮਦੇਵ ਕਾਲੋਨੀ ਮੁਰਾਦਪੁਰ ਨੇ ਦੱਸਿਆ ਕਿ ਬੀਤੀ ਸ਼ਾਮ ਉਹ ਆਪਣੀ ਦੁਕਾਨ 'ਤੇ ਮੌਜੂਦ ਸੀ ਤਾਂ ਵਕਤ ਕਰੀਬ 6 ਵਜੇ ਸ਼ਾਮ ਨਕਦੀ ਖੋਹ ਕੇ ਲੈ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੇ ਅਣਪਛਾਤੇ ਤਿੰਨ ਮੋਟਰ ਸਾਈਕਲਾਂ 'ਤੇ ਸਵਾਰ ਹੋ ਕੇ 6 ਅਣਪਛਾਤੇ ਨੌਜਵਾਨ ਹਥਿਆਰਾਂ ਨਾਲ ਲੈਸ ਹੋ ਕੇ ਉਸ ਦੀ ਦੁਕਾਨ 'ਚ ਆਏ ਅਤੇ ਕਿਰਪਾਨਾਂ ਤੇ ਦਾਤਰ ਦਾ ਡਰਾਵਾ ਦੇ ਕੇ ਉਸ ਦਾ ਮੋਬਾਈਲ ਖੋਹ ਲਿਆ ਅਤੇ ਦੁਕਾਨ 'ਚ ਪਏ ਕਾਊਂਟਰ ਦੇ ਗੱਲੇ 'ਚੋਂ 2 ਹਜ਼ਾਰ ਰੁਪਏ ਦੀ ਨਕਦੀ ਕੱਢ ਕੇ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ। ਓਧਰ ਏ.ਐੱਸ.ਆਈ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਅਣਪਛਾਤੇ ਮੁਲਜ਼ਮਾਂ ਵਿਰੁੱਧ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਪੰਜਾਬ ਰਾਜ ਖ਼ੁਰਾਕ ਕਮਿਸ਼ਨ ਵੱਲੋਂ ਸੋਸ਼ਲ ਆਡਿਟ, ਹੜ੍ਹਾਂ ਦੇ ਪ੍ਰਭਾਵ ਬਾਰੇ ਵਿਸਥਾਰਿਤ ਚਰਚਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ 23 ਸਤੰਬਰ। ਸੂਬੇ ਵਿਚ ਪੋਸ਼ਣ ਯੋਜਨਾਵਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਨਿਗਰਾਨੀ ਅਤੇ ਲਾਗੂ ਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਖ਼ੁਰਾਕ ਕਮਿਸ਼ਨ ਵੱਲੋਂ ਸੈਕਟਰ-26, ਚੰਡੀਗੜ੍ਹ ਸਥਿਤ ਆਪਣੇ ਮੁੱਖ ਦਫ਼ਤਰ ਵਿਖੇ ਬਾਲ ਮੁਕੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਦੇ ਏਜੰਡੇ ਵਿਚ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੁਆਰਾ ਮਿਡ-ਡੇ ਮੀਲ (ਪ੍ਰਧਾਨ ਮੰਤਰੀ ਪੋਸ਼ਣ ਯੋਜਨਾ) ਦੇ ਸੋਸ਼ਲ ਆਡਿਟ 'ਤੇ ਵਿਸਤ੍ਰਿਤ ਚਰਚਾ ਸ਼ਾਮਿਲ ਸੀ। ਕਮਿਸ਼ਨ ਵੱਲੋਂ ਵਿੱਤੀ ਸਾਲ 2025-26 ਵਿਚ ਅਮਲ 'ਚ ਲਿਆਂਦੇ ਜਾਣ ਵਾਲੇ ਨਵੇਂ ਸਟੱਡੀ ਪ੍ਰੋਜੈਕਟਾਂ ਸਬੰਧੀ ਪ੍ਰਸਤਾਵਾਂ ਦੀ ਸਮੀਖਿਆ ਵੀ ਕੀਤੀ ਗਈ। ਇਸ ਦੌਰਾਨ ਸਮਾਜਿਕ ਸੁਰੱਖਿਆ ਵਿਭਾਗ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਆਂਗਣਵਾੜੀ ਕੇਂਦਰਾਂ ਨੂੰ ਹੋਏ ਨੁਕਸਾਨ ਬਾਰੇ ਰਿਪੋਰਟਾਂ ਜਮ?ਹਾਂ ਕਰਾਉਣ ਲਈ ਕਿਹਾ ਗਿਆ। ਇਸੇ ਦੇ ਨਾਲ ਹੀ ਸਰਕਾਰੀ ਸਕੂਲ ਦੇ ਮਿਡ-ਡੇ ਮੀਲ ਪ੍ਰਬੰਧਕਾਂ ਨੂੰ ਹੜ੍ਹਾਂ ਤੋਂ ਪ੍ਰਭਾਵਿਤ ਸਕੂਲਾਂ ਦੀ ਸਥਿਤੀ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਵੀ ਕਿਹਾ ਗਿਆ। ਇਸ ਤੋਂ ਇਲਾਵਾ ਸਿੱਖਿਆ ਵਿਭਾਗ ਨੂੰ ਸਕੂਲ ਸਿਹਤ ਪ੍ਰੋਗਰਾਮ ਦਾ ਢੁਕਵਾਂ ਅਧਿਐਨ ਕਰਨ ਦੀ ਬੇਨਤੀ ਕੀਤੀ ਗਈ। ਇਸਦੇ ਨਾਲ ਹੀ ਕਮਿਸ਼ਨ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਨੂੰ ਤਰਜੀਹ ਦੇਣ ਅਤੇ ਕਣਕ ਦੇ ਬੀਜ, ਡੀਏਪੀ, ਯੂਰੀਆ ਅਤੇ ਹੋਰ ਮਹੱਤਵਪੂਰਨ ਸਮੱਗਰੀ ਦੀ ਸਮੇਂ ਸਿਰ ਸਪਲਾਈ ਯਕੀਨੀ



ਬਣਾਉਣ ਸਬੰਧੀ ਖੇਤੀਬਾੜੀ ਵਿਭਾਗ ਨੂੰ ਪੱਤਰ ਲਿਖਣ ਦਾ ਫੈਸਲਾ ਕੀਤਾ। ਮੀਟਿੰਗ ਵਿਚ 19 ਤੋਂ 21 ਅਗਸਤ, 2025 ਤੱਕ ਕੀਤੇ ਗਏ ਤੇਲੰਗਾਨਾ ਰਾਜ ਖੁਰਾਕ ਕਮਿਸ਼ਨ ਦੇ ਅਧਿਐਨ ਦੌਰੇ ਦੀ ਰਿਪੋਰਟ ਵੀ ਪੇਸ਼ ਕੀਤੀ ਗਈ। ਇਸ ਦੌਰਾਨ ਪੰਜਾਬ ਦੇ ਪੋਸ਼ਣ ਅਤੇ ਨਿਗਰਾਨ ਢਾਂਚੇ ਨੂੰ ਮਜ਼ਬੂਤ ??ਕਰਨ ਲਈ ਤੇਲੰਗਾਨਾ ਵਿਚ ਅਪਣਾਏ ਜਾ ਰਹੇ ਕੁਝ ਬਿਹਤਰੀ ਅਭਿਆਸਾਂ ਨੂੰ ਅਪਣਾਉਣ ਬਾਰੇ ਸੁਝਾਅ ਦਿੱਤੇ ਗਏ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਕਮਿਸ਼ਨ ਦੇ ਮੈਂਬਰ ਵਿਜੇ ਦੱਤ, ਚੇਤਨ ਪ੍ਰਕਾਸ਼ ਧਾਲੀਵਾਲ, ਜਸਵੀਰ ਸਿੰਘ ਸੇਖੋਂ ਅਤੇ ਮੈਂਬਰ ਸਕੱਤਰ ਸ਼੍ਰੀਮਤੀ ਕਨੂੰ ਥਿੰਦ ਸ਼ਾਮਲ ਸਨ।

## ਬੀਮਾਰ ਸਹੁਰੇ ਦਾ ਹਾਲ-ਚਾਲ ਪੁੱਛਣ ਆਏ ਜਵਾਈ ਦੀ ਕੀਤੀ ਕੁੱਟਮਾਰ

ਫਿਰੋਜ਼ਪੁਰ 23 ਸਤੰਬਰ। ਆਪਣੇ ਬੀਮਾਰ ਸਹੁਰੇ ਦਾ ਹਾਲ-ਚਾਲ ਪੁੱਛਣ ਆਏ ਜਵਾਈ ਦੀ ਕੁੱਟਮਾਰ ਕਰਨ ਦੇ ਦੋਸ਼ 'ਚ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ 6 ਲੋਕਾਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਸਿਵਲ ਹਸਪਤਾਲ ਫਿਰੋਜ਼ਪੁਰ 'ਚ ਪੁਲਸ ਨੂੰ ਦਿੱਤੇ ਬਿਆਨ 'ਚ ਸ਼ਿਕਾਇਤਕਰਤਾ ਰਣਜੀਤ ਸਿੰਘ ਪੁੱਤਰ ਸਰਵਨ ਸਿੰਘ ਵਾਸੀ ਪਿੰਡ ਸੁਰ ਸਿੰਘ ਵਾਲਾ ਨੇ ਦੋਸ਼ ਲਾਇਆ ਕਿ ਉਹ ਆਪਣੇ ਪਰਿਵਾਰ ਨਾਲ ਪਿੰਡ ਰੋਡੇ




ਵਾਲਾ 'ਚ ਆਪਣੇ ਬੀਮਾਰ ਸਹੁਰੇ ਦੀ ਸਿਹਤ ਦਾ ਹਾਲ-ਚਾਲ ਪੁੱਛਣ ਆਇਆ ਸੀ। ਜਦੋਂ ਉਹ ਆਪਣੇ ਸਹੁਰੇ ਘਰ ਗਿਆ ਤਾਂ ਉਸ ਨੇ ਦੇਖਿਆ ਕਿ ਉਸ ਦੇ ਸਹੁਰੇ ਦੇ ਸੱਟ ਲੱਗੀ ਹੋਈ ਸੀ ਅਤੇ ਸ਼ਿਕਾਇਤਕਰਤਾ ਨੇ ਜਦ ਪੁੱਛਿਆ ਕਿ ਉਸ ਦੇ ਸਹੁਰੇ ਦੇ ਸੱਟ ਕਿਵੇਂ ਲੱਗੀ ਹੈ ਤਾਂ ਤਰਸੇਮ ਸਿੰਘ, ਹਰਪ੍ਰੀਤ ਸਿੰਘ ਉਰਫ ਹੈਪੀ, ਮਨਜੀਤ ਕੌਰ, ਗੁਰਮੇਜ ਸਿੰਘ ਵਾਸੀ ਬਾਰੇ ਕੇ, ਗੁਰਮੀਤ ਸਿੰਘ ਵਾਸੀ ਪੀਰੂ ਵਾਲਾ ਅਤੇ ਇਕ ਅਣਪਛਾਤੇ ਵਿਅਕਤੀ ਨੇ ਗੁੱਸੇ 'ਚ ਆ ਕੇ ਸ਼ਿਕਾਇਤਕਰਤਾ 'ਤੇ ਆਪਣੇ ਹਥਿਆਰ ਨਾਲ ਮਾਰ ਦੇਣ ਦੀ ਨੀਅਤ 'ਤੇ ਉਸ ਤੇ ਹਮਲਾ ਕਰ ਦਿੱਤਾ ਅਤੇ ਉਸ ਦੀ ਕੁੱਟਮਾਰ ਕੀਤੀ ਅਤੇ ਲੋਕਾਂ ਨੂੰ ਇਕੱਠਾ ਹੁੰਦੇ ਦੇਖ ਕੇ ਉਹ ਆਪਣੇ ਹਥਿਆਰਾਂ ਸਮੇਤ ਉਥੋਂ ਭੱਜ ਗਏ। ਏ. ਐੱਸ. ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਨਾਮਜ਼ਦ ਮੁਲਜ਼ਮਾਂ ਖ਼?ਲਾਫ਼ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਈਵੀਐਮ ਵੋਟ ਪੱਤਰਾਂ ਨੂੰ ਵੱਧ ਪੜਨਯੋਗ ਬਨਾਉਣ ਲਈ ਚੋਣ ਕਮਿਸ਼ਨ ਨੇ ਦਿਸ਼ਾ-ਨਿਰਦੇਸ਼ਾਂ ਵਿੱਚ ਕੀਤਾ ਸੋਧ - ਏ. ਸ਼ਰੀਨਿਵਾਸ

ਚੰਡੀਗੜ੍ਹ, 23 ਸਤੰਬਰ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ਼?ਰੀਨਿਵਾਸ ਨੇ ਦਸਿਆ ਕਿ ਭਾਰਤ ਚੋਣ ਕਮਿਸ਼ਨ (ਈਸੀਆਈ) ਨੇ ਈਵੀਐਮ ਵੋਟ ਪੱਤਰਾਂ ਦੀ ਸਪਸ਼ਟਤਾ ਅਤੇ ਪੜਨਯੋਗਤਾ ਨੂੰ ਵਧਾਉਣ ਲਈ ਚੋਣ ਸੰਚਾਲਨ ਨਿਯਮ, 1961 ਦੇ ਨਿਯਮ 49ਵੀਂ ਤਹਿਤ ਈਵੀਐਮ ਵੋਟ ਪੱਤਰਾਂ ਦੇ ਡਿਜਾਇਨ ਅਤੇ ਪ੍ਰਿੰਟਿੰਗ ਤਹਿਤ ਮੌਜੂਦਾ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਕੀਤਾ ਹੈ। ਉਨ੍ਹਾਂ ਨੇ ਦਸਿਆ ਕਿ ਇਹ ਪਹਿਲ ਚੋਣ ਪ੍ਰਕ੍ਰਿਆਵਾਂ ਨੂੰ ਸਹੀ ਢੰਗ ਅਤੇ ਬਿਹਤਰ ਬਨਾਉਣ ਅਤੇ ਵੋਟਰਾਂ ਦੀ ਸਹੂਲਤ ਵਧਾਉਣ ਲਈ ਪਿਛਲੇ 6 ਮਹੀਨਿਆਂ ਵਿੱਚ ਈਸੀਆਈ ਵੱਲੋਂ ਪਹਿਲਾਂ ਹੀ ਕੀਤੀ ਜਾ ਚੁੱਕੀ 28 ਪਹਿਲਾਂ ਦੇ ਅਨੁਰੂਪ ਹੈ। ਹੁਣ ਤੋਂ, ਈਵੀਐਮ ਵੋਟ ਪੱਤਰ 'ਤੇ ਉਮੀਦਵਾਰਾਂ ਦੀ ਤਸਵੀਰ ਰੰਗੀਨ ਛਪੀ ਹੋਵੇਗੀ ਅਤੇ ਬਿਹਤਰ ਵਿਜੀਬਿਲਿਟੀ ਲਹੀ ਉਮੀਦਵਾਰ ਦਾ ਚਿਹਰਾ ਫੋਟੋ ਦੇ ਤਿੰਨ-ਚੌਥਾਈ ਹਿੱਸੇ 'ਤੇ ਹੋਵੇਗਾ। ਸ੍ਰੀ ਏ. ਸ਼?ਰੀਨਿਵਾਸ ਨੇ ਦਸਿਆ ਕਿ ਉਮੀਦਵਾਰਾਂ/ਨੋਟਾ ਦੇ ਕ੍ਰਮ ਭਾਰਤੀ ਨੰਬਰਾਂ ਦੇ ਕੌਮਾਂਤਰੀ ਰੂਪ ਵਿੱਚ ਪ੍ਰਿੰਟ ਕੀਤੇ ਜਾਣਗੇ ਅਤੇ ਸਪਸ਼ਟਾ ਲਈ ਫਾਂਟ ਦਾ ਆਕਾਰ 30 ਹੋਵੇਗਾ ਅਤੇ ਬੋਲਡ ਵਿੱਚ ਹੋਵੇਗਾ। ਇਕਰੂਪਤਾ ਯਕੀਨੀ ਕਰਨ ਲਈ, ਸਾਰੇ ਉਮੀਦਵਾਰਾਂ/ਨੋਟਾ ਦੇ ਨਾਮ ਇੱਕ ਹੀ ਫਾਂਟ ਤਰ੍ਹਾ ਅਤੇ ਫਾਂਨ ਆਕਾਰ ਵਿੱਚ ਪ੍ਰਿੰਟ ਕੀਤੇ ਜਾਣਗੇ ਤਾਂ ਜੋ ਆਸਾਨੀ ਨਾਲ ਪੜਿਆ ਜਾ ਸਕੇ। ਉਨ੍ਹਾਂ ਨੇ ਦਸਿਆ ਕਿ ਈਵੀਐਮ ਵੋਟਪੱਤਰ 70 ਜੀਐਸਐਮ ਕਾਗਜ਼ 'ਤੇ ਪਿ?ਰੰਟ ਕੀਤੇ ਜਾਣਗੇ। ਵਿਧਾਨਸਭਾ ਚੋਣ ਲਹੀ, ਨਿਰਦੇਸ਼ ਆਰਜੀਬੀ ਮਾਨ ਵਾਲੇ ਗੁਲਾਬੀ ਰੰਗ ਦੇ ਕਾਗਜ਼ ਦੀ ਵਰਤੋ ਕੀਤੀ ਜਾਵੇਗੀ। ਅਗਾਮੀ ਚੋਣ ਵਿੱਚ ਉਕਤ ਈਵੀਐਮ ਵੋਟਪੱਤਰਾਂ ਦੀ ਵਰਤੋ ਕੀਤੀ ਜਾਵੇਗੀ, ਜਿਸ ਦੀ ਸ਼ੁਰੂਆਤ ਬਿਹਾਰ ਤੋਂ ਹੋਵੇਗੀ।

# ਵਿਧਾਇਕ ਬੱਗਾ ਨੇ ਸਮਾਰਟ ਸਿਟੀ ਕਾਲੋਨੀ ਨੂੰ ਸੱਚਮੁੱਚ 'ਸਮਾਰਟ' ਬਣਾਉਣ ਵੱਲ ਵਧਾਇਆ ਕਦਮ

**ਕੌਮੀ ਪਤ੍ਰਿਕਾ**

ਲੁਧਿਆਣਾ 23 ਸਤੰਬਰ। ਵਿਧਾਇਕ ਮਦਨ ਲਾਲ ਬੱਗਾ ਦੀ ਪਹਿਲਕਦਮੀ ਨਾਲ, ਵਾਰਡ 93 ਦੀ ਸਮਾਰਟ ਸਿਟੀ ਕਾਲੋਨੀ ਹੁਣ ਸਹੀ ਅਰਥਾਂ 'ਚ ਸਮਾਰਟ ਬਣਨ ਜਾ ਰਹੀ ਹੈ, ਕਿਉਂਕਿ ਬੱਗਾ ਦੇ ਯਤਨਾਂ ਨਾਲ ਲੋਕਾਂ ਦੀ ਲੰਬੀ ਉਡੀਕ ਤੋਂ ਬਾਅਦ, ਬੁਨਿਆਦੀ ਸਹੂਲਤਾਂ ਦਾ ਸੁਪਨਾ ਹੁਣ ਸਾਕਾਰ ਹੋ ਰਿਹਾ ਹੈ। ਹਲਕਾ ਉੱਤਰੀ ਤੋਂ ਵਿਧਾਇਕ ਬੱਗਾ ਨੇ ਕਿਹਾ ਕਿ ਕਾਲੋਨੀ 'ਚ 2 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਪ੍ਰਾਜੈਕਟ ਸ਼ੁਰੂ ਕੀਤੇ ਗਏ ਹਨ, ਜਿਸ ਨਾਲ ਇਸ ਦੀ ਤਸਵੀਰ ਬਦਲਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਪ੍ਰਾਜੈਕਟ ਤਹਿਤ 1.25 ਕਰੋੜ ਰੁਪਏ ਦੀ ਲਾਗਤ ਨਾਲ ਸੀਵਰੇਜ ਅਤੇ ਪਾਣੀ ਸਪਲਾਈ ਦੀਆਂ ਨਵੀਆਂ ਪਾਈਪਲਾਈਨਾਂ ਵਿਛਾਈਆਂ ਜਾ ਰਹੀਆਂ ਹਨ। ਇਹ ਕੰਮ ਨਾ ਸਿਰਫ਼ ਪਾਣੀ ਦੀ ਨਿਕਾਸੀ ਦੀ ਸਮੱਸਿਆ ਨੂੰ ਹੱਲ ਕਰੇਗਾ, ਸਗੋਂ ਸਾਫ਼ ਪੀਣ ਵਾਲਾ ਪਾਣੀ ਪ੍ਰਦਾਨ ਕਰਨ 'ਚ



ਵੀ ਮਦਦਗਾਰ ਹੋਵੇਗਾ। ਇਸ ਤੋਂ ਇਲਾਵਾ 75 ਲੱਖ ਰੁਪਏ ਦੀ ਲਾਗਤ ਨਾਲ ਕਾਲੋਨੀ ਦੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ, ਜਿਸ ਨਾਲ ਆਵਾਜਾਈ ਸੁਚਾਰੂ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਤਹਿਤ ਸੀਵਰੇਜ, ਪਾਣੀ ਦੀ ਸਪਲਾਈ ਅਤੇ ਸੜਕਾਂ ਦੇ ਮੁਕੰਮਲ ਹੋਣ ਤੋਂ ਬਾਅਦ, ਵਾਰਡ ਦੇ ਵਸਨੀਕਾਂ ਨੂੰ ਉਨ੍ਹਾਂ ਸਾਰੀਆਂ ਸਹੂਲਤਾਂ ਦਾ ਲਾਭ ਮਿਲੇਗਾ, ਜਿਨ੍ਹਾਂ ਦੀ ਉਹ ਸਾਲਾਂ ਤੋਂ ਉਡੀਕ ਕਰ ਰਹੇ ਸਨ। ਬੱਗਾ ਨੇ ਕਿਹਾ ਕਿ ਉਨ੍ਹਾਂ ਦਾ ਟੀਚਾ ਹੈ ਕਿ ਇਲਾਕੇ 'ਚ ਰਹਿਣ ਵਾਲੇ ਹਰ ਵਿਅਕਤੀ ਨੂੰ ਸਾਫ਼ ਪਾਣੀ, ਯੋਜਨਾਬੱਧ ਸੀਵਰੇਜ ਅਤੇ ਬਿਹਤਰ ਸੜਕਾਂ ਦੀ ਸਹੂਲਤ ਮਿਲੇ। ਇਸ ਮੌਕੇ ਦਸਮੇਸ਼ ਸਿੰਘ, ਗੀਟਾ ਕਟੋਚ, ਨਿਤਿਨ ਭੰਡਾਰੀ, ਸੰਦੀਪ ਪੱਬੀ, ਜੀਤਾ ਖਰਬੰਦਾ, ਸੌਰਵ ਸਾਹਨੀ, ਗੌਰਵ ਉੱਪਲ ਰਮੇਸ਼ ਸ਼ੁਕਲਾ, ਮਨੀ ਚੋਪੜਾ, ਨੀਤਾ ਸ਼ਰਮਾ, ਆਸ਼ੀਸ਼ ਗੋਇਲ ਮੌਜੂਦ ਸਨ।

## ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ 'ਚ ਸਾਬਕਾ ਸਰਪੰਚ ਸਮੇਤ 2 ਦੀ ਮੌਤ

ਮਾਨਸਾ 23 ਸਤੰਬਰ। ਮਾਨਸਾ ਜ਼ਿਲ੍ਹੇ ਦੇ ਪਿੰਡ ਖਿਆਲਾ ਕਲਾਂ 'ਚ ਸੜਕ ਹਾਦਸੇ ਦੌਰਾਨ ਇਕ ਸਾਬਕਾ ਸਰਪੰਚ ਸਮੇਤ 2 ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਇਹ ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਦੋ ਮੋਟਰਸਾਈਕਲ ਇਕ ਬੱਸ ਨੂੰ ਓਵਰਟੇਕ ਕਰਦੇ ਸਮੇਂ ਟਕਰਾ ਗਏ। ਠੂਠਿਆਵਾਲੀ ਚੌਂਕੀ ਪੁਲਸ ਨੇ ਦੋਹਾਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ 'ਚ ਲੈ ਲਿਆ ਅਤੇ ਸਿਲ ਹਸਪਤਾਲ ਲਿਜਾਣ ਤੋਂ ਬਾਅਦ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਮ੍ਰਿਤਕਾਂ ਦੀ ਪਛਾਣ ਕੁਲਦੀਪ ਸਿੰਘ (26) ਤੇ ਸਾਬਕਾ ਸਰਪੰਚ ਬਿੱਕਰ ਸਿੰਘ (75) ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਅਨੁਸਾਰ ਕੁਲਦੀਪ ਸਿੰਘ ਮਾਨਸਾ ਤੋਂ ਆਪਣੇ ਪਿੰਡ ਭੂਪਾਲ ਜਾ ਰਿਹਾ ਸੀ। ਪਿੰਡ ਖਿਆਲਾ ਨੇੜੇ ਬੱਸ ਨੂੰ ਓਵਰਟੇਕ ਕਰਦੇ ਸਮੇਂ ਉਸ ਦਾ ਮੋਟਰਸਾਈਕਲ ਸਾਬਕਾ ਸਰਪੰਚ ਬਿੱਕਰ ਸਿੰਘ ਦੇ ਮੋਟਰਸਾਈਕਲ ਨਾਲ ਟਕਰਾ ਗਿਆ, ਜੋ ਕਿ ਆਪਣੇ ਘਰੋਂ ਬਾਹਰ ਆ ਰਿਹਾ ਸੀ। ਇਸ ਟੱਕਰ ਦੌਰਾਨ ਦੋਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਸਟੇਸ਼ਨ ਇੰਚਾਰਜ ਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਹਾਂ ਪਰਿਵਾਰਾਂ ਦੇ ਬਿਆਨ ਦਰਜ ਕਰ ਲਏ ਹਨ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕੈਨੇਡਾ ਦਾ ਟੂਰਿਸਟ ਵੀਜ਼ਾ ਲਗਵਾਉਣ ਦੇ ਨਾਂ 'ਤੇ ਮਾਰੀ 1.40 ਲੱਖ ਦੀ ਠੱਗੀ

ਲੁਧਿਆਣਾ 23 ਸਤੰਬਰ। ਥਾਣਾ ਡਵੀਜ਼ਨ ਨੰਬਰ 8 ਦੀ ਪੁਲਸ ਨੇ ਇਕ ਮੁਲਜ਼ਮ ਖਿਲਾਫ ਮਾਮਲਾ ਦਰਜ ਕੀਤਾ ਹੈ, ਜਿਸ ਨੇ ਸ਼ਿਕਾਇਤਕਰਤਾ ਅਤੇ ਉਸ ਦੀ ਪਤਨੀ ਨੂੰ ਕੈਨੇਡਾ ਦਾ ਟੂਰਿਸਟ ਵੀਜ਼ਾ ਲਗਵਾਉਣ ਦਾ ਝਾਂਸਾ ਦੇ ਕੇ 1,40,000 ਰੁਪਏ ਦੀ ਠੱਗੀ ਮਾਰੀ। ਸ਼ਿਕਾਇਤਕਰਤਾ ਗਗਨਦੀਪ ਅਰੋੜਾ ਵਾਸੀ ਦੁਰਗਾਪੁਰੀ ਹੈਬੋਵਾਲ ਨੇ ਪੁਲਸ ਸ਼ਿਕਾਇਤ 'ਚ ਦੱਸਿਆ ਕਿ ਉਹ ਅਤੇ ਉਸ ਦੀ ਪਤਨੀ ਕੈਨੇਡਾ ਘੁੰਮਣ ਜਾਣਾ ਚਾਹੁੰਦੇ ਸਨ। ਇਸ ਦੌਰਾਨ ਉਨ੍ਹਾਂ ਦੀ ਮੁਲਾਕਾਤ ਮੁਲਜ਼ਮ ਨਾਲ ਹੋਈ। ਮੁਲਜ਼ਮ ਨੇ ਖੁਦ ਨੂੰ ਮੈਨੇਜਿੰਗ ਡਾਇਰੈਕਟਰ ਐੱਮ. ਐੱਸ. ਸਟਾਫਿੰਗ ਇੰਟਰਨੈਸ਼ਨਲ (ਸੈਕਟਰ-34-ਏ ਚੰਡੀਗੜ੍ਹ) ਦਾ ਅਧਿਕਾਰੀ ਦੱਸਦੇ ਹੋਏ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਲਈ ਕੈਨੇਡਾ ਟੂਰਿਸਟ ਵੀਜ਼ਾ ਲਵਾ ਦੇਵੇਗਾ। ਮੁਲਜ਼ਮ ਗਗਨ ਖਹਿਰਾ ਨੇ ਵੀਜ਼ਾ ਪ੍ਰਕਿਰਿਆ ਪੂਰੀ ਕਰਨ ਦੇ ਨਾਂ 'ਤੇ 1,40,000 ਰੁਪਏ ਲਏ ਪਰ ਨਾ ਤਾਂ ਵੀਜ਼ਾ ਲਗਵਾਇਆ ਅਤੇ ਨਾ ਹੀ ਪੈਸੇ ਵਾਪਸ ਕੀਤੇ। ਜਦੋਂ ਸ਼ਿਕਾਇਤਕਰਤਾ ਨੇ ਪੈਸੇ ਵਾਪਸ ਮੰਗੇ ਤਾਂ ਮੁਲਜ਼ਮ ਨੇ ਟਾਲ-ਮਟੋਲ ਕਰਨਾ ਸ਼ੁਰੂ ਕਰ ਦਿੱਤਾ ਅਤੇ ਬਾਅਦ 'ਚ ਧਮਕੀਆਂ ਵੀ ਦਿੱਤੀਆਂ। ਸ਼ਿਕਾਇਤ ਮਿਲਣ 'ਤੇ ਥਾਣਾ ਡਵੀਜ਼ਨ ਨੰਬਰ 8 ਦੀ ਪੁਲਸ ਨੇ ਜਾਂਚ ਤੋਂ ਬਾਅਦ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੇ ਕਿਹਾ ਕਿ ਫ਼ਰਾਰ ਮੁਲਜ਼ਮ ਦੀ ਭਾਲ ਵਿੱਚ ਛਾਪੇਮਾਰੀ ਜਾਰੀ ਹੈ ਅਤੇ ਉਸ ਨੂੰ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

## ਲੁਧਿਆਣਾ-ਬਰਨਾਲਾ ਹਾਈਵੇਅ 'ਤੇ ਵਾਪਰਿਆ ਦਰਦਨਾਕ ਹਾਦਸਾ ! ਜੀਜੇ-ਸਾਲੇ ਦੀ ਹੋਈ ਮੌਤ

ਮਹਿਲ ਕਲਾਂ 23 ਸਤੰਬਰ। ਬੀਤੀ ਰਾਤ ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਪਿੰਡ ਨਿਹਾਲੂਵਾਲ ਅਤੇ ਗੰਗੋਹਰ ਦੇ ਦਰਮਿਆਨ ਵਾਪਰੇ ਸੜਕ ਹਾਦਸੇ 'ਚ ਜੀਜੇ-ਸਾਲੇ ਦੀ ਮੌਤ ਹੋ ਗਈ, ਜਦਕਿ ਇਕ ਵਿਅਕਤੀ ਜ਼ਖਮੀ ਹੋ ਗਿਆ। ਜਾਣਕਾਰੀ ਦਿੰਦਿਆਂ ਥਾਣਾ ਮਹਿਲ ਕਲਾਂ ਦੇ ਏ. ਐੱਸ.




ਆਈ. ਗੁਰਮੇਲ ਸਿੰਘ ਨੇ ਦੱਸਿਆ ਕਿ ਇਕ ਆਲਟੋ ਕਾਰ ਰਾਏਕੋਟ ਤੋਂ ਮਹਿਲ ਕਲਾਂ ਵੱਲ ਆ ਰਹੀ ਸੀ। ਜਦੋਂ ਕਾਰ ਪਿੰਡ ਨਿਹਾਲੂਵਾਲ ਅਤੇ ਗੰਗੋਹਰ ਵਿਚਕਾਰ ਪਹੁੰਚੀ ਤਾਂ ਕਿਸੇ ਅਣਪਛਾਤੇ ਵਾਹਨ ਨੇ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ੋਰਦਾਰ ਸੀ ਕਿ ਕਾਰ 'ਚ ਸਵਾਰ ਤਿੰਨੋਂ ਵਿਅਕਤੀ ਜ਼ਖਮੀ ਹੋ ਗਏ। ਏ. ਐੱਸ. ਆਈ. ਨੇ ਦੱਸਿਆ ਕਿ ਮਹਿਲ ਕਲਾਂ ਦਾ ਲਖਵਿੰਦਰ ਸਿੰਘ (28) ਪੁੱਤਰ ਜਗਰਾਜ ਸਿੰਘ ਅਤੇ ਉਸ ਦਾ ਸਾਲਾ ਦਿਨੇਸ਼ ਕੁਮਾਰ ਵਾਸੀ ਅਮਲੋਹ ਗੰਭੀਰ ਸੱਟਾਂ ਕਾਰਨ ਇਲਾਜ ਲਈ ਲੁਧਿਆਣਾ ਦੇ ਨਿੱਜੀ ਹਸਪਤਾਲ 'ਚ ਭੇਜੇ ਗਏ, ਜਿੱਥੇ ਦੋਵੇਂ ਨੇ ਜ਼ਖਮਾਂ ਦੀ ਤਾਬ ਨਾ ਸਹਾਰਿਆਂ ਦਮ ਤੋੜ ਦਿੱਤਾ। ਤੀਜਾ ਸਾਥੀ ਗੌਰਵ ਸਿੰਗਲਾ ਵਾਸੀ ਮਹਿਲ ਕਲਾਂ ਵੀ ਜ਼ਖਮੀ ਹੋਇਆ, ਜਿਸ ਦਾ ਇਲਾਜ ਬਰਨਾਲਾ ਹਸਪਤਾਲ 'ਚ ਚੱਲ ਰਿਹਾ ਹੈ।

# ਪੰਜਾਬ ਤੋਂ ਸ਼ੁਰੂ ਹੋਈ ਅੰਮ੍ਰਿਤ ਭਾਰਤ ਰੇਲਗੱਡੀ, ਯਾਤਰੀਆਂ ਦੀਆਂ ਲੱਗਣਗੀਆਂ ਮੌਜਾਂ

**ਕੌਮੀ ਪਤ੍ਰਿਕਾ**

ਜੈਤੋ 23 ਸਤੰਬਰ। ਫਿਰੋਜ਼ਪੁਰ ਰੇਲਵੇ ਡਿਵੀਜ਼ਨ ਮੈਨੇਜਰ ਸੰਜੀਵ ਕੁਮਾਰ ਨੇ ਕਿਹਾ ਕਿ ਰੇਲਵੇ ਯਾਤਰੀਆਂ ਦੀ ਸੁਵਿਧਾਜਨਕ ਆਵਾਜਾਈ ਲਈ ਛਹਿਰਟਾ ਅਤੇ ਸਹਰਸਾ ਵਿਚਕਾਰ ਇੱਕ ਨਵੀਂ ਅੰਮ੍ਰਿਤ ਭਾਰਤ ਹਫਤਾਵਾਰੀ ਰੇਲ ਸੇਵਾ ਸ਼ੁਰੂ ਕੀਤੀ ਜਾ ਰਹੀ ਹੈ। ਇਸ ਰੇਲ ਸੇਵਾ ਦੇ ਨਿਯਮਤ ਸੰਚਾਲਨ ਨਾਲ, ਇਸ ਰੂਟ 'ਤੇ ਰੇਲਵੇ ਯਾਤਰੀਆਂ ਦੀ ਯਾਤਰਾ ਹੋਰ ਵੀ ਸੁਚਾਰੂ ਅਤੇ ਪਹੁੰਚਯੋਗ ਹੋ ਜਾਵੇਗੀ। ਛਹਿਰਟਾ ਅਤੇ ਸਹਰਸਾ ਵਿਚਕਾਰ ਨਵੀਂ ਅੰਮ੍ਰਿਤ ਭਾਰਤ ਹਫਤਾਵਾਰੀ ਰੇਲ ਸੇਵਾ ਹੇਠ ਲਿਖੇ ਅਨੁਸਾਰ ਚਲਾਈ ਜਾਵੇਗੀ। ਛਹਿਰਟਾ ਅਤੇ ਸਹਰਸਾ ਵਿਚਕਾਰ ਨਵੀਂ ਅੰਮ੍ਰਿਤ ਭਾਰਤ ਹਫਤਾਵਾਰੀ ਰੇਲ ਸੇਵਾ 14628 ਨਿਯਮਤ ਤੌਰ 'ਤੇ 20-09-2025 ਤੋਂ ਚਲਾਈ ਜਾ ਰਹੀ ਹੈ। ਰੇਲਗੱਡੀ ਨੰਬਰ 14628 ਹਰ ਸ਼ਨੀਵਾਰ ਛਹਿਰਟਾ ਤੋਂ ਸਹਰਸਾ ਲਈ ਰਵਾਨਾ ਹੋਵੇਗੀ। ਰੇਲਗੱਡੀ ਨੰਬਰ 14628 ਛਹਿਰਟਾ ਤੋਂ ਰਾਤ 11:20 ਵਜੇ ਰਵਾਨਾ ਹੋਵੇਗੀ ਅਤੇ ਲਗਭਗ 35 ਘੰਟਿਆਂ ਦੀ ਯਾਤਰਾ ਤੋਂ ਬਾਅਦ ਸਵੇਰੇ 10:00 ਵਜੇ



ਸਹਰਸਾ ਪਹੁੰਚੇਗੀ। ਅੰਮ੍ਰਿਤ ਭਾਰਤ ਸਪਤਾਹਿਕ ਰੇਲਗੱਡੀ 14627 ਨਿਯਮਿਤ ਤੌਰ 'ਤੇ 22-09-2025 ਤੋਂ ਚਲਾਈ ਜਾ ਰਹੀ ਹੈ। ਟਰੇਨ ਨੰਬਰ 14627 ਹਰ ਸੋਮਵਾਰ ਨੂੰ ਸਹਰਸਾ ਤੋਂ ਛੇਹਰਟਾ ਤੱਕ ਚੱਲੇਗੀ। ਟਰੇਨ ਨੰਬਰ 14627 ਸਹਰਸਾ ਤੋਂ ਦੁਪਹਿਰ 1:00 ਵਜੇ ਰਵਾਨਾ ਹੋਵੇਗੀ ਅਤੇ ਲਗਭਗ 38 ਘੰਟੇ ਦੇ ਸਫ਼ਰ ਤੋਂ ਬਾਅਦ ਸਵੇਰੇ 3:20 ਵਜੇ ਛੇਹਰਟਾ ਪਹੁੰਚੇਗੀ। ਰੂਟ 'ਚ, ਇਹ ਅੰਮ੍ਰਿਤ ਭਾਰਤ ਸਪਤਾਹਿਕ ਐਕਸਪ੍ਰੈਸ ਅੰਮ੍ਰਿਤਸਰ, ਬਿਆਸ, ਜਲੰਧਰ ਸਿਟੀ, ਫਗਵਾੜਾ, ਢੰਡਾਰੀ ਕਲਾਂ, ਸਰਹਿੰਦ, ਰਾਜਪੁਰਾ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਰੁੜਕੀ, ਮੁਰਾਦਾਬਾਦ, ਚੰਦੌਸੀ, ਸੀਤਾਪੁਰ, ਬੁੱਢੇਵਾਲ, ਗੋਂਦਾ, ਮਾਣਕਪੁਰ, ਬਸਤੀ, ਖਲੀਲਾਬਾਦ, ਗੋਰਖਪੁਰ, ਕਪਤਾਨਗੰਜ, ਸਿਸਵਾ ਬਾਜ਼ਾਰ, ਨਰਕਟੀਆਗੰਜ, ਸਿਕਤਾ, ਰਕਸੌਲ, ਸੀਤਾਮੜੀ, ਸ਼ਿਸ਼ੋ, ਸਕਰੀ, ਝਾਂਝਰਪੁਰ, ਨਿਰਮਲੀ, ਸਰਾਏਗੜ੍ਹ ਅਤੇ ਸੁਪੌਲ ਰੇਲਵੇ ਸਟੇਸ਼ਨ ਦੋਵੇਂ ਦਿਸ਼ਾਵਾਂ 'ਚ ਰੁਕੇਗੀ। ਇਸ ਅੰਮ੍ਰਿਤ ਭਾਰਤ ਵੀਕਲੀ ਐਕਸਪ੍ਰੈਸ ਵਿੱਚ 8 ਸਲੀਪਰ ਕਲਾਸ ਕੋਚ, 11 ਜਨਰਲ ਕਲਾਸ ਕੋਚ ਹਨ ਅਤੇ ਇੱਕ ਪੈਂਟਰੀ ਕਾਰ ਦੀ ਸਹੂਲਤ ਵੀ ਉਪਲਬਧ ਹੈ।

## ਵਾਤਾਵਰਨ, ਵਨ ਅਤੇ ਜੰਗਲੀ ਪਸ਼ੂ ਮੰਤਰੀ ਰਾਓ ਨਰਬੀਰ ਸਿੰਘ ਨੇ ਸੇਵਾ ਪੱਖਵਾੜਾ ਤਹਿਤ ਹਿਸਾਰ ਵਿੱਚ ਕੀਤਾ ਪੌਧਾਰੋਪਣ

ਚੰਡੀਗੜ੍ਹ, 23 ਸਤੰਬਰ: ਹਰਿਆਣਾ ਦੇ ਵਾਤਾਵਰਨ, ਵਨ ਅਤੇ ਜੰਗਲੀ ਪਸ਼ੂ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਵਾਤਾਵਰਨ ਸਰੰਖਣ ਨੂੰ ਵਧਾਵਾ ਦੇਣ ਲਈ ਕਾਗਜੀ ਸਨੇਹਾ ਪੱਤਰ ਦੀ ਥਾਂ ਡਿਜ਼ਿਟਲ ਕਾਰਡ ਜਰਇਏ ਸਨੇਹਾ ਭੇਜਣਾ ਚਾਹੀਦਾ ਹੈ। ਅਜਿਹਾ ਕਰਕੇ ਅਸੀ ਹਰ ਸਾਲ ਵੱਡੀ ਗਿਣਤੀ ਵਿੱਚ ਰੁੱਖਾਂ ਨੂੰ ਕੱਟਣ ਤੋਂ ਬਚਾ ਕੇ ਆਉਣ ਵਾਲੀ ਪੀਢੀਆਂ ਨੂੰ ਸਿਹਤਮੰਦ ਜੀਵਨ ਦੀ ਸੌਗਾਤ ਦੇ ਸਕਦੇ ਹਨ। ਰਾਓ ਨਰਬੀਰ ਸਿੰਘ ਅੱਜ ਹਿਸਾਰ ਸਥਿਤ ਬੀੜ ਵਿੱਚ ਸੇਵਾ ਪੱਖਵਾੜਾ ਤਹਿਤ ਆਯੋਜਿਤ ਪੌਧਾਰੋਪਣ ਪ੍ਰੋਗਰਾਮ ਵਿੱਚ ਮੌਜੂਦ ਲੋਕਾਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਇੱਥੇ 1500 ਰੁੱਖ ਲਗਾਏ ਗਏ ਅਤੇ ਪ੍ਰਚਾਰ ਵਾਹਨਾਂ ਨੂੰ ਵੀ ਹਰੀ ਝੰਡੀ ਵਿਖਾਕੇ ਰਵਾਨਾ ਕੀਤਾ। ਉਨ੍ਹਾਂ ਨੇ ਕਿਹਾ ਕਿ ਸਿਹਤਮੰਦ ਜੀਵਨ ਜੀਣ ਲਈ ਮਨੁੱਖ ਨੂੰ ਖਾਣਾ-ਪੀਣਾ ਅਤੇ ਹਵਾ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ ਪਰ ਇਹ ਤਿੰਨੇ ਚੀਜਾਂ ਹੀ ਲਗਾਤਾਰ ਪ੍ਰਦੂਸ਼ਿਤ ਹੋ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਵਾਤਾਵਰਨ ਸਰੰਖਣ ਨੂੰ ਵਾਧਾ ਦੇਣ ਲਈ ਕਈ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ। ਕੈਬੀਨੇਟ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਇੱਕ ਰੁੱਖ ਮਾਂ ਦੇ ਨਾਮ ਮੁਹਿੰਮ ਸ਼ੁਰੂ ਕੀਤਾ ਹੈ। ਹਰ ਵਿਅਕਤੀ ਨੂੰ ਇਸ ਮੁਹਿੰਮ ਤਹਿਤ ਆਪਣੀ ਮਾਂ ਦੇ ਨਾਮ ਇੱਕ ਰੁੱਖ ਨਾ ਸਿਰਫ਼ ਲਗਾਉਣਾ ਚਾਹੀਦਾ ਹੈ ਸਗੋਂ ਉਸ ਦੀ ਦੇਖਭਾਲ ਵੀ ਕਰਨੀ ਚਾਹੀਦੀ ਹੈ। ਮਾਂ ਦੇ ਨਾਮ ਲਗਾਏ ਗਏ ਰੁੱਖ ਨਾਲ ਵਿਅਕਤੀ ਭਾਵਨਾ ਨਾਲ ਜੁੜਿਆ ਮਹਿਸੂਸ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਸੂਬੇ ਵਿੱਚ 75 ਨਮੋ ਵਨ ਵਿਕਸਿਤ ਕੀਤੇ ਜਾਣਗੇ ਜਿਨ੍ਹਾਂ ਵਿੱਚੋਂ 3 ਹਿਸਾਰ ਜ਼ਿਲ੍ਹੇ ਵਿੱਚ ਸਥਾਪਿਤ ਕੀਤੇ ਜਾਣਗੇ।

## ਈਵੀਐਮ ਵੋਟ ਪੱਤਰਾਂ ਨੂੰ ਵੱਧ ਪੜਨਯੋਗ ਬਨਾਉਣ ਲਈ ਚੋਣ ਕਮਿਸ਼ਨ ਨੇ ਦਿਸ਼ਾ-ਨਿਰਦੇਸ਼ਾਂ ਵਿੱਚ ਕੀਤਾ ਸੋਧ

ਚੰਡੀਗੜ੍ਹ, 23 ਸਤੰਬਰ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ਼?ਰੀਨਿਵਾਸ ਨੇ ਦਸਿਆ ਕਿ ਭਾਰਤ ਚੋਣ ਕਮਿਸ਼ਨ (ਈਸੀਆਈ) ਨੇ ਈਵੀਐਮ ਵੋਟ ਪੱਤਰਾਂ ਦੀ ਸਪਸ਼ਟਤਾ ਅਤੇ ਪੜਨਯੋਗਤਾ ਨੂੰ ਵਧਾਉਣ ਲਈ ਚੋਣ ਸੰਚਾਲਨ ਨਿਯਮ, 1961 ਦੇ ਨਿਯਮ 49ਵੀਂ ਤਹਿਤ ਈਵੀਐਮ ਵੋਟ ਪੱਤਰਾਂ ਦੇ ਡਿਜਾਇਨ ਅਤੇ ਪ੍ਰਿੰਟਿੰਗ ਤਹਿਤ ਮੌਜੂਦਾ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਕੀਤਾ ਹੈ। ਉਨ੍ਹਾਂ ਨੇ ਦਸਿਆ ਕਿ ਇਹ ਪਹਿਲ ਚੋਣ ਪ੍ਰਕ੍ਰਿਆਵਾਂ ਨੂੰ ਸਹੀ ਢੰਗ ਅਤੇ ਬਿਹਤਰ ਬਨਾਉਣ ਅਤੇ ਵੋਟਰਾਂ ਦੀ ਸਹੂਲਤ ਵਧਾਉਣ ਲਈ ਪਿਛਲੇ 6 ਮਹੀਨਿਆਂ ਵਿੱਚ ਈਸੀਆਈ ਵੱਲੋਂ ਪਹਿਲਾਂ ਹੀ ਕੀਤੀ ਜਾ ਚੁੱਕੀ 28 ਪਹਿਲਾਂ ਦੇ ਅਨੁਰੂਪ ਹੈ। ਹੁਣ ਤੋਂ, ਈਵੀਐਮ ਵੋਟ ਪੱਤਰ 'ਤੇ ਉਮੀਦਵਾਰਾਂ ਦੀ ਤਸਵੀਰ ਰੰਗੀਨ ਛਪੀ ਹੋਵੇਗੀ ਅਤੇ ਬਿਹਤਰ ਵਿਜੀਬਿਲਿਟੀ ਲਹੀ ਉਮੀਦਵਾਰ ਦਾ ਚਿਹਰਾ ਫੋਟੋ ਦੇ ਤਿੰਨ-ਚੌਥਾਈ ਹਿੱਸੇ 'ਤੇ ਹੋਵੇਗਾ। ਸ੍ਰੀ ਏ. ਸ਼?ਰੀਨਿਵਾਸ ਨੇ ਦਸਿਆ ਕਿ ਉਮੀਦਵਾਰਾਂ/ਨੋਟਾ ਦੇ ਕ੍ਰਮ ਭਾਰਤੀ ਨੰਬਰਾਂ ਦੇ ਕੌਮਾਂਤਰੀ ਰੂਪ ਵਿੱਚ ਪ੍ਰਿੰਟ ਕੀਤੇ ਜਾਣਗੇ ਅਤੇ ਸਪਸ਼ਟਾ ਲਈ ਫਾਂਟ ਦਾ ਆਕਾਰ 30 ਹੋਵੇਗਾ ਅਤੇ ਬੋਲਡ ਵਿੱਚ ਹੋਵੇਗਾ। ਇਕਰੂਪਤਾ ਯਕੀਨੀ ਕਰਨ ਲਈ, ਸਾਰੇ ਉਮੀਦਵਾਰਾਂ/ਨੋਟਾ ਦੇ ਨਾਮ ਇੱਕ ਹੀ ਫਾਂਟ ਤਰ੍ਹਾ ਅਤੇ ਫਾਂਨ ਆਕਾਰ ਵਿੱਚ ਪ੍ਰਿੰਟ ਕੀਤੇ ਜਾਣਗੇ ਤਾਂ ਜੋ ਆਸਾਨੀ ਨਾਲ ਪੜਿਆ ਜਾ ਸਕੇ। ਉਨ੍ਹਾਂ ਨੇ ਦਸਿਆ ਕਿ ਈਵੀਐਮ ਵੋਟਪੱਤਰ 70 ਜੀਐਸਐਮ ਕਾਗਜ਼ 'ਤੇ ਪਿ?ਰੰਟ ਕੀਤੇ ਜਾਣਗੇ। ਵਿਧਾਨਸਭਾ ਚੋਣ ਲਹੀ, ਨਿਰਦੇਸ਼ ਆਰਜੀਬੀ ਮਾਨ ਵਾਲੇ ਗੁਲਾਬੀ ਰੰਗ ਦੇ ਕਾਗਜ਼ ਦੀ ਵਰਤੋ ਕੀਤੀ ਜਾਵੇਗੀ। ਅਗਾਮੀ ਚੋਣ ਵਿੱਚ ਉਕਤ ਈਵੀਐਮ ਵੋਟਪੱਤਰਾਂ ਦੀ ਵਰਤੋ ਕੀਤੀ ਜਾਵੇਗੀ, ਜਿਸ ਦੀ ਸ਼ੁਰੂਆਤ ਬਿਹਾਰ ਤੋਂ ਹੋਵੇਗੀ।

# ਪੰਜਾਬ 'ਚ ਸਸਤਾ ਹੋਵੇਗਾ ਇਲਾਜ ! ਜਾਰੀ ਹੋ ਗਏ ਨਵੇਂ ਹੁਕਮ

**ਕੌਮੀ ਪਤ੍ਰਿਕਾ**

ਸੁਨਾਮ ਊਧਮ ਸਿੰਘ ਵਾਲਾ 23 ਸਤੰਬਰ। ਭਾਰੀ ਮੀਂਹ ਅਤੇ ਹੜ੍ਹ ਵਰਗੀ ਸਥਿਤੀ ਉਪਰੰਤ ਪੈਦਾ ਹੋਏ ਹਲਾਤਾਂ ਨੂੰ ਦੇਖਦਿਆਂ ਸੀਨੀਅਰ ਮੈਡੀਕਲ ਅਫਸਰ, ਇੰ. ਸਿਵਲ ਹਸਪਤਾਲ ਸੁਨਾਮ ਊਧਮ ਸਿੰਘ ਵਾਲਾ ਨੇ ਪ੍ਰਾਈਵੇਟ ਲੈਬੋਰੇਟਰੀਜ਼, ਸੁਨਾਮ ਦੇ ਪ੍ਰਧਾਨ ਜਗਦੀਪ ਭਾਰਦਵਾਜ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਸੁਨਾਮ ਵਿਖੇ ਚੱਲ ਰਹੀਆਂ ਸਮੂਹ ਪ੍ਰਾਈਵੇਟ ਲੈਬੋਰੇਟਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਨ੍ਹਾਂ ਦੀ ਲੈਬ 'ਚ ਹੋਣ ਵਾਲੇ ਟੈਸਟਾਂ ਦੀ ਕੀਮਤ ਵਿਚ ਆਮ ਦਿਨਾਂ ਨਾਲੋਂ 10 ਫੀਸਦੀ ਦੀ ਛੋਟ ਦਿੱਤੀ ਜਾਵੇ। ਲੈਬ ਵਿਚ ਹੋਣ ਵਾਲੇ ਟੈਸਟਾਂ ਦੀ ਫੀਸ ਡਿਸਪਲੇ 'ਤੇ ਲਗਾਈ ਜਾਣੀ ਯਕੀਨੀ ਬਣਾਈ ਜਾਵੇ। ਜੇਕਰ ਕੋਈ ਟੈਸਟ ਪਾਜ਼ੇਟਿਵ ਆਵੇ ਤਾਂ ਮਰੀਜ਼ ਨੂੰ ਸਹੀ ਤਰੀਕੇ ਨਾਲ ਗਾਈਡ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲੋਕ ਹਿੱਤ ਵਿਚ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਆਮ ਲੋਕਾਂ ਨੂੰ ਵੀ ਹਦਾਇਤ ਕੀਤੀ ਕਿ ਡੇਂਗੂ ਅਤੇ ਹੋਰ ਵੈਕਟਰ-ਬੋਰਨ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ 'ਚ ਹੇਠ ਲਿਖੇ ਲੱਛਣ ਵੇਖਣ



ਨੂੰ ਮਿਲਦੇ ਹਨ ਜਿਵੇਂ ਕਿ ਤੇਜ਼ ਬੁਖ਼ਾਰ, ਸਰੀਰ ਵਿਚ ਦਰਦ, ਜੋੜਾਂ ਵਿਚ ਦਰਦ, ਪੇਟ ਵਿਚ ਗੜਬੜ ਅਤੇ ਕਈ ਵਾਰ ਭੁੱਖ ਦੀ ਕਮੀ ਆਦਿ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਮਰੀਜ਼ ਵਿਚ ਉਪਰੋਕਤ ਲੱਛਣ ਪਰਿਵਾਰਕ ਮੈਂਬਰਾਂ ਵੱਲੋਂ ਵੇਖੇ ਜਾਣ, ਤਾਂ ਉਸਨੂੰ ਤੁਰੰਤ ਸਿਵਲ ਹਸਪਤਾਲ ਸੁਨਾਮ/ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਕੋਲ ਲਿਜਾਇਆ ਜਾਵੇ। ਸਿਵਲ ਹਸਪਤਾਲ ਸੁਨਾਮ 'ਚ ਮਰੀਜ਼ਾਂ ਲਈ ਮੁਫ਼ਤ ਲੈਬ ਟੈਸਟ (ਕਮਰਾ ਨੰਬਰ 22) ਕੀਤੇ ਜਾ ਰਹੇ ਹਨ ਅਤੇ ਹੋਰ ਜ਼ਰੂਰੀ ਟੈਸਟ ਕ੍ਰਿਸ਼ਨਾ ਡਾਇਗਨੋਸਟਿਕ ਸੈਂਟਰ (ਕਮਰਾ ਨੰਬਰ 27) ਪੁਰਾਣੇ ਓ.ਪੀ.ਡੀ. ਕੰਪਲੈਕਸ ਦੇ ਬਾਹਰ ਸਿਵਲ ਹਸਪਤਾਲ ਸੁਨਾਮ ਵਿਚ ਉਪਲੱਬਧ ਹਨ। ਇਲਾਜ ਦਾ ਮੁੱਖ ਤਰੀਕਾ ਠੰਢੇ ਪਾਣੀ ਦੀ ਪੱਟੀ ਅਤੇ ਉਚਿਤ ਦਵਾਈ ਇਲਾਜ ਹੈ। ਸਾਰੀਆਂ ਜ਼ਰੂਰੀ ਦਵਾਈਆਂ ਸਿਵਲ ਹਸਪਤਾਲ 'ਚ ਮੁਫ਼ਤ ਉਪਲੱਬਧ ਹਨ। ਉਨ੍ਹਾਂ ਦੱਸਿਆ ਕਿ ਆਪਣੇ ਆਲੇ-ਦੁਆਲੇ 'ਚ ਪਾਣੀ ਖੜ੍ਹਾ ਹੋਣ ਤੋਂ ਬਚਾਅ, ਪੂਰੀ ਬਾਹਾਂ ਵਾਲੇ ਕੱਪੜੇ ਅਤੇ ਜੁੱਤੀ-ਚੱਪਲ ਪਾਓ, ਮੱਛਰ ਭਗਾਉਣ ਵਾਲੇ ਉਪਕਰਣ/ਕਰੀਮ ਵਰਤੋਂ, ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਦੀ ਖਾਸ ਦੇਖਭਾਲ ਕਰੋ, ਸਫਾਈ, ਸਿਹਤਮੰਦ ਖੁਰਾਕ ਅਤੇ ਲੋੜੀਂਦੀ ਮਾਤਰਾ 'ਚ ਪਾਣੀ ਪੀਣਾ ਯਕੀਨੀ ਬਣਾਓ।

## ਜੇਲ੍ਹ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਕੀਤਾ ਜਿਲ੍ਹਾ ਜੇਲ੍ਹ ਨਾਰਨੌਲ ਦਾ ਅਚਾਨਕ ਨਿਰੀਖਣ

ਚੰਡੀਗੜ੍ਹ, 23 ਸਤੰਬਰ। ਹਰਿਆਣਾ ਦੇ ਜੇਲ੍ਹ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਅੱਜ ਜਿਲ੍ਹਾ ਜੇਲ੍ਹ ਨਾਰਨੌਲ ਦਾ ਅਚਾਨਕ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜੇਲ੍ਹ ਪ੍ਰਸ਼ਾਸ਼ਨ ਦੀ ਕਾਰਜਪ੍ਰਣਾਲੀ ਅਤੇ ਕੈਦੀਆਂ ਨੂੰ ਦਿੱਤੀ ਜਾ ਰਹੀ ਸਹੂਲਤਾਂ ਦਾ ਜਾਇਜਾ ਲਿਆ। ਊਨ੍ਹਾਂ ਨੇ ਸੇਵਾ ਪਰਵ ਤਹਿਤ ਜੇਲ੍ਹ ਪਰਿਸਰ ਵਿੱਚ ਪੌਧਾਰੋਪਣ ਕਰ ਵਾਤਾਵਰਣ ਸਰੰਖਣ ਦਾ ਸੰਦੇਸ਼ ਦਿੱਤਾ। ਨਿਰੀਖਣ ਦੌਰਾਨ ਡਾ. ਸ਼ਰਮਾ ਨੇ ਜੇਲ੍ਹ ਸੁਪਰਡੈਂਟ ਤੋਂ ਕੈਦੀਆਂ ਲਈ ਉਪਲਬਧ ਕਰਾਈ ਜਾ ਰਹੀ ਸਹੂਲਤਾਂ ਦੇ ਬਾਰੇ ਵਿੱਚ ਵਿਸਤਾਰ ਨਾਲ ਜਾਣਕਾਰੀ ਲਈ। ਉਨ੍ਹਾਂ ਨੇ ਵਿਸ਼ੇਸ਼ ਰੂਪ ਨਾਲ ਖਾਣ ਦੀ ਗੁਣਵੱਤਾ, ਸਵੱਛਤਾ ਅਤੇ ਸਿਹਤ ਸੇਵਾਵਾਂ 'ਤੇ ਜੋਰ ਦਿੱਤਾ। ਜੇਲ੍ਹ ਮੰਤਰੀ ਨੇ ਜਲ੍ਹ ਸੁਪਰਡੈਂਟ ਨੂੰ ਨਿਰਦੇਸ਼ ਦਿੱਤੇ ਕਿ ਕੈਦੀਆਂ ਨੂੰ ਦਿੱਤੇ ਜਾਣ ਵਾਲੇ ਭੋਜਨ ਦੀ ਗੁਣਵੱਤਾ ਦੀ ਨਿਯਮਤ ਜਾਂਚ ਕੀਤੀ ਜਾਵੇ

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਡਰੱਗ ਸਮੱਗਲਰ ਗਿਰੋਹ ਦਾ ਪਰਦਾ.ਫਾਸ਼ ! ਅੱਧਾ ਕਿੱਲੋ ਆਈਸ ਤੇ ਹੈਰੋਇਨ ਬਰਾਮਦ

**ਕੌਮੀ ਪਤ੍ਰਿਕਾ**

ਖੰਨਾ/ਦੋਰਾਹਾ 23 ਸਤੰਬਰ। ਪੰਜਾਬ ਪੁਲਸ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਅਧੀਨ ਇਕ ਵੱਡੀ ਕਾਰਵਾਈ ਦੌਰਾਨ ਦੋਰਾਹਾ ਪੁਲਸ ਨੇ ਨਸ਼ਾ ਸਪਲਾਈ ਕਰਨ ਵਾਲੇ ਇਕ ਗਿਰੋਹ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 500 ਗ੍ਰਾਮ ਡਰੱਗ ਆਈਸ ਅਤੇ 165 ਗ੍ਰਾਮ ਹੈਰੋਇਨ, ਇਕ ਕਾਰ ਅਤੇ ਇਕ ਮੋਟਰਸਾਈਕਲ ਬਰਾਮਦ ਕੀਤਾ ਹੈ। ਬਾਅਦ ਵਿਚ ਗ੍ਰਿਫਤਾਰ ਮੁਲਜ਼ਮਾਂ ਦੀ ਪਛਾਣ ਅਭਿਸ਼ੇਕ ਸਿੰਘ ਉਰਫ਼ ਅਭੀ ਪੁੱਤਰ ਜਗਵੀਰ ਸਿੰਘ ਵਾਸੀ ਵਾਰਡ ਨੰਬਰ 9 ਪਾਇਲ, ਨਵਦੀਪ ਸਿੰਘ ਉਰਫ਼ ਨਵੀ ਪੁੱਤਰ ਜਗਤਾਰ ਸਿੰਘ ਵਾਸੀ ਵਾਰਡ ਨੰਬਰ 1 ਪਾਇਲ, ਧਰਮਵੀਰ ਉਰਫ਼ ਬੰਟੀ ਗੁੱਜਰ ਪੁੱਤਰ ਸੁਰਿੰਦਰਪਾਲ ਸਿੰਘ ਵਾਸੀ ਦੋਰਾਹਾ ਜ਼ਿਲਾ ਲੁਧਿਆਣਾ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਕਪਤਾਨ ਪੁਲਸ ਖੰਨਾ ਡਾ. ਜਯੋਤੀ ਯਾਦਵ ਬੈਂਸ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਆਫ਼ ਪੁਲਸ ਪੰਜਾਬ ਅਤੇ ਲੁਧਿਆਣਾ ਰੇਂਜ ਦੇ ਆਈ.ਜੀ. ਦੇ ਸਪਸ਼ਟ ਦਿਸ਼ਾ-ਨਿਰਦੇਸ਼ਾਂ ਤਹਿਤ ਨਸ਼ਿਆਂ ਦੇ ਖ਼ਿਲਾਫ਼ ਪਵਨਜੀਤ ਚੌਧਰੀ ਕਪਤਾਨ ਪੁਲਸ (ਆਈ) ਖੰਨਾ, ਮੋਹਿਤ ਕੁਮਾਰ ਸਿੰਗਲਾ ਡੀਐਸਪੀ (ਆਈ) ਖੰਨਾ, ਹੇਮੰਤ ਮਲਹੋਤਰਾ ਡੀ.ਐੱਸ.ਪੀ. ਪਾਇਲ ਅਤੇ ਇੰਸਪੈਕਟਰ ਅਕਾਸ਼ ਦੱਤ ਐੱਸ.ਐੱਚ.ਓ. ਦੋਰਾਹਾ ਦੀ ਅਗਵਾਈ ਹੇਠ ਚਲਾਈ ਗਈ ਮੁਹਿੰਮ ਤਹਿਤ ਦੋਰਾਹਾ ਪੁਲਸ ਨੇ




ਬਿਸਨਪੁਰਾ ਕੱਟ ਨੇੜੇ ਸ਼ੱਕੀ ਵਾਹਨਾਂ ਦੀ ਚੈਕਿੰਗ ਦੌਰਾਨ ਦੋ ਨੌਜਵਾਨਾਂ ਅਭਿਸ਼ੇਕ ਸਿੰਘ ਉਰਫ਼ ਅਭੀ ਅਤੇ ਨਵਦੀਪ ਸਿੰਘ ਉਰਫ਼ ਨਵੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ, ਜਿਨ੍ਹਾਂ ਦੀ ਤਲਾਸ਼ੀ ਲੈਣ 'ਤੇ ਪੁਲਸ ਨੇ ਮੁਲਜ਼ਮਾਂ ਪਾਸੋਂ 15 ਗ੍ਰਾਮ ਹੈਰੋਇਨ ਬਰਾਮਦ ਕੀਤੀ। ਮੁੱਢਲੀ ਪੁਲਸ ਜਾਂਚ ਦੌਰਾਨ ਦੋਵਾਂ ਗ੍ਰਿਫ਼ਤਾਰ ਨੌਜਵਾਨਾਂ ਨੇ ਖੁਲਾਸਾ ਕੀਤਾ ਕਿ ਇਸ ਗਿਰੋਹ ਵਿਚ ਹੋਰ ਵਿਅਕਤੀ ਵੀ ਸ਼ਾਮਲ ਹਨ। ਜਿਸ ਤੋਂ ਬਾਅਦ ਪੁਲਸ ਨੇ ਧਰਮਵੀਰ ਉਰਫ਼ ਬੰਟੀ ਗੁੱਜਰ ਪੁੱਤਰ ਸੁਰਿੰਦਰ ਪਾਲ ਸਿੰਘ ਵਾਸੀ ਦੋਰਾਹਾ, ਹਰਮਨ ਪੁੱਤਰ ਪਰਮਜੀਤ ਵਾਸੀ ਨਿਊ ਸੁਭਾਸ਼ ਨਗਰ, ਬਸਤੀ ਚੌਕ, ਲੁਧਿਆਣਾ ਅਤੇ ਮੋਹਿਤ ਵਾਸੀ ਫਿਰੋਜਪੁਰ ਨੂੰ ਨਾਮਜ਼ਦ ਮੁਲਜ਼ਮ ਕਰਾਰ ਦਿੱਤਾ। ਇਸ ਤੋਂ ਬਾਅਦ ਜਾਂਚ ਕਰਦਿਆਂ ਪੁਲਸ ਪਾਰਟੀ ਨੇ ਧਰਮਵੀਰ ਉਰਫ਼ ਬੰਟੀ ਗੁੱਜਰ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ 'ਚੋਂ 500 ਗ੍ਰਾਮ ਡਰੱਗ ਆਈਸ ਅਤੇ 150 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੁਲਸ ਰਿਕਾਰਡ ਅਨੁਸਾਰ ਧਰਮਵੀਰ ਉਰਫ਼ ਬੰਟੀ ਗੁੱਜਰ ਉੱਤੇ ਪਹਿਲਾਂ ਵੀ ਕਈ ਗੰਭੀਰ ਮਾਮਲੇ ਦਰਜ ਹਨ ਜਿਨ੍ਹਾਂ ਵਿਚ ਐੱਨ.ਡੀ.ਪੀ.ਐੱਸ. ਐਕਟ ਅਤੇ ਝਗੜੇਬਾਜ਼ੀ ਦੇ ਕੇਸ ਸ਼ਾਮਲ ਹਨ। ਪੁਲਸ ਅਧਿਕਾਰੀ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਤੋਂ ਅੱਗੇ ਪੁੱਛਗਿੱਛ ਜਾਰੀ ਹੈ ਅਤੇ ਇਸ ਗਿਰੋਹ ਦੇ ਹੋਰ ਮੈਂਬਰਾਂ ਦੀ ਗ੍ਰਿਫਤਾਰੀ ਅਤੇ ਅਹਿਮ ਖ਼ੁਲਾਸੇ ਹੋਣ ਦੀ ਪੂਰਨ ਸੰਭਾਵਨਾ ਹੈ। ਦੋਰਾਹਾ ਪੁਲਸ ਨੂੰ ਆਸ ਹੈ ਕਿ ਪੁਲਸ ਹੋਰ ਵੱਡੇ ਨਸ਼ਾ ਸਪਲਾਇਰਾਂ ਤੱਕ ਵੀ ਪਹੁੰਚ ਬਣਾ ਸਕੇਗੀ।

## ਬੇਹਤਰ ਜਨ ਪ੍ਰਬੰਧਨ ਅਤੇ ਕਿਸਾਨਾਂ ਦੀ ਸਹੂਲਤ ਲਈ ਸਰਕਾਰ ਪ੍ਰਤੀਬੱਧ-ਸ਼ਰੂਤੀ ਚੌਧਰੀ

ਚੰਡੀਗੜ੍ਹ, 23 ਸਤੰਬਰ। ਹਰਿਆਣਾ ਦੀ ਸਿੰਚਾਈ ਅਤੇ ਜਲ ਸੰਸਾਧਨ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਦੱਸਿਆ ਕਿ ਨਹਿਰੀ ਪ੍ਰਣਾਲੀ ਨੂੰ ਤਰਕਸੰਗਤ ਬਣਾਉਂਦੇ ਹੋਏ ਪਿਛਲੇ ਸਾਲਾਂ ਵਿੱਚ ਜਿਨ੍ਹਾਂ ਨਹਿਰਾਂ ਦਾ ਕੰਟ?ਰੋਲ ਲੋਹਾਰੂ ਡਿਵੀਜ਼ਨ ਵਿੱਚ ਕਰ ਦਿੱਤਾ ਗਿਆ ਹੈ ਤਾਂ ਜੋ ਸਿਰ ਤੋਂ ਟੇਲ ਤੱਕ ਪਾਣੀ ਦਾ ਕੁਸ਼ਲ ਪ੍ਰਬੰਧਨ ਹੋ ਸਕੇ ਕਿਉਂਕਿ ਵਿਭਾਜਿਤ ਕੰਟ?ਰੋਲ ਕਾਰਨ ਪਾਣੀ ਦੀ ਸਹੀ ਭਰਪਾਈ ਨਹੀਂ ਹੋ ਰਹੀ ਸੀ ਅਤੇ ਕਿਸਾਨਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਅ ਰਿਹਾ ਸੀ। ਸਿੰਚਾਈ ਅਤੇ ਜਨ ਸਰੋਤ ਮੰਤਰੀ ਨੇ ਦੱਸਿਆ ਕਿ ਸਾਡੀ ਸਰਕਾਰ ਕਿਸਾਨਾਂ ਦੇ ਹੱਕਾਂ ਲਈ ਪ੍ਰਤੀਬੱਧ ਹੈ। ਅਸੀ ਯਕੀਨੀ ਕਰ ਰਹੇ ਹਾਂ ਕਿ ਨਹਿਰਾਂ ਦਾ ਬੇਹਤਰ ਪ੍ਰਬੰਧਨ ਹੋਵੇ ਅਤੇ ਕਿਸਾਨਾਂ ਨੂੰ ਆਸਾਨ ਸੇਵਾਵਾਂ ਮੁਹੱਈਆ ਹੋਵੇ। ਉਨ੍ਹਾਂ ਨੇ ਦੱਸਿਆ ਕਿ ਸਰਕਾਰ ਨੇ ਜ਼ਿਲ੍ਹਾ ਭਿਵਾਨੀ ਦੇ ਬਲਾਕ ਸਿਵਾਨੀ ਦੇ ਪਿੰਡ ਖੇੜਾ ਵਿੱਚ 17.54 ਕਰੋੜ ਰੁਪਏ ਦੀ ਲਾਗਤ ਨਾਲ ਆਫਿਸ ਕਾਂਪਲੈਕਸ, ਨਹਿਰ ਆਰਾਮ ਘਰ ਅਤੇ ਸਟਾਫ਼ ਰੂਮ ਦਾ ਉਸਾਰੀ ਕੰਮ ਪ੍ਰਗਤੀ 'ਤੇ ਹੈ। ਇਸ ਦਾ ਕੰਮ 80 ਫੀਸਦੀ ਪੂਰਾ ਹੋ ਚੁੱਕਾ ਹੈ ਅਤੇ ਇੱਥੇ ਲੋਹਾਰੂ, ਸਿਵਾਨੀ ਅਤੇ ਮਿਕਾਡਾ ਡਿਵਿਜ਼ਨ ਦੇ ਐਸਡੀਓ ਇੱਕ ਹੀ ਥਾਂ 'ਤੇ ਬੈਠਣਗੇ। ਇਸ ਨਾਲ ਕਿਸਾਨਾਂ ਨੂੰ ਆਪਣੀ ਸਮੱਸਿਆਵਾਂ ਇੱਕ ਹੀ ਥਾਂ 'ਤੇ, ਆਪਣੇ ਪਿੰਡ ਦੇ ਕੋਲ੍ਹ ਹੀ ਹੱਲ੍ਹ ਕਰਨ ਦੀ ਸਹੂਲਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਨਾਲ ਇੱਕ ਫੈਸਲਾ, ਦੋ ਫਾਇਦੇ ਹੋਣਗੇ। ਨਹਿਰਾਂ ਦਾ ਬੇਹਤਰ ਪ੍ਰਬੰਧਨ ਅਤੇ ਕਿਸਾਨਾਂ ਨੂੰ ਸੇਵਾਵਾਂ ਉਨ੍ਹਾਂ ਦੇ ਘਰ ਦਰਵਾਜੇ 'ਤੇ ਮਿਲੇਗੀ ਅਤੇ ਸਿਰ ਤੋਂ ਟੇਲ ਤੱਕ ਹਰ ਕਿਸਾਨ ਨੂੰ ਪਾਣੀ ਮਿਲੇਗਾ ਅਤੇ ਅਧਿਕਾਰੀਆਂ ਦੀ ਜੁਆਬਦੇਈ ਯਕੀਨੀ ਹੋਵੇਗੀ। ਸਾਡੀ ਸਰਕਾਰ ਸੁਣਦੀ ਹੈ, ਸਮੀਖਿਆ ਕਰਦੀ ਹੈ ਅਤੇ ਫੈਸਲੇ ਲੈਂਦੀ ਹੈ, ਕਿਸਾਨ ਭਲਾਈ ਹੀ ਸਭ ਤੋਂ ਪਹਿਲੀ ਪ੍ਰਾਥਮਿਕਤਾ ਹੈ।

## ਮੁੱਖ ਮੰਤਰੀ ਰੇਖਾ ਨੇ ਲਗਭਗ 18 ਸਾਲਾਂ ਬਾਅਦ ਅੰਤਰ-ਰਾਜੀ ਏਸੀ ਬੱਸ ਸੇਵਾ ਦਾ ਉਦਘਾਟਨ ਕੀਤਾ

Contd...................Front page

ਪਿਛਲੀ ਸਰਕਾਰ ਦੀਆਂ ਅਸਫਲਤਾਵਾਂ ਅਤੇ ਮਾਲੀਆ ਘਾਟੇ ਨੂੰ ਸੰਬੋਧਿਤ ਕਰਦੇ ਹੋਏ, ਮੁੱਖ ਮੰਤਰੀ ਨੇ ਸਵਾਲ ਕੀਤਾ ਕਿ ਪਿਛਲੀਆਂ ਸਰਕਾਰਾਂ ਨੇ ਅਜਿਹੇ ਮਾਲੀਆ ਪੈਦਾ ਕਰਨ ਵਾਲੇ ਖੇਤਰ ਨੂੰ ਕਿਉਂ ਬੰਦ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਭ੍ਰਿਸ਼ਟਾਚਾਰ ਅਤੇ ਅਕੁਸ਼ਲਤਾਵਾਂ ਨੂੰ ਖਤਮ ਕਰਨ ਲਈ ਨਵਾਂ ਆਟੋਮੇਟਿਡ ਫੇਅਰ ਕਲੈਕਸ਼ਨ ਸਿਸਟਮ (AFCS) ਤਿਆਰ ਕੀਤਾ ਹੈ। ਇਹ ਨਵਾਂ ਸਿਸਟਮ ਕਿਰਾਏ ਦੀ ਵਸੂਲੀ ਵਿੱਚ ਪਾਰਦਰਸ਼ਤਾ ਲਿਆਏਗਾ। ਵੇਚੀਆਂ ਗਈਆਂ ਟਿਕਟਾਂ ਦੀ ਗਿਣਤੀ ਨੂੰ ਬੱਸ ਯਾਤਰੀਆਂ ਦੀ ਗਿਣਤੀ ਨਾਲ ਮੇਲਣਾ ਸੰਭਵ ਹੋਵੇਗਾ। ਸਾਰਾ ਬੱਸ ਕਿਰਾਏ ਦਾ ਮਾਲੀਆ ਸਿੱਧੇ DTC ਦੇ ਬੈਂਕ ਖਾਤੇ ਵਿੱਚ ਜਾਵੇਗਾ, ਕਿਸੇ ਹੋਰ ਦੀ ਜੇਬ ਵਿੱਚ ਨਹੀਂ। ਜਦੋਂ ਸਰਕਾਰ ਦਾ ਮਾਲੀਆ ਵਧੇਗਾ ਤਾਂ ਹੀ ਅਸੀਂ ਜਨਤਕ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰ ਸਕਾਂਗੇ। ਸਾਡੀ ਸਰਕਾਰ ਦਾ ਟੀਚਾ DTC ਨੂੰ ਇੱਕ ਮਾਲੀਆ-ਵਾਧੂ ਸੰਗਠਨ ਬਣਾਉਣਾ ਅਤੇ ਇਸਦੇ ਲਾਭ ਹਰ ਨਾਗਰਿਕ ਤੱਕ ਪਹੁੰਚਾਉਣਾ ਹੈ। ਕਈ ਮੁੱਖ ਸੰਚਾਲਨ ਸੁਧਾਰਾਂ ਨੂੰ ਉਜਾਗਰ ਕਰਦੇ ਹੋਏ, ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਰੂਟ ਰੈਸ਼ਨੇਲਾਈਜੇਸ਼ਨ ਰਾਹੀਂ ਸਾਰੇ ਰੂਟਾਂ ਦਾ ਪੁਨਰਗਠਨ ਕੀਤਾ ਜਾਵੇਗਾ, ਆਖਰੀ-ਮੀਲ ਸੰਪਰਕ ਨੂੰ ਯਕੀਨੀ ਬਣਾਇਆ ਜਾਵੇਗਾ, ਬੱਸਾਂ ਨੂੰ ਰਾਜਧਾਨੀ ਦੇ ਹਰ ਕੋਨੇ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ, ਜਿੱਥੇ ਪਿਛਲੀ ਸਰਕਾਰ ਦੇ ਕਾਰਜਕਾਲ ਦੌਰਾਨ ਬੱਸਾਂ ਉਪਲਬਧ ਨਹੀਂ ਸਨ। ਉਨ੍ਹਾਂ ਕਿਹਾ ਕਿ ਇੱਕ ਅਜਿਹਾ ਸਿਸਟਮ ਵਿਕਸਤ ਕੀਤਾ ਗਿਆ ਹੈ ਜਿੱਥੇ ਬੱਸ ਦੇ ਖਰਾਬ ਹੋਣ ਦੀ ਸਥਿਤੀ ਵਿੱਚ, ਨਜ਼ਦੀਕੀ ਬੱਸ ਡਿਪੂ ਤੋਂ ਮਕੈਨਿਕ ਤੁਰੰਤ ਘਟਨਾ ਸਥਾਨ 'ਤੇ ਪਹੁੰਚ ਜਾਣਗੇ, ਜਿਸ ਨਾਲ ਸਮਾਂ ਬਚੇਗਾ ਅਤੇ ਆਵਾਜਾਈ ਦੀ ਭੀੜ ਘੱਟ ਹੋਵੇਗੀ। ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਸਾਡੀ ਸਰਕਾਰ ਬੁਨਿਆਦੀ ਢਾਂਚਾ ਵਿਕਸਤ ਕਰਕੇ, ਸਾਰੇ ਬੱਸ ਡਿਪੂਆਂ ਵਿੱਚ ਚਾਰਜਿੰਗ ਸਟੇਸ਼ਨ ਸਥਾਪਤ ਕਰਕੇ ਅਤੇ ਆਈਐਸਬੀਟੀ ਨੂੰ ਸ਼ਾਨਦਾਰ ਆਵਾਜਾਈ ਕੇਂਦਰ ਵਜੋਂ ਵਿਕਸਤ ਕਰਕੇ ਡੀਟੀਸੀ ਨੂੰ ਮੁੜ ਸੁਰਜੀਤ ਕਰਨ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਹ ਬੱਸਾਂ ਮਹਾਰਾਣਾ ਪ੍ਰਤਾਪ ਆਈਐਸਬੀਟੀ ਤੋਂ ਬੜੌਤ ਤੱਕ ਖੇਤਰੀ ਸੰਪਰਕ ਨੂੰ ਮਜ਼ਬੂਤ ??ਕਰਨਗੀਆਂ ਅਤੇ ਨਿੱਜੀ ਬੱਸ ਆਪਰੇਟਰਾਂ 'ਤੇ ਨਿਰਭਰਤਾ ਨੂੰ ਵੀ ਘਟਾਉਣਗੀਆਂ ਅਤੇ ਵਾਤਾਵਰਣ ਅਨੁਕੂਲ ਗਤੀਸ਼ੀਲਤਾ ਨੂੰ ਉਤਸ਼ਾਹਿਤ ਕਰਨਗੀਆਂ।


**NAME CHANGE**

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**

It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**

It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**

I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**

It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**

I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**

I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**

I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**

I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**

I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**

I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**

It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**

It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**

I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**

I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**

I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**

ਆਲੂ ਦੀ ਫ਼ਸਲ ਬੀਜਣ ਸਮੇਂ 20 ਟਨ ਦੇਸੀ ਗਲੀ ਸੜੀ ਰੂੜੀ, 80 ਕਿਲੋ ਯੂਰੀਆ, 155 ਕਿਲੋ ਸਿੰਗਲ ਸੁਪਰਫਾਸਫੇਟ, 40 ਕਿਲੋ ਮਿਊਰੇਟ ਆਫ ਪੋਟਾਸ਼ ਖਾਦ ਪ੍ਰਤੀ ਏਕੜ ਦੇ ਹਿਸਾਬ ਖੇਤ ਵਿੱਚ ਪਾਉ। ਦੇਸੀ ਖਾਦ ਬਿਜਾਈ ਦੇ ਦਸ ਦਿਨ ਪਹਿਲਾਂ ਪਾਉ। ਜਦੋਂ ਕਿ ਦੂਸਰੀਆਂ ਖਾਦਾਂ ਬਿਜਾਈ ਸਮੇਂ ਪਾਉ ਅਤੇ ਇਨ੍ਹਾਂ ਨੂੰ ਜ਼ਮੀਨ ਵਿੱਚ ਮਿਲਾ ਦਿਉ। ਨਦੀਨਾਂ ਦੀ ਰੋਕਥਾਮ ਲਈ ਸਟੌਂਪ 30 ਈ ਸੀ ਇੱਕ ਲਿਟਰ ਜਾਂ ਐਟਰਾਟਾਫ਼ 50 ਘੁਲਣਸ਼ੀਲ ਜਾਂ ਸੈਨਕੋਰ 70 ਤਾਕਤ ਨਦੀਨ ਉੱਗਣ ਤੋਂ ਪਹਿਲਾਂ 200 ਗ੍ਰਾਮ ਪ੍ਰਤੀ ਏਕੜ ਜਾਂ ਗਰਾਮੈਕਸੋਨ 500-750 ਮਿਲੀਲਿਟਰ ਦਾ ਛਿੜਕਾਅ ਤਦ ਕਰੋ ਜਦੋਂ ਫ਼ਸਲ 5-10 ਪ੍ਰਤੀਸ਼ਤ ਤੱਕ ਉੱਗ ਆਈ ਹੋਵੇ, ਪਰ ਨਦੀਨ ਪੂਰੀ ਤਰ੍ਹਾਂ ਉੱਗ ਆਏ ਹੋਣ। ਐਟਰਾਟਾਫ਼ ਉਨ੍ਹਾਂ ਖੇਤਾਂ ਵਿੱਚ ਨਾ ਵਰਤੋ ਜਿੱਥੇ ਆਲੂਆ ਤੋ ਪਿੱਛੋ ਕੱਦੂ ਜਾਤੀ ਦੀਆਂ ਸਬਜ਼ੀਆਂ ਦੀ ਬਿਜਾਈ ਕਰਨੀ ਹੈ। ਝੁਲਸ ਰੋਗ ਦੀ ਰੋਕਥਾਮ ਲਈ ਨਿਰੋਗ ਅਤੇ ਨਰੋਇਆ ਬੀਜ ਵਰਤੋ। ਬਿਮਾਰ ਅਤੇ ਰੱਦੀ ਆਲੂਆਂ ਨੂੰ ਗੁਦਾਮਾਂ ਵਿੱਚੋਂ ਕੱਢਣ ਤੇ ਛਾਂਟੀ ਕਰਨ ਪਿੱਛੋਂ ਢੇਰਾਂ ਵਿੱਚ ਨਾ ਛੱਡੋ, ਸਗੋਂ ਟੋਏ ਕੱਢ ਕੇ ਦੱਬ ਦਿਉ। ਬੀਜ ਨੂੰ ਬੀਮਾਰੀ (ਪਿਛੇਤੇ ਝੁਲਸ ਰੋਗ) ਤੋਂ ਮੁਕਤ ਰੱਖਣ ਲਈ ਉੱਚੀਆਂ ਵੱਟਾਂ ਬਣਾਉ ਅਤੇ ਖਰੀਫ਼ ਰੋਗ ਤੋਂ ਬਚਾਅ ਲਈ ਬੀਜ ਨੂੰ 10 ਮਿੰਟ ਲਈ 0.25% ਮੋਨਸਰਨ ਦੇ ਘੋਲ ਵਿੱਚ ਸੋਧ ਲਉ। ਸਕੈਬ ਦੀ ਬਿਮਾਰੀ ਘਟਾਉਣ ਲਈ ਮਿੱਟੀ ਸਿੱਲ੍ਹੀ ਰੱਖੋ। ਜੇਕਰ ਅਕਤੂਬਰ ਦੇ ਤੀਸਰੇ-ਚੌਥੇ ਹਫ਼ਤੇ ਭਾਰੀ ਬਾਰਸ਼ ਹੋਈ ਹੈ ਤਾਂ ਫ਼ਸਲ ਨੂੰ ਪਿਛੇਤੇ ਝੁਲਸ ਰੋਗ ਤੋਂ ਬਚਾਉਣ ਲਈ ਇੰਡੋਫਿਲ ਐਮ-45 ਦਾ 500-700 ਗ੍ਰਾਮ ਪ੍ਰਤੀ ਏਕੜ ਦੇ ਹਿਸਾਬ ਫ਼ਸਲ ਤੇ ਛਿੜਕਾਅ ਕਰੋ।

## ਪੱਤੇਦਾਰ ਸਬਜ਼ੀਆਂ

ਪਾਲਕ ਦਾ 5 ਕਿਲੋ ਬੀਜ ਪ੍ਰਤੀ ਏਕੜ 20 ਸੈ.ਮੀ. ਦਾ ਫਾਸਲੇ ਤੇ ਕਤਾਰਾਂ ਵਿੱਚ ਬੀਜੋ। 10 ਟਨ ਗਲੀ ਸੜੀ ਰੂੜੀ, 35 ਕਿਲੋ ਯੂਰੀਆ ਅਤੇ 75 ਕਿਲੋ ਸੁਪਰਫਾਸਫੇਟ ਪ੍ਰਤੀ ਏਕਛੜ ਬਿਜਾਈ ਤੋਂ ਪਹਿਲਾ ਪਾਉ। ਸਲਾਦ ਦਾ 400 ਗ੍ਰਾਮ ਬੀਜ ਪ੍ਰਤੀ ਏਕੜ ਵਾਸਤੇ ਨਰਸਰੀ ਵਿੱਚ ਬੀਜੋ। ਬੀਜ ਜਾਂ ਪਨੀਰੀ ਲਾਉਣ ਤੋ ਪਹਿਲਾ 55 ਕਿਲੋ ਯੂਰੀਆਂ ਅਤੇ 75 ਕਿਲ ਸਿੰਗਲ ਸੁਪਰਫਾਸਫੇਟ ਪ੍ਰਤੀ ਏਕੜ ਬਿਜਾਈ ਵੇਲੇ ਪਾਉ। ਕਤਾਰਾਂ ਅਤੇ ਬੂਟਿਆਂ ਦਾ ਫਾਸਲਾਂ 45 ਅਤੇ 30 ਸੈ.ਮੀ. ਰੱਖੋ।

## ਟਮਾਟਰ

100 ਗ੍ਰਾਮ ਬੀਜ ਇੱਕ ਏਕੜ ਦੀ ਪਨੀਰੀ ਤਿਆਰ ਕਰਨ ਲਈ ਦਰ ਮਰਲੇ (50 ਸੁਕੇਅਰ ਮੀਟਰ) ਵਿੱਚ ਬੀਜੋ। ਨਜ਼ਦੀਕ ਮੰਡੀਆਂ ਅਤੇ ਘਰ ਬਗੀਚਿਆਂ ਲਈ ਪੰਜਾਬ ਐੱਨ ਆਰ 7 ਕਿਸਮ ਬੀਜੋ। ਕੁਝ ਦੂਰ ਵਾਲੀਆਂ ਮੰਡੀਆਂ ਲਈ ਅਤੇ ਟਮਾਟਰਾਂ ਤੋਂ ਤਿਆਰ ਹੋਣ ਵਾਲੇ ਪਦਾਰਥਾਂ ਲਈ ਪੰਜਾਬ ਛੁਹਾਰਾ ਜਾਂ ਟੀ ਐਚ-1 ਕਿਸਮਾਂ ਬੀਜੋ। ਜਿੰਨ੍ਹਾਂ ਖੇਤਾਂ ਵਿੱਚ ਨੀਮਾਟੋਡ ਹੋਣ, ਉਨ੍ਹਾਂ ਵਿੱਚ ਪੰਜਾਬ ਐਨ ਆਰ 7 ਕਿਸਮ ਬੀਜੋ। ਹੋਰ ਕਿਸਮਾਂ ਪੰਜਾਬ ਰੱਤਾ ਅਤੇ ਪੰਜਾਬ ਉਪਮਾ ਵੀ ਬੀਜੀਆਂ ਜਾ ਸਕਦੀਆਂ ਹਨ। ਨਰਸਰੀ ਲਗਾਉਣ ਤੋਂ ਪਹਿਲਾ ਬੀਜ ਨੂੰ ਕੈਪਟਾਨ ਜਾਂ ਥਰਿਮ 3 ਗ੍ਰਾਮ ਪ੍ਰਤੀ ਕਿਲੋ ਬੀਜ ਦੇ ਹਿਸਾਬ ਨਾਲ ਸੋਧੋ।

## ਗੰਢੇ

ਗੰਢਿਆਂ ਦੀ ਪਨੀਰੀ ਤਿਆਰ ਕਰਨ ਲਈ 15 ਤੋਂ 20 ਸੈਂਟੀਮੀਟਰ ਉੱਚੇ ਬੈੱਡ ਰੱਖ ਕੇ 4-5 ਕਿਲੋ ਬੀਜ ਇੱਕ ਏਕੜ ਦੀ ਬਿਜਾਈ ਲਈ 8 ਮਰਲੇ ਵਿੱਚ ਬੀਜ ਦਿਓ। ਪੰਜਾਬ ਨਰੋਆ, ਪੀ ਆਰ ਓ-6 ਅਤੇ ਪੰਜਾਬ ਵਾਈਟ ਕਿਸਮਾਂ ਬੀਜੋ। ਪਨੀਰੀ ਅਤੇ ਖੇਤ ਦੀ ਅਨੁਪਾਤ 1:20 ਰੱਖੋ। ਸਾਉਣੀ ਦੀ ਫ਼ਸਲ ਨੂੰ ਹਫਤੇ ਪਿੱਛੋਂ ਪਾਣੀ ਦਿੰਦੇ ਰਹੋ। ਜੇਕਰ ਬੀਜ ਬਨਾਉਣਾ ਹੈ ਤਾਂ ਗੰਢੇ ਬੀਜ ਦਿਉ।

### ਗੋਭੀ

*ਬੰਦ ਗੋਭੀ 60-45 ਸੈਂ. ਮੀ, ਚੀਨੀ ਗੋਭੀ 30-30 ਸੈਂ. ਮੀ. ਅਤੇ ਫੁੱਲ ਗੋਭੀ 45-30 ਸੈਂ. ਮੀ. ਅਤੇ ਬਰੋਕਲੀ 45-45 ਦੀ ਵਿੱਥ ਤੇ 4 ਤੋਂ 6 ਹਫਤੇ ਪੁਰਾਣੀ ਪੁੱਕ ਕੇ ਲਗਾਉਣੀ ਸੁਰੂ ਕਰ ਦਿਉ। ਹਫਤੇ-ਹਫਤੇ ਬਾਅਦ ਪਾਣੀ ਦਿੰਦੇ ਰਹੋ। ਜਿੱਥੇ ਬੂਟੇ ਮਰ ਗਏ ਹਨ, ਦੁਬਾਰਾ ਲਗਾ ਕੇ ਪਾਣੀ ਦੇ ਦਿਉ ਤਾਂ ਚੰਗੀ ਫਸਲ ਮਿਲੇ। ਬੀਜ ਬਣਾਉਣ ਲਈ ਵਧੀਆ ਫੁੱਲਗੋਭੀ ਦੇ ਬੂਟੇ ਜੜ੍ਹਾਂ ਸਮੇਤ ਗਾਚੀ ਪੁੱਟ ਕੇ 60]45 ਸੈ.ਮੀ. ਦੇ ਫਾਸਲੇ ਤੇ ਲਗਾ ਦਿਓ।*



### ਮਟਰ

*ਅਕਤੂਬਰ ਦੇ ਪਹਿਲੇ ਪੰਦਰਵਾੜੇ ਵਿਚ ਮਟਰ ਅਗੇਤਾ-7, ਮਟਰ ਅਗੇਤਾ-6 ਅਤੇ ਅਰਕਲ ਦੀ ਬਿਜਾਈ ਸ਼ੁਰੂ ਕਰ ਦਿਉ। ਅੱਧ ਅਕਤੂਬਰ ਤੋਂ ਮਟਰਾਂ ਦੀਆਂ ਕਿਸਮਾਂ ਪੰਜਾਬ-89 ਅਤੇ ਮਿੱਠੀ ਫ਼ਲੀ ਦੀ ਬਿਜਾਈ 30-10 ਸੈ.ਮੀ. ਦੇ ਫਾਸਲੇ ਤੇ ਕਰੋ। 45 ਕਿਲੋ ਯੂਰੀਆ, 155 ਕਿਲੋ ਸਿੰਗਲ ਸੁਪਰਫਾਸਫੇਟ ਪ੍ਰਤੀ ਏਕੜ ਬਿਜਾਈ ਵੇਲੇ ਪਾਓ। ਮਟਰਾਂ ਦੇ ਉਖੇੜਾ ਰੋਗ ਨੂੰ ਰੋਕਣ ਲਈ ਬੀਜ ਨੂੰ ਬੀਜਣ ਤੋਂ ਪਹਿਲਾ ਇੱਕ ਗ੍ਰਾਮ ਬਾਵਿਸਟਨ ਜਾਂ 2 ਗ੍ਰਾਮ ਕੈਪਟਾਨ ਜਾਂ ਸੂਡੋਮੋਨਾਸ ਫਲੋਰੇਸੈਂਸ ਫਾਰਮੂਲੇਸ਼ਨ 15 ਗ੍ਰਾਮ+1ਗ੍ਰਾਮ ਕੈਪਟਾਨ ਪ੍ਰਤੀ ਕਿਲੋ ਬੀਜ ਨਾਲ ਸੋਧੋ। ਤਣੇ ਦੀ ਮੱਖੀ ਦੀ ਰੋਕਥਾਮ ਲਈ 3 ਕਿਲੋ ਥਿਮਟ 10 ਜੀ (ਫੋਰੇਟ) ਜਾਂ 10 ਕਿਲੋ ਫੁਰਾਡਾਨ 3 ਜੀ (ਕਾਰਬੋਫੂਰਾਨ) ਪ੍ਰਤੀ ਏਕੜ ਬਿਜਾਈ ਸਮੇਂ ਸਿਆੜਾ ਵਿੱਚ ਪਾਓ। ਦਾਣੇਦਾਰ ਜ਼ਹਿਰਾਂ ਦੀ ਵਰਤੋ ਦਸਤਾਨੇ ਪਹਿਨ ਕੇ ਕਰੋ।*

• ਅਮਨਦੀਪ ਸਿੰਘ ਬਰਾੜ, ਚੰਦਰ ਮੋਹਨ, ਤਰਸੇਮ ਸਿੰਘ ਢਿੱਲੋਂ



• ਡਾ. ਸਰਬਜੀਤ ਸਿੰਘ ਸੂਚ

# ਬਾਇਓ ਗੈਸ ਪਲਾਂਟ ਦੀ ਸਫ਼ਲਤਾ ਪੂਰਵਕ ਵਰਤੋਂ

*ਡੇਅਰੀ ਫਾਰਮਾਂ 'ਚ ਮੌਜੂਦ ਗੋਬਰ ਦੀ ਸਹੀ ਵਰਤੋਂ ਵਾਸਤੇ ਵੱਡੇ ਆਕਾਰ ਦੇ ਬਾਇਓ ਗੈਸ ਪਲਾਂਟ ਲਗਾਉਣਾ ਸਮੇਂ ਦੀ ਮੁੱਖ ਮੰਗ ਹੈ। ਇਨ੍ਹਾਂ ਪਲਾਂਟਾਂ ਤੋਂ ਪੈਦਾ ਹੋਈ ਗੈਸ ਦੀ ਵਰਤੋਂ ਖਾਣਾ ਬਣਾਉਣ ਤੇ ਬਿਜਲੀ ਪੈਦਾ ਕਰਨ ਲਈ ਕੀਤੀ ਜਾ ਸਕਦੀ ਹੈ। ਗੈਸ ਪਲਾਂਟ 'ਚੋਂ ਨਿਕਲਣ ਵਾਲੀ ਸੱਲਰੀ ਦੀ ਵਰਤੋਂ ਖਾਦ ਦੇ ਤੌਰ 'ਤੇ ਕੀਤੀ ਜਾ ਸਦੀ ਹੈ...*

ਪੰਜਾਬ ਵਿਚ ਕਰੀਬ ਡੇਢ ਦਹਾਕੇ ਦੌਰਾਨ ਡੇਅਰੀ ਫਾਰਮਿੰਗ ਦੇ ਧੰਦੇ 'ਚ ਬਹੁਤ ਤੇਜ਼ੀ ਆਈ ਹੈ। ਇਸ ਵੇਲੇ ਪੰਜਾਬ ਵਿਚ ਕਰੀਬ 4000 ਡੇਅਰੀ ਫਾਰਮ ਹਨ, ਜਿਨ੍ਹਾਂ ਵਿਚ 50 ਤੋਂ 500 ਪਸ਼ੂ ਪ੍ਰਤੀ ਫਾਰਮ ਮੌਜੂਦ ਹਨ। ਇਨ੍ਹਾਂ ਡੇਅਰੀ ਫਾਰਮਾਂ 'ਚ ਮੌਜੂਦ ਗੋਬਰ ਦੀ ਸਹੀ ਵਰਤੋਂ ਵਾਸਤੇ ਵੱਡੇ ਆਕਾਰ ਦੇ ਬਾਇਓ ਗੈਸ ਪਲਾਂਟ ਲਗਾਉਣਾ ਸਮੇਂ ਦੀ ਮੁੱਖ ਮੰਗ ਹੈ। ਇਨ੍ਹਾਂ ਪਲਾਂਟਾਂ ਤੋਂ ਪੈਦਾ ਹੋਈ ਗੈਸ ਦੀ ਵਰਤੋਂ ਖਾਣਾ ਬਣਾਉਣ ਤੇ ਬਿਜਲੀ ਪੈਦਾ ਕਰਨ ਲਈ ਕੀਤੀ ਜਾ ਸਕਦੀ ਹੈ। ਗੈਸ ਪਲਾਂਟ 'ਚੋ ਨਿਕਲਣ ਵਾਲੀ ਸੱਲਰੀ ਦੀ ਵਰਤੋਂ ਖਾਦ ਦੇ ਤੌਰ 'ਤੇ ਕੀਤੀ ਜਾ ਸਕਦੀ ਹੈ।

## ਗੈਸ ਤਿਆਰ ਕਰਨ ਲਈ ਵੱਡੇ ਵਸੀਲੇ

ਪੰਜਾਬ ਵਿਚ ਇਸ ਵੇਲੇ ਕਰੀਬ 15 ਹਜ਼ਾਰ ਮੁਰਗੀ ਫਾਰਮ ਹਨ। ਇਨ੍ਹਾਂ 'ਚ ਪੈਦਾ ਕੀਤੇ ਜਾਣ ਵਾਲੇ ਮੁਰਗਿਆਂ ਦੀ ਵਰਤੋਂ ਮਾਸ ਵਾਸਤੇ ਕੀਤੀ ਜਾਂਦੀ ਹੈ। ਇਨ੍ਹਾਂ ਮੁਰਗੀ ਫਾਰਮਾਂ ਵਿਚ 2 ਹਜ਼ਾਰ ਤੋ 50 ਹਜ਼ਾਰ ਮੁਰਗੇ ਪ੍ਰਤੀ ਫਾਰਮ ਮੌਜੂਦ ਹਨ। ਇਸੇ ਤਰ੍ਹਾਂ ਪੰਜਾਬ 'ਚ ਕਰੀਬ 2 ਹਜ਼ਾਰ ਆਂਡੇ ਪੈਦਾ ਕਰਨ ਵਾਲੇ ਮਰਗੀ ਫਾਰਮ ਹਨ। ਇਨ੍ਹਾਂ ਫਾਰਮਾਂ 'ਚ ਕਰੀਬ 10 ਹਜ਼ਾਰ ਤੋਂ 3 ਲੱਖ ਮੁਰਗੀਆਂ ਪ੍ਰਤੀ ਫਾਰਮ ਮੌਜੂਦ ਹਨ। ਇਨ੍ਹਾਂ ਮੁਰਗੀ ਫਾਰਮਾਂ ਵਿਚ ਵੱਡੀ ਮਾਤਰਾ 'ਚ ਵਿੱਠਾਂ ਮੌਜੂਦ ਹਨ, ਜਿਨ੍ਹਾਂ ਨਾਲ ਵੱਡੀ ਸਮਰਥਾ ਵਾਲੇ ਬਾਇਓ ਗੈਸ ਪਲਾਂਟ ਲਗਾਏ ਜਾ ਸਕਦੇ ਹਨ। ਇਨ੍ਹਾਂ ਪਲਾਂਟਾਂ ਤੋਂ ਪੈਦਾ ਹੋਈ ਗੈਸ ਨਾਲ ਖਾਣਾ ਬਣਾਉਣ ਤੋਂ ਇਲਾਵਾ ਪੈਦਾ ਹੋਣ ਵਾਲੀ ਬਿਜਲੀ ਨੂੰ ਵੱਖ-ਵੱਖ ਕੰਮਾਂ ਲਈ ਵਰਤਿਆ ਦਾ ਸਕਦਾ ਹੈ।

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਨੇ ਡੇਅਰੀ ਫਾਰਮਰਾਂ, ਪੋਲਟਰੀ ਫਾਰਮਾਂ, ਗਊਸ਼ਾਲਾਵਾਂ, ਇੰਡਸਟਰੀਜ਼, ਵਿੱਦਿਅਕ ਅਦਾਰਿਆਂ, ਧਾਰਮਿਕ ਅਦਾਰਿਆਂ ਆਦਿ ਦੀ ਜ਼ਰੂਰਤ ਮੁਤਾਬਿਕ ਵੱਡੀ ਸਮਰਥਾ ਵਾਲੇ ਬਾਇਓ ਗੈਸ ਪਲਾਂਟ (ਮੌਡੀਫਾਈਡ ਪੀਏਯੂ ਜਨਤਾ ਮਾਡਲ ਬਾਇਓ ਗੈਸ ਪਲਾਂਟ) ਸੰਨ 2005 ਵਿਚ ਤਿਆਰ ਕੀਤਾ ਸੀ। ਇਹ ਪਲਾਂਟ ਜਨਤਾ ਪਲਾਂਟ ਦਾ ਹੀ ਵੱਡੀ ਸਮਰਥਾ ਵਾਲਾ ਮਾਡਲ ਹੈ। ਇਸ ਪਲਾਂਟ ਦੀ ਚਿਣਾਈ (ਨਿਰਮਾਣ) ਵੀ ਆਸਾਨ ਹੁੰਦੀ ਹੈ ਤੇ ਇਸ ਨੂੰ ਬਨਾਉਣ ਦਾ ਤਰੀਕਾ ਦੀਨਬੰਧੂ ਬਾਇਓ ਗੈਸ ਪਲਾਂਟ ਵਰਗਾ ਹੀ ਹੈ।

### ਖਾਦ ਦੇ ਤੌਰ 'ਤੇ ਵਰਤੀ ਜਾਂਦੀ ਹੈ ਸੱਲਰੀ

*ਗੈਸ ਪਾਈਪ ਲਾਈਨ ਤੇ ਹੋਰ ਸਮਾਨ ਦੇ ਰਖ-ਰਖਾਓ ਦਾ ਸਾਰਾ ਖ਼ਰਚਾ ਸਹਿਕਾਰੀ ਸਭਾ ਵੱਲੋਂ ਕੀਤਾ ਜਾਂਦਾ ਹੈ। ਬਾਇਓ ਗੈਸ ਪਲਾਂਟ ਵਿੱਚੋਂ ਨਿਕਲਣ ਵਾਲੀ ਸਲੱਰੀ ਦੀ ਵਰਤੋਂ ਖੇਤਾਂ ਵਿਚ ਖਾਦ ਦੇ ਤੌਰ 'ਤੇ ਕੀਤੀ ਜਾਂਦੀ ਹੈ। ਇਹ ਸਲੱਰੀ 5,000 ਲਿਟਰ ਸਮਰਥਾ ਵਾਲੇ ਟੈਂਕਰ 'ਚ ਭਰ ਕੇ ਪ੍ਰਤੀ ਟੈਂਕਰ ਇਕ ਹਜ਼ਾਰ ਰੁਪਏ ਦੇ ਹਿਸਾਬ ਨਾਲ ਵੇਚੀ ਜਾਂਦੀ ਹੈ। ਇਲਾਕੇ ਦੇ ਕਿਸਾਨਾਂ ਵੱਲੋਂ ਖੇਤੀ ਦੇ ਤੌਰ 'ਤੇ ਬੇਹੱਦ ਪਸੰਦ ਕੀਤਾ ਜਾ ਰਿਹਾ ਹੈ। ਪਿੰਡ ਦੇ ਬਹੁਤੇ ਘਰਾਂ ਨੇ ਲੋ-ਪ੍ਰੈਸ਼ਰ ਗੈਸ (ਐੱਲਪੀਜੀ) ਅਤੇ ਊਰਜਾ ਦੇ ਹੋਰਨਾਂ ਸਾਧਨਾਂ ਦੀ ਖਾਣਾ ਬਣਾਉਣ ਵਾਸਤੇ ਵਰਤੋਂ ਬੰਦ ਕਰ ਦਿੱਤੀ ਹੈ। ਇਸ ਪਲਾਂਟ ਤੋਂ ਪੈਦਾ ਹੋਈ ਗੈਸ ਦੀ ਪਿੰਡ ਦੇ ਸਕੂਲ ਵਿਚ 130 ਬੱਚਿਆਂ ਲਈ ਮਿਡ-ਡੇ-ਮੀਲ ਬਣਾਉਣ ਵਾਸਤੇ ਵੀ ਵਰਤੋਂ ਕੀਤੀ ਜਾਂਦੀ ਹੈ।*

## ਪੀਏਯੂ ਮਾਡਲ ਬਾਇਓ ਗੈਸ ਪਲਾਂਟ ਦੀਆਂ ਖ਼ੂਬੀਆਂ

ਇਹ ਬਾਇਓ ਗੈਸ ਪਲਾਂਟ ਇੱਟਾਂ ਨਾਲ ਬਣਾਇਆ ਜਾਂਦਾ ਹੈ ਤੇ ਇਸ ਵਿਚ ਕੰਕਰੀਟ ਜਾਂ ਲੋਹੇ ਦੀ ਵਰਤੋਂ ਨਹੀਂ ਕੀਤੀ ਜਾਂਦੀ। ਇਹ ਪਲਾਂਟ ਦੇਸ਼ ਭਰ ਵਿਚ ਕਿਤੇ ਵੀ ਲਗਾਇਆ ਜਾ ਸਕਦਾ ਹੈ। ਇਸ ਦੀ ਸਮਰਥਾ 25 ਤੋਂ 500 ਘਣ ਮੀਟਰ ਪ੍ਰਤੀ ਦਿਨ ਹੈ। ਇਨ੍ਹਾਂ ਪਲਾਂਟਾਂ ਵਿਚ ਗੋਹੇ 'ਚ ਪਾਣੀ ਦੀ ਮਾਤਰਾ ਨੂੰ 40-50 ਫ਼ੀਸਦੀ ਤਕ ਘਟਾਇਆ ਜਾ ਸਕਦਾ ਹੈ। ਇਸ ਦੇ ਰੱਖ-ਰਖਾਓ 'ਤੇ ਦੂਜੇ, ਕੰਕਰੀਟ ਤੇ ਲੋਹੇ ਵਾਲੇ ਪਲਾਂਟ ਦੇ ਮੁਕਾਬਲੇ 40 ਤੋਂ 50 ਫ਼ੀਸਦੀ ਘੱਟ ਖ਼ਰਚ ਆਉਂਦਾ ਹੈ। ਪਲਾਂਟ ਦੀ ਕੀਮਤ 3 ਤੋਂ 4 ਸਾਲ ਵਿਚ ਵਸੂਲ ਕੀਤੀ ਜਾ ਸਕਦੀ ਹੈ। ਭਾਰਤ ਸਰਕਾਰ ਦੇ ਨਵੀਨ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰਾਲੇ ਵੱਲੋਂ ਇਨ੍ਹਾਂ ਪਲਾਂਟਾਂ ਨੂੰ ਲਗਾਉਣ ਵਾਸਤੇ ਪੀਏਯੂ ਰਾਹੀਂ ਸਬਸਿਡੀ ਵੀ ਦਿੱਤੀ ਜਾਂਦੀ ਹੈ।

ਹੁਣ ਤਕ ਪੰਜਾਬ ਵਿਚ ਇਸ ਤਰ੍ਹਾਂ ਦੇ 100 ਬਾਇਓ ਗੈਸ ਪਲਾਂਟ ਲਗਾਏ ਜਾ ਚੁੱਕੇ ਹਨ, ਜੋ ਸਫ਼ਲਤਾ-ਪੂਰਵਕ ਚੱਲ ਰਹੇ ਹਨ। ਭਾਰਤ ਦੇ ਦੂਸਰੇ ਸੂਬਿਆਂ ਹਰਿਆਣਾ, ਰਾਜਥਾਨ, ਤਮਿਲਨਾਡੂ, ਮੱਧ ਪ੍ਰਦੇਸ਼, ਗੁਜਰਾਤ, ਝਾਰਖੰਡ, ਗੋਆ, ਕਰਨਾਟਕ, ਉੱਤਰ ਪ੍ਰਦੇਸ਼ ਵਿਚ ਪੀਏਯੂ ਵੱਲੋਂ 25 ਬਾਇਓ ਗੈਸ ਪਲਾਂਟ ਲਗਾਏ ਜਾ ਚੁੱਕੇ ਹਨ।

## ਕੋ-ਆਪ੍ਰੇਟਿਵ ਸਹਿਕਾਰੀ ਸਭਾ ਦਾ ਅਹਿਮ ਉਪਰਾਲਾ

ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਲਾਂਬੜਾ ਕਾਂਗੜੀ ਬਹੁਮੰਤਵੀ ਕੋ-ਆਪ੍ਰੇਟਿਵ ਸਹਿਕਾਰੀ ਸਭਾ ਦੇ ਪਾਜੈਕਟ ਮੈਨੇਜਰ ਜਸਵਿੰਦਰ ਸਿੰਘ ਨੇ ਸਹਿਕਾਰੀ ਸਭਾ ਵਿਚ ਪੀਏਯੂ ਮਾਡਲ ਬਾਇਓ ਗੈਸ ਪਲਾਂਟ ਲਗਾਉਣ ਵਾਸਤੇ ਪੀਏਯੂ ਦੇ ਨਵਿਆਉਣਯੋਗ ਊਰਜਾ ਇੰਜਨੀਅਰਿੰਗ ਸਕੂਲ ਕੋਲ ਪਹੁੰਚ ਕੀਤੀ।

ਜਸਵਿੰਦਰ ਸਿੰਘ ਇਸ ਗੈਸ ਪਲਾਂਟ ਤੋਂ ਪੈਦਾ ਹੋਣ ਵਾਲੀ ਬਾਇਓ ਗੈਸ ਨੂੰ ਆਪਣੇ ਪਿੰਡ ਦੇ 30-40 ਘਰਾਂ ਨੂੰ ਮੁਫ਼ਤ ਸਪਲਾਈ ਕਰਨਾ ਚਾਹੁੰਦੇ ਸਨ। ਵਿਚਾਰ-ਚਰਚਾ ਤੋਂ ਬਾਅਦ ਪੀਏਯੂ ਵਿਗਿਆਨੀਆਂ ਵੱਲੋਂ 100 ਘਣ ਮੀਟਰ ਸਮਰਥਾ ਵਾਲਾ ਬਾਇਓ ਗੈਸ ਪਲਾਂਟ ਲਗਾਉਣ ਦਾ ਫ਼ੈਸਲਾ ਕੀਤਾ ਗਿਆ। ਇਸ ਬਾਇਓ ਗੈਸ ਪਲਾਂਟ ਦੀ ਚਿਣਾਈ ਫਰਵਰੀ 2016 ਵਿਚ ਮੁਕੰਮਲ ਹੋਈ ਤੇ ਗੋਬਰ ਪਾਉਣ ਤੋਂ ਬਾਅਦ ਮਾਰਚ 2016 ਵਿਚ ਪਲਾਂਟ ਤੋਂ ਬਾਇਓ ਗੈਸ ਪੈਦਾ ਹੋਣੀ ਸ਼ੁਰੂ ਹੋ ਗਈ। ਇਹ ਸਕੂਲ ਹੁਣ ਤਕ ਇਸ ਪ੍ਰਾਜੈਕਟ ਦੀ ਦੇਖ-ਰੇਖ ਕਰ ਰਿਹਾ ਹੈ।

## ਇਕ ਪਲਾਂਟ ਤੋਂ ਬਹੁਤ ਸਾਰੇ ਘਰਾਂ ਨੂੰ ਗੈਸ ਦੀ ਸਪਲਾਈ

ਲਾਂਬੜਾ ਕਾਂਗੜੀ ਬਹੁਮੰਤਵੀ ਕੋ-ਆਪ੍ਰੇਟਿਵ ਸਹਿਕਾਰੀ ਸਭਾ ਲਿਮਟਿਡ, ਪਿੰਡ ਤੇ ਡਾਕਘਰ ਲਾਂਬੜਾ ਕਾਂਗੜੀ, ਜ਼ਿਲ੍ਹਾ ਹੁਸ਼ਿਆਰਪੁਰ ਦੇ ਇਸ ਬਾਇਓ ਗੈਸ ਪਲਾਂਟ ਨੂੰ ਗੋਬਰ ਮੁਹੱਈਆ ਕਰਵਾਉਣ ਵਾਲੇ ਕੁਲ 28 ਪਰਿਵਾਰ ਹਨ। ਇਨ੍ਹਾਂ ਪਰਿਵਾਰਾਂ ਕੋਲ ਕੁਲ 175 ਪਸ਼ੂ ਹਨ, ਜਿਨ੍ਹਾਂ ਤੋਂ ਰੋਜ਼ਾਨਾ 2500 ਕਿੱਲੋ ਗੋਬਰ ਇਕੱਠਾ ਹੁੰਦਾ ਹੈ। ਮਾਰਚ 2016 ਤੋਂ ਸ਼ੁਰੂ ਹੋਇਆ ਇਹ ਗੈਸ ਪਲਾਂਟ ਇਸ ਸਮੇਂ 34 ਘਰਾਂ ਨੂੰ ਬਾਇਓ ਗੈਸ ਮੁਹੱਈਆ ਕਰਵਾ ਰਿਹਾ ਹੈ। ਉਕਤ ਬਾਇਓ ਗੈਸ ਪਲਾਂਟ ਤੋਂ ਇਲਾਵਾ ਪਿੰਡ ਵਿਚ ਸਿਰਫ਼ ਪਰਿਵਾਰ ਕੋਲ ਆਪਣਾ ਨਿੱਜੀ ਬਾਇਓ ਗੈਸ ਪਲਾਂਟ ਹੈ।

ਸਹਿਕਾਰੀ ਸਭਾ ਦੇ ਪਲਾਂਟ ਤੋਂ ਪਿੰਡ ਵਿਚਲੇ ਘਰਾਂ ਨੂੰ ਸਵੇਰੇ 4 ਵਜੇ ਤੋਂ ਰਾਤ 10 ਵਜੇ ਤਕ ਬਾਇਓ ਗੈਸ ਸਪਲਾਈ ਕੀਤੀ ਜਾਂਦੀ ਹੈ। ਪ੍ਰਤੀ ਪਰਿਵਾਰ ਬਾਇਓ ਗੈਸ ਦੀ ਔਸਤ ਖਪਤ ਇਕ ਤੋਂ ਦੋ ਘਣ ਮੀਟਰ ਹੈ। ਬਾਇਓ ਗੈਸ ਦੀ ਵਰਤੋਂ ਕਰਨ ਲਈ ਪਰਿਵਾਰ ਵੱਲੋਂ ਪਲਾਂਟ ਨੂੰ 10 ਘਣ ਮੀਟਰ ਤਕ 10 ਰੁਪਏ ਪ੍ਰਤੀ ਘਣ ਮੀਟਰ, 10 ਤੋਂ 20 ਘਣ ਮੀਟਰ ਤਕ 8 ਰੁਪਏ ਪ੍ਰਤੀ ਘਣ ਮੀਟਰ ਅਤੇ 20 ਘਣ ਮੀਟਰ ਤੋਂ ਵੱਧ ਖਪਤ ਹੋਣ 'ਤੇ 6 ਰੁਪਏ ਪ੍ਰਤੀ ਘਣ ਮੀਟਰ ਖ਼ਰਚੇ ਦੇ ਰੂਪ 'ਚ ਦਿੱਤੇ ਜਾਂਦੇ ਹਨ। ਜ਼ਿਕਰਯੋਗ ਹੈ ਕਿ ਮਾਰਚ 2016 ਤੋਂ ਮੌਜੂਦਾ ਸਮੇਂ ਤਕ ਇਸ ਪਲਾਂਟ ਵਿਚ ਕਈ ਨੁਕਸ ਨਹੀਂ ਪਿਆ।

*ਮੋਬਾਈਲ 98720-84513*



ਕੌਮੀ ਪੱਤ੍ਰਿਕਾ

## ਸੰਪਾਦਕੀ

# ਭਾਰਤ ਵਿਚ ਵੱਧ ਰਹੇ ਦੋਹਰੇ ਮਾਪਦੰਡ

ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ’ਤੇ ਨਨਕਾਣਾ ਸਾਹਿਬ ਜਾਣ ਵਾਲੇ ਸਿੱਖ ਜਥਿਆਂ ਨੂੰ ਕੇਂਦਰ ਸਰਕਾਰ ਵੱਲੋਂ ਇਜਾਜ਼ਤ ਨਾ ਮਿਲਣ ਕਰ ਕੇ ਪੰਜਾਬ ’ਚ ਰੋਸ ਦੀ ਲਹਿਰ ਹੈ। ਇਹ ਇਸ ਲਈ ਵੀ ਹੋਰ ਨਿਰਾਸ਼ਾਜਨਕ ਹੈ ਕਿਉਂਕਿ ਸਰਕਾਰ ਨੇ ਭਾਰਤ ਪਾਕਿਸਤਾਨ ਕ੍ਰਿਕਟ ਮੈਚਾਂ ’ਤੇ ਕੋਈ ਇਤਰਾਜ਼ ਨਹੀਂ ਕੀਤਾ। ਦੋਹਰੇ ਮਿਆਰ ਬਿਲਕੁਲ ਪ੍ਰਤੱਖ ਹਨ, ਜਿਸ ਤਰ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਸਵਾਲ ਉਠਾਏ ਹਨ। ਧਰਮ ਨੂੰ ਸਿਆਸੀ ਲਾਹੇ ਲਈ ਬੰਦੀ ਨਹੀਂ ਬਣਾਇਆ ਜਾ ਸਕਦਾ। ਗੁਰੂ ਦੇ ਜਨਮ ਸਥਾਨ ਦੀ ਯਾਤਰਾ ਮਨੋਰੰਜਨ ਜਾਂ ਮੌਜ-ਮਸਤੀ ਦਾ ਵਿਸ਼ਾ ਨਹੀਂ, ਸਗੋਂ ਦੁਨੀਆ ਭਰ ਦੇ ਲੱਖਾਂ ਸਿੱਖਾਂ ਦੀ ਅਧਿਆਤਮਕ ਲੋੜ ਹੈ।ਇਹ ਇਨਕਾਰ ਇਸ ਸਾਲ ਪਹਿਲਗਾਮ ’ਚ ਹੋਏ ਕਤਲੇਆਮ ਦੇ ਮੱਦੇਨਜ਼ਰ ਕੀਤਾ ਗਿਆ ਹੈ, ਜਿਸ ਤੋਂ ਬਾਅਦ ਕੇਂਦਰ ਨੇ ਸੁਰੱਖਿਆ ਖ਼ਤਰਿਆਂ ਦਾ ਹਵਾਲਾ ਦਿੰਦੇ ਹੋਏ ਕਰਤਾਰਪੁਰ ਲਾਂਘੇ ਅਤੇ ਸਿੱਖ ਜਥਿਆਂ ’ਤੇ ਰੋਕ ਲਗਾ ਦਿੱਤੀ ਸੀ। ਉਸ ਦੁਖਦਾਈ ਘਟਨਾ ਦਾ ਹਵਾਲਾ ਕ੍ਰਿਕਟ ਸਬੰਧਾਂ ਨੂੰ ਰੋਕਣ ਲਈ ਵੀ ਦਿੱਤਾ ਗਿਆ ਸੀ ਪਰ ਹੁਣ ਜਦੋਂ ਕ੍ਰਿਕਟ ਮੁੜ ਸ਼ੁਰੂ ਕਰਨ ਦੀ ਇਜਾਜ਼ਤ ਦੇ ਦਿੱਤੀ ਗਈ ਹੈ, ਸਿੱਖ ਸ਼ਰਧਾਲੂਆਂ ’ਤੇ ਪਾਬੰਦੀ ਅਜੇ ਵੀ ਬਰਕਰਾਰ ਹੈ। ਜੇ ਵੱਡੀ ਗਿਣਤੀ ਵਿੱਚ ਖੇਡ ਦੇਖਣ ਆਏ ਦਰਸ਼ਕਾਂ ਲਈ ਇੰਤਜ਼ਾਮ ਕੀਤਾ ਜਾ ਸਕਦਾ ਹੈ ਤਾਂ ਨਿਯਮਤ ਹਾਲਤਾਂ ਵਿੱਚ ਯਾਤਰਾ ਕਰ ਰਹੇ ਸ਼ਰਧਾਲੂਆਂ ਦੇ ਛੋਟੇ ਸਮੂਹਾਂ ਲਈ ਪ੍ਰਬੰਧ ਕਿਉਂ ਨਹੀਂ ਕੀਤੇ ਜਾ ਸਕਦੇ ? ‘ਸੁਰੱਖਿਆ ਫ਼ਿਕਰਾਂ’ ਦਾ ਚੋਣਵਾਂ ਹਵਾਲਾ ਕੇਂਦਰ ਸਰਕਾਰ ਦੀ ਭਰੋਸੇਯੋਗਤਾ ਨੂੰ ਕਮਜ਼ੋਰ ਕਰਦਾ ਹੈ ਅਤੇ ਨਾਰਾਜ਼ਗੀ ਨੂੰ ਹੋਰ ਡੂੰਘਾ ਕਰਦਾ ਹੈ। ਕਰਤਾਰਪੁਰ ਲਾਂਘੇ ਨੂੰ ਦੋ ਵੱਖ ਹੋਏ ਦੇਸ਼ਾਂ ਵਿਚਕਾਰ ਇਤਿਹਾਸਕ ਪੁਲ ਵਜੋਂ ਸਲਾਹਿਆ ਗਿਆ ਹੈ।

ਇਸ ਨੂੰ ਸਪੱਸ਼ਟ ਕਾਰਨ ਦੱਸੇ ਬਿਨਾਂ ਬੰਦ ਕਰਨਾ ਜਾਂ ਇਸ ’ਤੇ ਰੋਕ ਲਗਾਉਣਾ ਸਿੱਖ ਭਾਵਨਾਵਾਂ ਪ੍ਰਤੀ ਉਦਾਸੀਨਤਾ ਨੂੰ ਦਰਸਾਉਂਦਾ ਹੈ। ਸ਼ਰਧਾਲੂਆਂ ਲਈ ਨਨਕਾਣਾ ਸਾਹਿਬ, ਕਰਤਾਰਪੁਰ ਅਤੇ ਪਾਕਿਸਤਾਨ ਦੇ ਹੋਰ ਸਿੱਖ ਅਸਥਾਨਾਂ ਦੀ ਯਾਤਰਾ ਕਰਨਾ ਕੋਈ ਸ਼ੌਕ ਨਹੀਂ, ਸਗੋਂ ਉਨ੍ਹਾਂ ਦੀ ਪਛਾਣ ਅਤੇ ਧਰਮ ਦੀਆਂ ਬੁਨਿਆਦਾਂ ਨਾਲ ਨਿਰੰਤਰਤਾ ਦੀ ਪੁਸ਼ਟੀ ਹੈ। ਇਹ ਮੁੱਦਾ ਰਾਜ ਸਰਕਾਰ ਬਨਾਮ ਕੇਂਦਰ ਜਾਂ ਇੱਕ ਸਿਆਸੀ ਪਾਰਟੀ ਬਨਾਮ ਦੂਜੀ ਧਿਰ ਦਾ ਨਹੀਂ ਹੈ। ਇਹ ਨਾਗਰਿਕਾਂ ਦੇ ਆਪਣੇ ਧਰਮ ਦਾ ਸੁਤੰਤਰ ਰੂਪ ਵਿੱਚ ਪਾਲਣ ਕਰਨ ਦੇ ਅਧਿਕਾਰ ਬਾਰੇ ਹੈ। ਤੀਰਥ ਯਾਤਰਾ ਲੋਕਾਂ ਦੇ ਆਪਸੀ ਸਬੰਧਾਂ ਨੂੰ ਮਜ਼ਬੂਤ ਕਰਦੀ ਹੈ ਅਤੇ ਸਰਹੱਦਾਂ ਤੋਂ ਪਾਰ ਭਰੋਸਾ ਪੈਦਾ ਕਰਦੀ ਹੈ, ਜਦੋਂਕਿ ਇਸ ਨੂੰ ਰੋਕਣਾ ਭਾਈਚਾਰਿਆਂ ਨੂੰ ਦੂਰ ਕਰਦਾ ਹੈ। ਕੇਂਦਰ ਨੂੰ ਤੁਰੰਤ ਆਪਣੇ ਫ਼ੈਸਲੇ ’ਤੇ ਮੁੜ ਵਿਚਾਰ ਕਰਨਾ ਚਾਹੀਦਾ ਹੈ, ਜਥਿਆਂ ਨੂੰ ਯਾਤਰਾ ਦੀ ਇਜਾਜ਼ਤ ਦੇਣੀ ਚਾਹੀਦੀ ਹੈ ਅਤੇ ਕਰਤਾਰਪੁਰ ਲਾਂਘੇ ਨੂੰ ਪੂਰੀ ਭਾਵਨਾ ਨਾਲ ਮੁੜ ਖੋਲ੍ਹਣਾ ਚਾਹੀਦਾ ਹੈ। ਇਸ ਤੋਂ ਘੱਟ ਹੋਰ ਕੁਝ ਵੀ ਰੰਜ ਦੀ ਭਾਵਨਾ ਨੂੰ ਜ਼ਿਆਦਾ ਡੂੰਘਾ ਕਰਨ ਦਾ ਖ਼ਤਰਾ ਪੈਦਾ ਕਰਦਾ ਹੈ।

## ਵਕਫ਼ (ਸੋਧ) ਕਾਨੂੰਨ-2025 ਕੇਂਦਰ ਸਰਕਾਰ ਦੇ ਨਾਲ-ਨਾਲ ਵਿਰੋਧੀ ਧਿਰਾਂ ਵੱਲੋਂ ਵੀ ਸਵਾਗਤ

ਸੁਪਰੀਮ ਕੋਰਟ ਦੇ ਵਕਫ਼ (ਸੋਧ) ਕਾਨੂੰਨ-2025 ਬਾਰੇ ਅੰਤਰਿਮ ਹੁਕਮ ਦਾ ਕੇਂਦਰ ਸਰਕਾਰ ਦੇ ਨਾਲ-ਨਾਲ ਵਿਰੋਧੀ ਧਿਰਾਂ ਨੇ ਵੀ ਸਵਾਗਤ ਕੀਤਾ ਹੈ। ਅਦਾਲਤ ਨੇ ਨਾਜ਼ੁਕ ਸੰਤੁਲਨ ਕਾਇਮ ਕਰਦਿਆਂ ਐਕਟ ਦੀਆਂ ਕੁਝ ਮੁੱਖ ਤਜਵੀਜ਼ਾਂ ’ਤੇ ਰੋਕ ਲਾ ਦਿੱਤੀ ਹੈ, ਜਿਸ ਵਿੱਚ ਅਜਿਹੀ ਦਫ਼ਾ ਵੀ ਸ਼ਾਮਿਲ ਹੈ, ਜੋ ਇਹ ਸ਼ਰਤ ਰੱਖਦੀ ਹੈ ਕਿ ਪੰਜ ਸਾਲਾਂ ਤੋਂ ਇਸਲਾਮ ਨੂੰ ਮੰਨਣ ਵਾਲਾ ਵਿਅਕਤੀ ਹੀ ਕੋਈ ਜਾਇਦਾਦ ਵਕਫ਼ ਵਜੋਂ ਦਾਨ ਦੇ ਸਕਦਾ ਹੈ ਪਰ ਅਦਾਲਤ ਨੇ ਪੂਰੇ ਕਾਨੂੰਨ ’ਤੇ ਰੋਕ ਲਾਉਣ ਤੋਂ ਇਨਕਾਰ ਕਰ ਦਿੱਤਾ ਅਤੇ ਕਿਹਾ ਕਿ ਕਿਸੇ ਕਾਨੂੰਨ ਦੇ ਸੰਵਿਧਾਨਕ ਹੋਣ ਦੀ ਧਾਰਨਾ ਹਮੇਸ਼ਾ ਉਸ ਦੇ ਪੱਖ ਵਿੱਚ ਹੁੰਦੀ ਹੈ। ਸੱਤਾਧਾਰੀ ਭਾਜਪਾ ਨੂੰ ਰਾਹਤ ਮਿਲੀ ਹੈ ਕਿ ਐਕਟ ਦੇ ਹੁਣ ਗ਼ੈਰ-ਸੰਵਿਧਾਨਕ ਐਲਾਨੇ ਜਾਣ ਦਾ ਖ਼ਤਰਾ ਨਹੀਂ ਹੈ, ਜਦੋਂਕਿ ਕਾਂਗਰਸ ਦਾ ਦਾਅਵਾ ਹੈ ਕਿ ਇਸ ਕਾਨੂੰਨ ਦੇ ਅੰਦਰ ਲੁਕੇ ਹੋਏ ‘ਵੰਡਪਾਊ’ ਏਜੰਡੇ ਦਾ ਪਰਦਾਫਾਸ਼ ਹੋ ਗਿਆ ਹੈ। ਇਸ ਤੋਂ ਪਹਿਲਾਂ ਵਿਰੋਧੀ ਧਿਰਾਂ ਨੇ ਕਾਨੂੰਨ ਦੀਆਂ ਤਜਵੀਜ਼ਾਂ ਦਾ ਵਿਰੋਧ ਕੀਤਾ ਸੀ ਅਤੇ ਅਦਾਲਤ ਵਿੱਚ ਇਸ ਨੂੰ ਚੁਣੌਤੀ ਮਿਲੀ ਸੀ। ਕੁਝ ਖ਼ਾਸ ਧਾਰਾਵਾਂ ਦਾ ਵਿਸ਼ੇਸ਼ ਤੌਰ ’ਤੇ ਵਿਰੋਧ ਕੀਤਾ ਜਾ ਰਿਹਾ ਸੀ। ਸਰਕਾਰ ਨੇ ਇਸ ਕਾਨੂੰਨ ਨੂੰ, ਜੋ ਅਪਰੈਲ ਤੋਂ ਲਾਗੂ ਹੋਇਆ ਸੀ, ਦੇਸ਼ ਭਰ ’ਚ ਵਕਫ਼ ਜਾਇਦਾਦਾਂ ਦੀ ਸੰਭਾਲ ਲਈ ‘ਧਰਮ ਨਿਰਪੱਖ, ਪਾਰਦਰਸ਼ੀ ਅਤੇ ਜਵਾਬਦੇਹ’ ਪ੍ਰਣਾਲੀ ਸਥਾਪਿਤ ਕਰਨ ਦੇ ਸਪੱਸ਼ਟ ਉਦੇਸ਼ ਨਾਲ ਲਾਗੂ ਕੀਤਾ ਸੀ। ਵਕਫ਼ ਬੋਰਡਾਂ ’ਤੇ ਕਈ ਸਾਲਾਂ ਤੋਂ ਲੱਗੇ ਦੋਸ਼ਾਂ- ਭ੍ਰਿਸ਼ਟਾਚਾਰ, ਦੁਰਪ੍ਰਬੰਧ, ਕਬਜ਼ਾ, ਜਾਇਦਾਦ ਦੀ ਗ਼ੈਰ-ਕਾਨੂੰਨੀ ਵਿਕਰੀ, ਤਬਾਦਲੇ, ਆਦਿ ਨੂੰ ਦੇਖਦੇ ਹੋਏ, ਸੁਧਾਰ ਲਿਆਉਣ ਲਈ ਲਿਆਂਦੇ ਗਏ ਨਿਗਰਾਨ ਤੰਤਰ ਦੀ ਸ਼ੁਰੂਆਤ ’ਤੇ ਕੋਈ ਵਿਵਾਦ ਨਹੀਂ ਹੈ ਪਰ ਵਿਰੋਧੀ ਧਿਰ ਅਤੇ ਕੁਝ ਮੁਸਲਿਮ ਸੰਗਠਨਾਂ ਦਾ ਇਹ ਡਰ ਵੀ ਸਹੀ ਹੈ ਕਿ ਅਖੌਤੀ ਸੁਧਾਰਾਂ ਦੀ ਦੁਰਵਰਤੋਂ ਵਕਫ਼ ਮਾਮਲਿਆਂ ਵਿੱਚ ਦਖਲ ਦੇਣ ਅਤੇ ਇੱਥੋਂ ਤੱਕ ਕਿ ਜਾਇਦਾਦਾਂ ’ਤੇ ਕਬਜ਼ਾ ਕਰਨ ਲਈ ਕੀਤੀ ਜਾ ਸਕਦੀ ਹੈ। ਇੱਕ ਵਿਵਾਦਤ ਤਜਵੀਜ਼ ਕੇਂਦਰੀ ਵਕਫ਼ ਕੌਂਸਲ ਅਤੇ ਰਾਜ ਵਕਫ਼ ਬੋਰਡਾਂ ਵਿੱਚ ਗ਼ੈਰ-ਮੁਸਲਿਮ ਮੈਂਬਰਾਂ ਦੀ ਸ਼ਮੂਲੀਅਤ ਨਾਲ ਸਬੰਧਿਤ ਹੈ। ਸੁਪਰੀਮ ਕੋਰਟ ਨੇ ਅਜਿਹੇ ਮੈਂਬਰਾਂ ਦੀ ਗਿਣਤੀ ਸੀਮਤ ਕਰਨ ਤੱਕ ਹੀ ਆਪਣੇ ਆਪ ਨੂੰ ਬੰਨ੍ਹ ਕੇ ਰੱਖਿਆ ਹੈ।

ਕਾਨੂੰਨ ਵਿੱਚ ਇਹ ਯਕੀਨੀ ਬਣਾਉਣ ਲਈ ਢੁੱਕਵੇਂ ਸੁਰੱਖਿਆ ਉਪਾਅ ਹੋਣੇ ਚਾਹੀਦੇ ਹਨ ਕਿ ਘੱਟਗਿਣਤੀ ਭਾਈਚਾਰੇ ਦੇ ਅਧਿਕਾਰਾਂ ਦੀ ਉਲੰਘਣਾ ਨਾ ਹੋਵੇ। ਇਸ ਦੇ ਨਾਲ ਹੀ ਇਹ ਧਾਰਨਾ ਕਿ ਇਹ ਐਕਟ ਧਰੁਵੀਕਰਨ ਨੂੰ ਵਧਾਉਂਦਾ ਹੈ ਅਤੇ ਫ਼ਿਰਕੂ ਸਦਭਾਵਨਾ ਨੂੰ ਖ਼ਤਰਾ ਪੈਦਾ ਕਰਦਾ ਹੈ, ਨੂੰ ਖ਼ਤਮ ਕੀਤਾ ਜਾਣਾ ਚਾਹੀਦਾ ਹੈ। ਉਮੀਦ ਹੈ ਕਿ ਅਦਾਲਤ ਦਾ ਅੰਤਿਮ ਫ਼ੈਸਲਾ ਕਾਨੂੰਨ ਨੂੰ ਮਾੜੇ ਪ੍ਰਸਤਾਵਾਂ ਤੋਂ ਮੁਕਤ ਕਰੇਗਾ।

ਸਮਾਜ ਕਲਿਆਣ ਨੂੰ ਉਤਸ਼ਾਹਿਤ ਕਰਨ ਵਾਸਤੇ ਵਕਫ਼ਾਂ ਦੀ ਭਰਪੂਰ ਸੰਭਾਵਨਾ ਦਾ ਲਾਭ ਲੈਣ ਲਈ ਸਿਆਸੀ ਅਤੇ ਧਾਰਮਿਕ ਸਹਿਮਤੀ ਬਣਾਉਣ ਦੀ ਲੋੜ ਹੈ।

# 69ਵੀਆਂ ਜ਼ਿਲ੍ਹਾ ਸਕੂਲ ਖੇਡਾਂ ’ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਵਲ ਲਾਈਨ ਵਿੱਚ ਸਕੇਟਿੰਗ ਦੇ ਮੁਕਾਬਲੇ ਕਰਵਾਏ ਗਏ



**ਪਟਿਆਲਾ, 22 ਸਤੰਬਰ**
**-ਹਰਮਨ ਸਿੰਘ/ਆਕਾਸ਼ਦੀਪ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਖੇਡ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਅਤੇ ਡਾ: ਰਵਿੰਦਰ ਪਾਲ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਦਿਸ਼ਾ ਨਿਰਦੇਸ਼ ਅਤੇ ਪ੍ਰਬੰਧਕ ਸਕੱਤਰ ਡਾ: ਦਲਜੀਤ ਸਿੰਘ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਤੇ ਸਕੱਤਰ ਜ਼ਿਲ੍ਹਾ ਟੂਰਨਾਮੈਂਟ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ 69ਵੀਆਂ ਜ਼ਿਲ੍ਹਾ ਸਕੂਲ ਖੇਡਾਂ ਕਰਵਾਈਆਂ ਜਾ ਰਹੀਆਂ ਹਨ।ਕਨਵੀਨਰ ਸਕੇਟਿੰਗ ਪਰਮਜੀਤ ਸਿੰਘ ਸੋਹੀ ਨੇ ਦੱਸਿਆ ਕਿ 11,14,17,19 ਸਾਲ ਦੇ ਉਮਰ ਗੁਟ ਮੁੰਡੇ ਅਤੇ ਕੁੜੀਆਂ ਨੇ ਕੁਆਡ ਅਤੇ ਇਨਲਾਈਨ ਦੇ ਮੁਕਾਬਲੇ ਕਰਵਾਏ ਗਏ ਹਨ। ਇਸ ਵਿੱਚ ਲਗਭਗ 350 ਬੱਚਿਆਂ ਨੇ ਭਾਗ ਲਿਆ। ਖੇਡ ਦੇ ਵਿੱਚ ਬੱਚਿਆਂ ਦੇ ਨਾਲ ਨਾਲ ਮਾਤਾ ਪਿਤਾ ਵਿੱਚ ਵੀ ਬੜਾ ਉਤਸਾਹ ਦੇਖਣ ਨੂੰ ਮਿਲਿਆ ਹੈ। ਉਹਨਾਂ ਦੱਸਿਆ ਕਿ ਇਹ ਪੰਜਾਬ ਦਾ ਇੱਕੋ ਇੱਕ ਟਰੈਕ ਹੈ ਜਿਹੜਾ ਸਰਕਾਰੀ ਸਕੂਲ ਵਿੱਚ ਬਣਿਆ ਹੋਇਆ ਹੈ ਜੋ ਕਿ ਪੂਰਾ 200 ਮੀਟਰ ਹੈ ਜੇ ਗੱਲ ਕਰੀਏ ਤਾਂ ਇੱਥੇ ਰੋਜ਼ਾਨਾ ਬੱਚੇ ਅਭਿਆਸ ਕਰਨ ਲਈ ਆਉਂਦੇ ਹਨ ਉਹਨਾਂ ਨੇ ਮੰਗ ਕੀਤੀ ਹੈ ਕਿ ਇਸ ਟਰੈਕ ਨੂੰ ਸਨਥੈਟਿਕ ਟਰੈਕ ਬਣਾ ਕੇ ਸਮੇਂ ਦਾ ਹਾਣੀ ਬਣਾਇਆ ਜਾਵੇ ਅਤੇ ਇਸ ਦੇ ਆਲੇ ਦੁਆਲੇ ਦਰਸ਼ਕਾਂ ਦੇ ਬੈਠਣ ਲਈ ਪੌੜੀਆਂ ਦਾ ਪ੍ਰਬੰਧ ਵੀ ਕੀਤਾ ਜਾਵੇ। ਪਰਮਜੀਤ ਸਿੰਘ ਸੋਹੀ ਵੱਲੋਂ ਖਿਡਾਰਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਪਟਿਆਲਾ ਸਕੇਟਿੰਗ ਖੇਡ ਵਿੱਚ ਜਿਹੜੇ ਬੱਚੇ ਸਲੈਕਟ ਹੋਏ ਨੇ ਉਹ ਆਪਣੀ ਹੋਰ ਮਿਹਨਤ ਕਰਨ ਤਾਂ ਕਿ ਪੰਜਾਬ ਦੇ ਵਿੱਚ ਵੀ ਜਿੱਤਾਂ ਹਾਸਲ ਕੀਤੀਆਂ ਜਾਣ ਅਤੇ ਨੈਸ਼ਨਲ ਵਿੱਚ ਆਪਣਾ ਚੰਗਾ ਪ੍ਰਦਰਸ਼ਨ ਕੀਤਾ ਜਾ ਸਕੇ।

# ਜ਼ਿਲ੍ਹਾ ਪ੍ਰੀਸ਼ਦ ਚੋਣਾਂ 2025 ਦੇ ਸਨਮੁੱਖ ਵਿਭਾਗੀ ਸਟਾਫ ਨੂੰ ਦਿੱਤੀ ਸਿਖਲਾਈ



**ਫਾਜ਼ਿਲਕਾ,22 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਚੋਣ ਕਮਿਸ਼ਨ ਪੰਜਾਬ ਵੱਲੋਂ ਕਰਵਾਈਆਂ ਜਾਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਚੋਣਾਂ 2025 ਦੇ ਸਨਮੁੱਖ ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਵੱਲੋਂ ਚੋਣਾਂ ਦੌਰਾਨ ਡਿਊਟੀ ਨਿਭਾਉਣ ਵਾਲੇ ਵਿਭਾਗੀ ਸਟਾਫ ਨੂੰ ਡਾਈਸ ਸਾਫਟਵੇਅਰ ਦੀ ਸਿਖਲਾਈ ਦਿੱਤੀ। ਇਸ ਸਿਖਲਾਈ ਪ੍ਰੋਗਰਾਮ ਦੌਰਾਨ ਵਿਸ਼ੇਸ਼ ਤੌਰ *ਤੇ ਪੁੱਜ ਕੇ ਵਧੀਕ ਡਿਪਟੀ ਕਮਿਸ਼ਨਰ (ਵਿ) ਸ੍ਰੀ ਸੁਭਾਸ਼ ਚੰਦਰ ਨੇ ਸਟਾਫ ਨੂੰ ਕਿਹਾ ਕਿ ਸਾਫਟਵੇਅਰ *ਤੇ ਡਾਟਾ ਪੂਰੀ ਤਰ੍ਹਾਂ ਦੇਖ ਪਰਖ ਕੇ ਅਪਲੋਡ ਕੀਤਾ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਭਾਗਾਂ ਦੇ ਮੁਖੀ ਸਟਾਫ ਵੱਲੋਂ ਅਪਲੋਡ ਕੀਤੇ ਗਏ ਡਾਟਾ ਦੀ ਸੂਚੀਆਂ ਨੂੰ ਪੜਤਾਲ ਕਰਨ ਤੋਂ ਬਾਅਦ ਹੀ ਦਫਤਰ ਨੂੰ ਭੇਜਣ। ਉਨ੍ਹਾਂ ਕਿਹਾ ਕਿ ਚੋਣ ਅਮਲੇ ਦੀ ਮਦਦ ਨਾਲ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਢੰਗ ਨਾਲ ਬਿਨਾਂ ਕਿਸੇ ਪਖਪਾਤ ਦੇ ਅਤੇ ਸੁਚਾਰੂ ਢੰਗ ਨਾਲ ਮੁਕੰਮਲ ਕੀਤਾ ਜਾਂਦਾ ਹੈ, ਇਸ ਕਰਕੇ ਇਹ ਸਾਫਟਵੇਅਰ *ਤੇ ਹਰੇਕ ਵਿਭਾਗ ਦੇ ਸਟਾਫ ਵੱਲੋਂ ਆਪਣਾ ਡਾਟਾ ਭਰਿਆ ਜਾਂਦਾ ਹੈ। ਆਪਣਾ ਡਾਟਾ ਭਰਨ ਵਿਚ ਕੋਈ ਮ ?ਸਕਿਲ ਪੇਸ਼ ਨਾ ਆਵੇ, ਇਸ ਲਈ ਸਿਖਲਾਈ ਲਾਜਮੀ ਹੈ।

ਇਸ ਦੌਰਾਨ ਡੀ.ਆਈ.ਓ ਰਜਤ ਦੀ ਅਗਵਾਈ ਹੇਠ ਸਰਬਜੀਤ ਸਿੰਘ ਵੱਲੋਂ ਸਮੂਹ ਵਿਭਾਗਾਂ ਤੋਂ ਆਏ ਸਟਾਫ ਨੂੰ ਡਾਈਸ ਸਾਫਟੇਵਅਰ ਦੀ ਸਿਖਲਾਈ ਦਿੱਤੀ ਗਈ ਜਿਸ ਵਿਚ ਉਨ੍ਹਾਂ ਨੇ ਕਿਸ ਤਰ੍ਹਾਂ ਆਪਣੀ ਤੇ ਨਾਲ ਦੇ ਸਟਾਫ ਦੀ ਜਾਣਕਾਰੀ ਭਰਨੀ ਹੈ। ਉਨ੍ਹਾਂ ਕਿਹਾ ਕਿ ਚੋਣਾਂ ਦੇ ਕਾਰਜ ਨੂੰ ਤਨਦੇਹੀ ਨਾਲ ਕਰਨ ਤੇ ਕਿਸੇ ਪ੍ਰਕਾਰ ਦੀ ਕੁਤਾਹੀ ਨਾ ਕਰਨ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸਾਫਟਵੇਅਰ *ਤੇ ਆਪਣੀ ਸਹੀ ਤੇ ਸਟੀਕ ਜਾਣਕਾਰੀ ਹੀ ਅਪਲੋਡ ਕੀਤੀ ਜਾਵੇ।

ਇਸ ਮੌਕੇ ਐਨ.ਆਈ.ਸੀ. ਦਫਤਰ ਤੋਂ ਅਨਮੋਲ ਸ਼ਰਮਾ, ਵਾਸੂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦਾ ਸਟਾਫ ਮੌਜੂਦ ਸੀ।

# ਅੰਮ੍ਰਿਤਸਰ ਵਿੱਚ ਦੋ ਔਰਤਾਂ ਸਮੇਤ ਛੇ ਨਸ਼ਾ ਤਸਕਰ 9 ਕਿਲੋ ਹੈਰੋਇਨ ਨਾਲ ਗ੍ਰਿਫਤਾਰ

**ਅੰਮ੍ਰਿਤਸਰ, 22 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ‘ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਸਰਹੱਦ ਪਾਰ ਚੱਲ ਰਹੇ ਨਾਰਕੋ-ਅੱਤਵਾਦ ਨੈੱਟਵਰਕਾਂ ਵਿਰੁੱਧ ਵੱਡੀ ਸਫਲਤਾ ਦਰਜ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਛੇ ਨਸ਼ਾ ਤਸਕਰਾਂ ਨੂੰ 9.066 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਦੋ ਹੋਰ ਨਸ਼ਾ ਤਸਕਰੀ ਗਿਰੋਹਾਂ ਦਾ ਪਰਦਾਫਾਸ਼ ਕੀਤਾ ਹੈ । ਇਹ ਜਾਣਕਾਰੀ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦਿੱਤੀ।



ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਕਾਲੇ ਘਨੂਪੁਰ ਦੇ ਹਨੀ (18), ਅੰਮ੍ਰਿਤਸਰ ਦੇ ਜੰਡਿਆਲਾ ਗੁਰੂ ਦੇ ਪਰਮਦੀਪ ਸਿੰਘ ਉਰਫ਼ ਪਾਰਸ (18), ਅੰਮ੍ਰਿਤਸਰ ਦੇ ਜੰਡਿਆਲਾ ਗੁਰੂ ਦੇ ਹਰਵਿੰਦਰ ਸਿੰਘ ਉਰਫ਼ ਹਿੰਦਾ (19), ਅੰਮ੍ਰਿਤਸਰ ਦੇ ਪਿੰਡ ਡਾਂਡੇ ਦੇ ਗੁਰਪ੍ਰੀਤ ਸਿੰਘ ਉਰਫ਼ ਗੋਪੀ (25), ਤਰਨਤਾਰਨ ਦੇ ਪਿੰਡ ਢਾਲਾ ਦੀ ਜਸਬੀਰ ਕੌਰ (40) ਅਤੇ ਤਰਨਤਾਰਨ ਦੇ ਪਿੰਡ ਹਵੇਲੀਆਂ ਦੀ ਕੁਲਵਿੰਦਰ ਕੌਰ (54) ਵਜੋਂ ਹੋਈ ਹੈ।

ਇਹ ਕਾਰਵਾਈ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵੱਲੋਂ ਮੋਗਾ ਸਥਿਤ ਜਗਪ੍ਰੀਤ ਸਿੰਘ ਉਰਫ਼ ਜੱਗਾ ਦੁਆਰਾ ਚਲਾਏ ਜਾ ਰਹੇ ਨਸ਼ਾ ਤਸਕਰੀ ਸਿੰਡੀਕੇਟ, ਦੇ ਮੁੱਖ ਕਾਰਕੁੰਨ ਯਾਸੀਨ ਮੁਹੰਮਦ ਨੂੰ 7.1 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਨ ਤੋਂ ਇੱਕ ਦਿਨ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਜੰਡਿਆਲਾ ਗੁਰੂ ਦੇ ਰਹਿਣ ਵਾਲਾ ਹਰਪ੍ਰੀਤ ਉਰਫ਼ ਹੈਪੀ ਜੱਟ ਵਿਦੇਸ਼ੀ ਗੈਂਗਸਟਰ ਦੇ ਪਾਕਿਸਤਾਨ ਸਥਿਤ ਤਸਕਰਾਂ ਨਾਲ ਸਿੱਧੇ ਸਬੰਧ ਸੀ ਅਤੇ ਉਹ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਵਰਤੋਂ ਕਰਕੇ ਇਸ ਨੈੱਟਵਰਕ ਨੂੰ ਚਲਾ ਰਿਹਾ ਸੀ।

ਡੀਜੀਪੀ ਨੇ ਕਿਹਾ ਕਿ ਅੰਮ੍ਰਿਤਸਰ ਦੇ ਪੁਲਿਸ ਸਟੇਸ਼ਨ ਛੇਹਰਟਾ ਵਿਖੇ ਦੋ ਵੱਖ-ਵੱਖ ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ ਦੋਵਾਂ ਮਾਮਲਿਆਂ ਵਿੱਚ ਵਿਆਪਕ ਨੈੱਟਵਰਕ ਅਤੇ ਸਰਹੱਦ ਪਾਰ ਦੇ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਪਹਿਲੇ ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦੇ ਹੋਏ, ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਸ਼ੁਰੂ ਵਿੱਚ, ਦੋਸ਼ੀ ਹਨੀ ਨੂੰ 20 ਗ੍ਰਾਮ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਹੋਰ ਜਾਂਚ ਦੌਰਾਨ ਉਸਦੇ ਸਾਥੀ ਪਰਮਦੀਪ ਸਿੰਘ ਉਰਫ਼ ਪਾਰਸ ਨੂੰ ਨਾਮਜ਼ਦ ਕੀਤਾ ਗਿਆ , ਜੋ ਬਾਅਦ ਵਿੱਚ 5.032 ਕਿਲੋਗ੍ਰਾਮ ਹੈਰੋਇਨ ਨਾਲ ਗ੍ਰਿਫ਼ਤਾਰ ਕਰ ਲਿਆ ਗਿਆ ।

ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਮਾਡਿਊਲ ਦੇ ਦੋ ਹੋਰ ਮੈਂਬਰਾਂ ,ਹਰਵਿੰਦਰ ਹਿੰਦਾ ਅਤੇ ਗੁਰਪ੍ਰੀਤ ਗੋਪੀ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ, ਜਦੋਂ ਕਿ ਪੁਲਿਸ ਟੀਮਾਂ ਨੇ ਗੁਰਪ੍ਰੀਤ ਦੇ ਕਬਜ਼ੇ ਤੋਂ 3.010 ਕਿਲੋਗ੍ਰਾਮ ਹੈਰੋਇਨ ਹੋਰ ਬਰਾਮਦ ਕੀਤੀ , ਜਿਸ ਨਾਲ ਇਸ ਮਾਡਿਊਲ ਤੋਂ ਕੁੱਲ ਰਿਕਵਰੀ 8.062 ਕਿਲੋਗ੍ਰਾਮ ਹੋ ਗਈ ਹੈ।

ਸੀਪੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਗੁਰਪ੍ਰੀਤ ਅਤੇ ਪਰਮਦੀਪ ਸਰਹੱਦ ਪਾਰ ਤੋਂ ਡਰੋਨ ਦੀ ਵਰਤੋਂ ਕਰਕੇ ਸੁੱਟੀ ਜਾ ਰਹੀ ਨਸ਼ੀਲੇ ਪਦਾਰਥਾਂ ਦੀ ਖੇਪ ਨਿਰਧਾਰਤ ਥਾਵਾਂ - ਜਿਵੇਂ ਕੂੜੇ ਦੇ ਢੇਰ ਜਾਂ ਨਿਸ਼ਾਦੇਹੀ ਕੀਤੇ ਪੋਲਾਂ, ਤੋਂ ਪ੍ਰਾਪਤ ਕਰਦੇ ਸਨ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਹੈਪੀ ਜੱਟ ਦੇ ਨਿਰਦੇਸ਼ਾਂ ▾ਤੇ ਹੈਰੋਇਨ ਦੀ ਖੇਪ ਨੂੰ ਅੱਗੇ ਸਪਲਾਈ ਕਰਦੇ ਸਨ।

ਇੱਕ ਹੋਰ ਕਾਰਵਾਈ ਵਿੱਚ, ਸੀਪੀ ਗੁਰਪ੍ਰੀਤ ਭੁੱਲਰ ਨੇ ਕਿਹਾ ਕਿ ਜਸਬੀਰ ਕੌਰ ਅਤੇ ਕੁਲਵਿੰਦਰ ਕੌਰ ਨਾਮ ਦੀਆਂ ਦੋ ਮਹਿਲਾ ਤਸਕਰਾਂ ਨੂੰ 1.004 ਕਿਲੋਗ੍ਰਾਮ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਹੈ।

ਗ੍ਰਿਫ਼ਤਾਰ ਮੁਲਜ਼ਮ ਜਸਬੀਰ ਕੌਰ ਪਾਕਿ ਤਸਕਰਾਂ ਨਾਲ ਸਿੱਧੇ ਸੰਪਰਕ ਵਿੱਚ ਸੀ, ਉਨ੍ਹਾਂ ਕਿਹਾ ਕਿ ਦੋਵਾਂ ਮਾਡਿਊਲਾਂ ਵਿੱਚ ਇੱਕੋ ਹੀ ਪਾਕਿਸਤਾਨ-ਅਧਾਰਤ ਤਸਕਰ ਦਾ ਸਾਂਝਾ ਸਬੰਧ ਸੀ।

ਇਸ ਸਬੰਧ ਵਿੱਚ ਦੋ ਵੱਖ-ਵੱਖ ਮਾਮਲੇ - ਐਫਆਈਆਰ ਨੰਬਰ 185 ਮਿਤੀ 15-09-2025 ਨੂੰ ਐਨਡੀਪੀਐਸ ਐਕਟ ਦੀ ਧਾਰਾ 21-ਬੀ, 21-ਸੀ ਅਤੇ 29 ਅਧੀਨ ਅਤੇ ਐਫਆਈਆਰ ਨੰਬਰ 187 ਮਿਤੀ 17-09-2025 ਐਨਡੀਪੀਐਸ ਐਕਟ ਦੀ ਧਾਰਾ 21-ਸੀ ਅਤੇ 29 ਅਧੀਨ - ਅੰਮ੍ਰਿਤਸਰ ਦੇ ਥਾਣਾ ਛੇਹਰਟਾ ਵਿਖੇ ਦਰਜ ਕੀਤੇ ਗਏ ਹਨ।

# ਜ਼ਿਲ੍ਹਾ ਬਾਲ ਸੁਰੱਖਿਆ ਦਫਤਰ, ਫਾਜ਼ਿਲਕਾ ਵੱਲੋਂ ਨਬਾਲਿਗ ਲੜਕੀ ਦਾ ਰੋਕਿਆ ਗਿਆ ਬਾਲ ਵਿਆਹ



**ਫਾਜ਼ਿਲਕਾ,22 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਫਾਜ਼ਿਲਕਾ ਅਨੂਪ੍ਰਿਆ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼੍ਰੀਮਤੀ ਰੀਤੂ ਬਾਲਾ ਨੇ ਜ਼ਿਲ੍ਹਾ ਫਾਜ਼ਿਲਕਾ ਦੀ ਇੱਕ ਹੋਰ ਧੀ ਦਾ ਬਾਲ ਵਿਆਹ ਰੁਕਵਾ ਕੇ ਉਸਦੀ ਜਿੰਦਗੀ ਬਚਾਈ।

ਜ਼ਿਲ੍ਹੇ ਵਿੱਚ ਇੱਕ 17 ਸਾਲ ਦੀ ਨਬਾਲਿਗ ਬੱਚੀ ਦਾ ਵਿਆਹ 33 ਸਾਲ ਦੇ ਲੜਕੇ ਨਾਲ ਹੋਣ ਜਾ ਰਿਹਾ ਸੀ। ਵਿਆਹ ਦੀ ਸੂਚਨਾ ਮਿਲਣ ਤੇ ਤੁਰੰਤ ਕਾਰਵਾਈ ਕਰਦੇ ਹੋਏ ਪੂਰੀ ਟੀਮ ਵੱਲੋਂ ਬੱਚੀ ਦੇ ਪਿੰਡ ਜਾ ਕੇ ਮਾਤਾ ਪਿਤਾ ਨਾਲ ਗੱਲਬਾਤ ਕੀਤੀ ਅਤੇ ਲੜਕੇ ਦੇ ਪਰਿਵਾਰ ਨਾਲ ਤਾਲਮੇਲ ਕੀਤਾ। ਦੋਨਾਂ ਧਿਰਾਂ ਨੂੰ ਇਸ ਬਾਲ ਵਿਆਹ ਨੂੰ ਨਾ ਕਰਨ ਲਈ ਸਖਤ ਆਦੇਸ਼ ਦਿੱਤੇ ਅਤੇ ਬੱਚੀ ਦੀ ਅਗਲੇਰੀ ਪੜ੍ਹਾਈ ਜਾਰੀ ਰੱਖਣ ਲਈ ਸਮਝਾਇਆ ਗਿਆ। ਮੌਕੇ ਤੇ ਹਾਜ਼ਰ ਪਿੰਡ ਦੇ ਸਰਪੰਚ, ਆਂਗਣਵਾੜੀ ਵਰਕਰ ਅਤੇ ਪੁਲਿਸ ਮੁਲਾਜ਼ਮਾਂ ਨੂੰ ਬੱਚੀ ਦਾ ਲਗਾਤਾਰ ਧਿਆਨ ਰੱਖਣ ਲਈ ਕਿਹਾ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਫਾਜ਼ਿਲਕਾ ਨੇ ਦੋਨਾਂ ਧਿਰਾਂ ਨੂੰ ਸਮਝਾਇਆ ਕਿ ਵਿਆਹ ਲਈ ਸਰਕਾਰ ਵੱਲੋਂ ਲੜਕੇ ਦੀ ਉਮਰ 21 ਸਾਲ ਅਤੇ ਲੜਕੀ ਦੀ ਉਮਰ 18 ਸਾਲ ਨਿਰਧਾਰਿਤ ਕੀਤੀ ਗਈ ਹੈ। ਜੇਕਰ ਕੋਈ ਨਾਬਾਲਗ ਲੜਕੀ ਜਾਂ ਲੜਕੇ ਦਾ ਵਿਆਹ ਕਰਵਾਉਂਦਾ ਹੈ ਤਾਂ ਦੋਨਾਂ ਪਰਿਵਾਰਾਂ, ਵਿਆਹ ਕਰਵਾਉਣ ਵਾਲੇ ਗੰਥੀ, ਫੋਟੋਗ੍ਰਾਫਰ ਅਤੇ ਇਸ ਵਿਆਹ ਵਿੱਚ ਸ਼ਾਮਿਲ ਹੋਣ ਵਾਲੇ ਸਾਰਿਆਂ ਤੇ ਐਫ.ਆਈ.ਆਰ ਦਰਜ ਕੀਤੀ ਜਾਂਦੀ ਹੈ।

ਦਫਤਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਜ਼ਿਲ੍ਹਾ ਫਾਜਿਲਕਾ ਵਿੱਚ ਸਾਲ 2016 ਤੋਂ 0 ਤੋਂ 18 ਸਾਲ ਤੱਕ ਦੀ ਉਮਰ ਦੇ ਬੱਚਿਆਂ ਦੀ ਸੁਰੱਖਿਆ ਅਤੇ ਦੇਖਭਾਲ ਲਈ ਆਪਣੀ ਸੇਵਾਵਾਂ ਨਿਭਾ ਰਹੇ ਹਨ। ਇਹਨਾਂ ਨੇ ਅਜਿਹੇ ਕਈ ਬੱਚਿਆਂ ਨੂੰ ਬਚਾ ਕੇ ਉਹਨਾਂ ਦੀ ਜਿੰਦਗੀ ਸਵਾਰੀ ਹੈ।

ਇਸ ਮੌਕੇ ਸੁਪਰਵਾਇਜ਼ਰ ਦਰੋਪਤੀ, ਪੁਲਿਸ ਵਿਭਾਗ, ਸਿੱਖਿਆ ਵਿਭਾਗ, ਬਾਲ ਸੁਰੱਖਿਆ ਅਫਸਰ ਕੌਸ਼ਲ, ਭੁਪਿੰਦਰਦੀਪ ਸਿੰਘ, ਜਸਵਿੰਦਰ ਕੌਰ ਸ਼ਾਮਿਲ ਸਨ।

# ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਵੱਲੋਂ ਪਾਤੜਾਂ ਦੇ ਪਿੰਡਾਂ ‘ਚ ਕਿਸਾਨਾਂ ਨਾਲ ਸਿੱਧੀ ਗੱਲਬਾਤ

**ਪਾਤੜਾਂ, 22 ਸਤੰਬਰ**
**ਸ਼ਿਵ ਨਰਾਇਣ**
**-ਕੌਮੀ ਪੱਤ੍ਰਿਕਾ ਬਿਊਰੋ-**

ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਲਈ ਜ਼ਮੀਨਾਂ ਹਕੀਕਤ ਜਾਣਨ ਵਾਸਤੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਪਾਤੜਾਂ ਦੇ ਕਈ ਪਿੰਡਾਂ ਕਲਵਾਣੂ, ਡਰੌਲੀ, ਸ਼ੁਤਰਾਣਾ, ਨਾਈਵਾਲਾ ਅਤੇ ਸਮਾਣਾ ਦੇ ਪਿੰਡ ਕਕਰਾਲਾ ਵਿਖੇ ਕਿਸਾਨਾਂ ਨਾਲ ਸਿੱਧੀ ਗੱਲਬਾਤ ਕੀਤੀ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਤੋਂ ਬਚਣ ਦੀ ਅਪੀਲ ਕਰਦਿਆਂ ਪਰਾਲੀ ਸਾੜਨ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਕਿਸਾਨਾਂ ਨੂੰ ਵਾਤਾਵਰਣ-ਅਨੁਕੂਲ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਅਪਣਾਉਣ ਲਈ ਉਤਸ਼ਾਹਿਤ ਕਰਨ ‘ਤੇ ਵੀ ਜ਼ੋਰ ਦਿੱਤਾ।

ਡਿਪਟੀ ਕਮਿਸ਼ਨਰ ਨੇ ਕਿਹਾ ਹੈ ਕਿ ਹਵਾ ਪ੍ਰਦੂਸ਼ਣ ਨੂੰ ਰੋਕਣ ਅਤੇ ਜਨਤਕ ਸਿਹਤ ਦੀ ਰੱਖਿਆ ਲਈ ਕਿਸਾਨਾਂ ਦਾ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਅਤੇ ਪ੍ਰਸ਼ਾਸਨ ਦੇ ਸਾਂਝੇ ਯਤਨਾਂ ਨਾਲ, ਪਿਛਲੇ ਸਾਲ ਪਟਿਆਲਾ ਜ਼ਿਲ੍ਹੇ ਵਿੱਚ ਖੇਤਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਲਗਭਗ 500 ਤੱਕ ਘਟ ਗਈਆਂ, ਜੋ ਕਿ ਪਿਛਲੇ ਸੀਜ਼ਨਾਂ ਨਾਲੋਂ ਕਾਫ਼ੀ ਘੱਟ ਹੈ।

ਕਿਸਾਨਾਂ ਦੀਆਂ ਫ਼ਸਲਾਂ ਬਾਰੇ ਮੁਸ਼ਕਲਾਂ ਸੁਣਦਿਆਂ ਡਾ. ਪ੍ਰੀਤੀ ਯਾਦਵ ਨੇ ਭਰੋਸਾ ਦਿਵਾਇਆ ਕਿ ਸਰਕਾਰ ਪਰਾਲੀ ਪ੍ਰਬੰਧਨ ਲਈ ਹਰ ਸੰਭਵ ਸਹਾਇਤਾ ਦੇ ਰਹੀ ਹੈ। ਹੈਪੀ ਸੀਡਰ, ਸੁਪਰ-ਐਸਐਮਐਸ ਨਾਲ ਲੈਸ ਕੰਬਾਈਨ, ਬੇਲਰ ਅਤੇ ਹੋਰ ਮਸ਼ੀਨਰੀ ਵਰਗੇ ਉਪਕਰਣ ਪ੍ਰਦਾਨ ਕੀਤੇ ਜਾ ਰਹੇ ਹਨ ਤਾਂ ਜੋ ਖੇਤਾਂ ਨੂੰ ਅੱਗ ਲਗਾਏ ਬਿਨਾਂ ਅਗਲੀ ਫਸਲ ਲਈ ਤਿਆਰ ਕੀਤਾ ਜਾ ਸਕੇ। ਇਸ ਤਰ੍ਹਾਂ ਅਸੀਂ ਇਕੱਠੇ ਮਿਲ ਕੇ, ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਆਪਣੇ ਵਾਤਾਵਰਣ ਨੂੰ ਬਚਾ ਸਕਦੇ ਹਾਂ।

ਡੀਸੀ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਆਉਣ ਵਾਲੇ ਬਿਜਾਈ ਸੀਜ਼ਨ ਲਈ ਡੀਏਪੀ ਖਾਦ ਅਤੇ ਜ਼ਰੂਰੀ ਮਸ਼ੀਨਰੀ ਸਮੇਂ ਸਿਰ ਮੁਹੱਈਆ ਕਰਵਾਏਗਾ, ਜਿਸ ਲਈ ਕਿਸਾਨ ਜਲਦਬਾਜ਼ੀ ਵਿੱਚ ਖੇਤਾਂ ਨੂੰ ਅੱਗ ਨਾ ਲਗਾਉਣ। ਇਸ ਮੌਕੇ ਡਾ. ਪ੍ਰੀਤੀ ਯਾਦਵ ਨੇ ਘੱਗਰ ਨਦੀ ਦੇ ਨੇੜੇ ਪਿੰਡਾਂ ਦੇ ਵਸਨੀਕਾਂ ਦਾ ਬੰਨ੍ਹਾਂ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ, ਜਿਸ ਨੇ ਹਜ਼ਾਰਾਂ ਏਕੜ ਫਸਲਾਂ ਨੂੰ ਹੜ੍ਹਾਂ ਦੇ ਨੁਕਸਾਨ ਤੋਂ ਬਚਾਉਣ ਵਿੱਚ ਮਦਦ ਕੀਤੀ।

ਕਿਸਾਨਾਂ ਨੇ ਪਰਾਲੀ ਪ੍ਰਬੰਧਨ ਬਾਰੇ ਆਪਣੀਆਂ ਚਿੰਤਾਵਾਂ ਅਤੇ ਸੁਝਾਅ ਸਾਂਝੇ ਕੀਤੇ ਅਤੇ ਇਸ ਸਾਲ ਖੇਤਾਂ ਵਿੱਚ ਅੱਗ ਲੱਗਣ ਤੋਂ ਰੋਕਣ ਲਈ ਆਪਣਾ ਸਮਰਥਨ ਦੇਣ ਦਾ ਵਾਅਦਾ ਕੀਤਾ। ਡੀਸੀ ਨੇ ਦੁਹਰਾਇਆ ਕਿ ਜਾਗਰੂਕਤਾ, ਮਸ਼ੀਨਰੀ ਦੀ ਉਪਲਬਧਤਾ ਅਤੇ ਸਰਗਰਮ ਭਾਈਚਾਰਕ ਭਾਗੀਦਾਰੀ, ਪਟਿਆਲਾ ਨੂੰ ਪਰਾਲੀ ਮੁਕਤ ਜ਼ਿਲ੍ਹਾ ਬਣਾਉਣ ਲਈ ਸਹਾਈ ਸਿੱਧ ਹੋਵੇਗਾ। ਉਨ੍ਹਾਂ ਨੇ ਖੇਤਾਂ ਦਾ ਦੌਰਾ ਕਰਕੇ ਝੋਨੇ ਦੀ ਬਿਮਾਰੀ ਦਾ ਵੀ ਜਾਇਜ਼ਾ ਲਿਆ। ਇਸ ਦੌਰਾਨ ਪਿੰਡ ਸ਼ੇਰਗੜ੍ਹ ਤੇ ਹਰਿਆਊ ਖੁਰਦ ਵਿਖੇ ਐਸ ਡੀ ਐਮ ਅਸ਼ੋਕ ਕੁਮਾਰ ਨੇ ਕਿਸਾਨਾਂ ਨਾਲ ਗੱਲਬਾਤ ਕੀਤੀ।

ਡਿਪਟੀ ਕਮਿਸ਼ਨਰ ਦੇ ਨਾਲ ਐਸਡੀਐਮ ਅਸ਼ੋਕ ਕੁਮਾਰ ਤੇ ਰਿਚਾ ਗੋਇਲ, ਡੀਐਸਪੀ ਇੰਦਰਪਾਲ ਸਿੰਘ ਚੌਹਾਨ, ਮੁੱਖ ਖੇਤੀਬਾੜੀ ਅਧਿਕਾਰੀ ਡਾ. ਜਸਵਿੰਦਰ ਸਿੰਘ, ਡਿਪਟੀ ਰਜਿਸਟਰਾਰ ਸਹਿਕਾਰੀ ਸੰਗਰਾਮ ਸਿੰਘ ਸੰਧੂ, ਪੀਪੀਸੀਬੀ ਦੇ ਕਾਰਜਕਾਰੀ ਇੰਜੀਨੀਅਰ ਕੰਵਲਦੀਪ ਕੌਰ, ਬੀਡੀਪੀਓ ਬਘੇਲ ਸਿੰਘ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਭਾਈ ਘਨੱਈਆ ਜੀ ਮਾਨਵ ਸੇਵਾ ਸੰਕਲਪ ਦਿਵਸ ਮੌਕੇ ਕਰਵਾਏ ਜਾਣਗੇ ਸੈਮੀਨਾਰ - ਡੀ.ਸੀ

**ਹੁਸ਼ਿਆਰਪੁਰ, 22 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ 20 ਸਤੰਬਰ ਨੂੰ ਭਾਈ ਘਨੱਈਆ ਜੀ ਮਾਨਵ ਸੇਵਾ ਸੰਕਲਪ ਦਿਵਸ ਮੌਕੇ ਜ਼ਿਲ੍ਹੇ ਦੇ ਵਿੱਦਿਅਕ ਅਦਾਰਿਆਂ ਵਿਚ ਸੈਮੀਨਾਰ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਭਾਈ ਘਨੱਈਆ ਜੀ ਸੇਵਾ ਦੇ ਪੁੰਜ ਵਜੋਂ ਜਾਣੇ ਜਾਂਦੇ ਹਨ। ਉਨ੍ਹਾਂ ਦੇ ਭਾਈਚਾਰਕ ਸਾਂਝ ਅਤੇ ਸਾਂਝੀਵਾਲਤਾ ਦੇ ਸੰਕਲਪ ਦੀ ਮੌਜੂਦਾ ਦੌਰ ਵਿਚ ਬੇਹੱਦ ਅਹਿਮੀਅਤ ਹੈ ਤੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਇਸ ਤੋਂ ਸੇਧ ਲੈਣ ਦੀ ਲੋੜ ਹੈ।

ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ ਅਧੀਨ ਆਉਂਦੇ ਸਕੂਲਾਂ ਵਿਚ ਇਸ ਦਿਨ ਨੂੰ ਮਨਾਉਣਾ ਯਕੀਨੀ ਬਣਾਉਣ। ਇਸ ਤੋਂ ਇਲਾਵਾ ਉਨ੍ਹਾਂ ਜ਼ਿਲੇ ਦੇ ਕਾਲਜਾਂ ਨੂੰ ਵੀ ਇਸ ਦਿਨ ਨੂੰ ਮਨਾਉਣ ਦੇ ਨਿਰਦੇਸ਼ ਦਿੱਤੇ ਹਨ।

# ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਸ਼ੂ ਧੰਨ ਦੀ ਭਲਾਈ ਲਈ ਰਾਹਤ ਕਾਰਜ ਜਾਰੀ

**ਗੁਰਦਾਸਪੁਰ,22 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਤੇ ਪੁਨਰਵਾਸ ਕਾਰਜ ਲਗਾਤਾਰ ਜਾਰੀ ਹਨ। ਸੂਬਾ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੀਆਂ ਟੀਮਾਂ ਜਿੱਥੇ ਹੜ੍ਹ ਪ੍ਰਭਾਵਿਤ ਵਿਅਕਤੀਆਂ ਦੀ ਹਰ ਸੰਭਵ ਮਦਦ ਕਰ ਰਹੀਆਂ ਹਨ ਓਥੇ ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਸ਼ੂ ਧੰਨ ਦੀ ਭਲਾਈ ਲਈ ਵੀ ਰਾਹਤ ਕਾਰਜ ਜਾਰੀ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਰਾਵੀ ਦਰਿਆ ਦੇ ਨਾਲ ਲੱਗਦੇ 343



ਪਿੰਡ ਹੜ੍ਹਾਂ ਦੀ ਮਾਰ ਹੇਠ ਆਏ ਹਨ, ਜਿਨ੍ਹਾਂ ਵਿਚੋਂ 235 ਪਿੰਡਾਂ ’ਚ 70486 ਜਾਨਵਰ ਹੜ੍ਹਾਂ ਤੋਂ ਪ੍ਰਭਾਵਿਤ ਹੋਏ ਹਨ। ਉਨ੍ਹਾਂ ਕਿਹਾ ਕਿ ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਹੜ੍ਹ ਦੇ ਪਹਿਲੇ ਦਿਨ ਤੋਂ ਹੀ ਪ੍ਰਭਾਵਿਤ ਪਿੰਡਾਂ ਵਿੱਚ ਕੰਮ ਕਰ ਰਹੀਆਂ ਹਨ ਅਤੇ ਇਸ ਮਕਸਦ ਲਈ ਪਸ਼ੂ ਪਾਲਣ ਵਿਭਾਗ ਨੇ ਵੈਟਰਨਰੀ ਡਾਕਟਰਾਂ ਦੀ ਅਗਵਾਈ ਹੇਠ 41 ਟੀਮਾਂ ਬਣਾਈਆਂ ਹਨ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਟੀਮਾਂ ਵੱਲੋਂ ਪ੍ਰਭਾਵਿਤ ਖੇਤਰਾਂ ਵਿੱਚ 297 ਵੈਟਰਨਰੀ ਕੈਂਪ ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਵੈਟਰਨਰੀ ਟੀਮਾਂ ਤੱਕ ਕਿਸਾਨਾਂ ਤੇ ਪਸ਼ੂ ਪਾਲਕਾਂ ਦੇ ਘਰਾਂ/ਡੇਅਰੀ ਫਾਰਮਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੇ ਪਸ਼ੂਆਂ ਦਾ ਇਲਾਜ ਕਰ ਰਹੀਆਂ ਹਨ ਅਤੇ ਹੁਣ ਤੱਕ 12851 ਪਸ਼ੂਆਂ ਦਾ ਇਲਾਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵੈਟਰਨਰੀ ਟੀਮਾਂ ਵੱਲੋਂ 9720 ਪਸ਼ੂਆਂ ਨੂੰ ਗੱਲ ਘੋਟੂ ਦੀ ਵੈਕਸੀਨ ਬੂਸਟਰ ਬਿਲਕੁਲ ਮੁਫ਼ਤ ਲਗਾਈ ਗਈ ਹੈ ਅਤੇ ਵੈਕਸੀਨ ਲਗਾਉਣ ਦੀ ਇਹ ਮੁਹਿੰਮ ਲਗਾਤਾਰ ਜਾਰੀ ਹੈ ਤਾਂ ਜੋ ਪਸ਼ੂਆਂ ਨੂੰ ਗਲ-ਘੋਟੂ ਬਿਮਾਰੀ ਤੋਂ ਬਚਾਇਆ ਜਾ ਸਕੇ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਜਿੱਥੇ ਪਸ਼ੂ ਧੰਨ ਦਾ ਇਲਾਜ ਕੀਤਾ ਜਾ ਰਿਹਾ ਹੈ ਓਥੇ ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਵੀ ਕੀਤਾ ਜਾ ਰਿਹਾ ਹੈ। ਪਸ਼ੂਆਂ ਦੀ ਫਰਟਿਲਿਟੀ ਨੂੰ ਬਰਕਰਾਰ ਰੱਖਣ ਲਈ ਮਿਨਰਲ ਮਿਕਸਚਰ, ਲਾਪਰਹਿਤ ਕਰਨ ਲਈ ਡੀਵਰਮਰ ਅਤੇ ਯੂਰੋਮਿਨ ਲਿਕ ਵੰਡੀ ਜਾ ਰਹੀ ਹੈ। ਇਸ ਤੋਂ ਇਲਾਵਾ ਪਸ਼ੂਆਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਲਾਲ ਦਵਾਈ (ਪੋਟਾਸ਼ੀਅਮ ਪ੍ਰਮਾਂਗਨੇਟ) ਵੰਡੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਮਰੇ ਜਾਨਵਰਾਂ ਦਾ ਮੁਆਵਜ਼ਾ ਦੇਣ ਲਈ ਵੀ ਟੀਮਾਂ ਬਣਾ ਦਿੱਤੀਆਂ ਗਈਆਂ ਹਨ ਅਤੇ ਇਹਨਾਂ ਟੀਮਾਂ ਵਿੱਚ 48 ਵੈਟਰਨਰੀ ਅਫ਼ਸਰ ਦੀ ਡਿਊਟੀ ਲਗਾਈ ਗਈ ਹੈ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਤੇ ਪੁਨਰਵਾਸ ਕਾਰਜ ਲਗਾਤਾਰ ਜਾਰੀ ਰਹਿਣਗੇ ਅਤੇ ਅਸੀਂ ਸਾਰੇ ਮਿਲ ਕੇ ਇਸ ਸੰਕਟ ਉੱਪਰ ਕਾਬੂ ਪਾ ਲਵਾਂਗੇ।

# ਭਾਰਤ ਸਰਕਾਰ ਦੇ ਵਣਜ ਅਤੇ ਉਦਯੋਗ, ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਰਾਜ ਮੰਤਰੀ ਜਿਤਿਨ ਪ੍ਰਸਾਦ ਵੱਲੋਂ ਸੈਕਟਰ ਹੈੱਡਕੁਆਰਟਰ ਗੁਰਦਾਸਪੁਰ ਦਾ ਦੌਰਾ

**ਗੁਰਦਾਸਪੁਰ,22 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੇ ਵਣਜ ਅਤੇ ਉਦਯੋਗ, ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਰਾਜ ਮੰਤਰੀ ਮਾਨਯੋਗ ਸ਼੍ਰੀ ਜਿਤਿਨ ਪ੍ਰਸਾਦ ਨੇ ਅੱਜ ਸੈਕਟਰ ਹੈੱਡਕੁਆਰਟਰ, ਗੁਰਦਾਸਪੁਰ ਦਾ ਦੌਰਾ ਕੀਤਾ। ਇਸ ਫੇਰੀ ਦੌਰਾਨ ਕੇਂਦਰੀ ਰਾਜ ਮੰਤਰੀ ਨੂੰ ਸ਼੍ਰੀ ਜਸਵਿੰਦਰ ਕੁਮਾਰ ਬਿਰਦੀ, ਡੀਆਈਜੀ, ਸੈਕਟਰ ਹੈੱਡਕੁਆਰਟਰ, ਗੁਰਦਾਸਪੁਰ ਨੇ ÷ਆਪ੍ਰੇਸ਼ਨ ਸਿੰਦੂਰ÷ ਬਾਰੇ ਜਾਣਕਾਰੀ ਦਿੱਤੀ, ਜੋ ਕਿ ਸੀਮਾ ਸੁਰੱਖਿਆ ਬਲ ਦੀ ਬਹਾਦਰੀ, ਹਿੰਮਤ ਅਤੇ ਸਰਵਉੱਚ ਸਮਰਪਣ ਦਾ ਇੱਕ ਸ਼ਾਨਦਾਰ ਅਧਿਆਇ ਹੈ।



ਡੀਆਈਜੀ ਜਸਵਿੰਦਰ ਕੁਮਾਰ ਬਿਰਦੀ ਨੇ ਮਾਨਯੋਗ ਮੰਤਰੀ ਨੂੰ ਸਰਹੱਦੀ ਖੇਤਰ ਵਿੱਚ ਹਾਲ ਹੀ ਵਿੱਚ ਆਏ ਹੜ੍ਹ ਦੀ ਸਥਿਤੀ, ਲਗਾਤਾਰ ਬਾਰਸ਼ ਦੌਰਾਨ ਸਰਹੱਦੀ ਚੌਕੀਆਂ ’ਤੇ ਤਾਇਨਾਤ ਬੀਐਸਐਫ ਕਰਮਚਾਰੀਆਂ ਦੁਆਰਾ ਦਰਪੇਸ਼ ਚੁਣੌਤੀਆਂ ਅਤੇ ਪ੍ਰਤੀਕੂਲ ਹਾਲਾਤਾਂ ਦੇ ਬਾਵਜੂਦ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਦੇ ਉਨ੍ਹਾਂ ਦੇ ਅਟੁੱਟ ਇਰਾਦੇ ਬਾਰੇ ਜਾਣੂ ਕਰਵਾਇਆ।

ਮਾਨਯੋਗ ਮੰਤਰੀ ਨੂੰ ਬੀਐਸਐਫ ਦੁਆਰਾ ਕੀਤੇ ਗਏ ਮਾਨਵਤਾਵਾਦੀ ਉਪਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਪ੍ਰਭਾਵਿਤ ਸਰਹੱਦੀ ਨਿਵਾਸੀਆਂ ਨੂੰ ਸਮੇਂ ਸਿਰ ਬਚਾਅ ਅਤੇ ਰਾਹਤ ਪ੍ਰਦਾਨ ਕਰਨਾ ਸ਼ਾਮਲ ਹੈ।

ਇਸ ਤੋਂ ਬਾਅਦ, ਕੇਂਦਰੀ ਰਾਜ ਮੰਤਰੀ ਅਤੇ ਡੀਆਈਜੀ, ਸੈਕਟਰ ਹੈੱਡਕੁਆਰਟਰ ਗੁਰਦਾਸਪੁਰ ਨੇ ਜਵਾਨ ਮੈੱਸ ਵਿੱਚ ਜਵਾਨਾਂ ਨਾਲ ਨਾਸ਼ਤਾ ਕੀਤਾ, ਉਨ੍ਹਾਂ ਨਾਲ ਦਿਲੋਂ ਗੱਲਬਾਤ ਕੀਤੀ, ਅਤੇ ਉਨ੍ਹਾਂ ਦੇ ਉਤਸ਼ਾਹ, ਨੌਬਲ ਅਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਇਹ ਸੰਕੇਤ ਜਵਾਨਾਂ ਲਈ ਬਹੁਤ ਪ੍ਰੇਰਨਾਦਾਇਕ ਸੀ ਅਤੇ ਫੋਰਸ ਦੇ ਕਰਮਚਾਰੀਆਂ ਦੀ ਭਲਾਈ ਲਈ ਸਰਕਾਰ ਦੀ ਡੂੰਘੀ ਚਿੰਤਾ ਅਤੇ ਚਿੰਤਾ ਨੂੰ ਦਰਸਾਉਂਦਾ ਸੀ।

ਕੇਂਦਰੀ ਰਾਜ ਮੰਤਰੀ ਨੇ ਬੀਐਸਐਫ ਜਵਾਨਾਂ ਦੀ ਪੇਸ਼ੇਵਰਤਾ, ਧੀਰਜ ਅਤੇ ਅਟੁੱਟ ਸਮਰਪਣ ਦੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਨੇ ਨਾ ਸਿਰਫ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਹੈ ਬਲਕਿ ਮੁਸ਼ਕਲ ਹਾਲਾਤਾਂ ਵਿੱਚ ਸਰਹੱਦੀ ਖੇਤਰਾਂ ਦੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਵੀ ਹੋਏ ਹਨ। ਉਨ੍ਹਾਂ ਨੇ ÷ਸਰਹੱਦਾਂ ਦੇ ਸੈਨਿਕਾਂ÷ ਦੁਆਰਾ ਪ੍ਰਦਰਸ਼ਿਤ ਮਿਸਾਲੀ ਸਮਰਪਣ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ, ਐੱਸ.ਡੀ.ਐੱਮ ਦੀਨਾਨਗਰ ਸ੍ਰੀ ਜਦਪਿੰਦਰ ਸਿੰਘ ਭੁੱਲਰ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਏਏਆਈਬੀ ਦੀ ਮੁੱਢਲੀ ਰਿਪੋਰਟ ਦੇ ਕੁਝ ਪਹਿਲੂ 'ਗੈਰਜ਼ਿੰਮੇਵਾਰਾਨਾ': ਸੁਪਰੀਮ ਕੋਰਟ

## ਨਿਰਪੱਖ ਜਾਂਚ ਦੀ ਮੰਗ ਕਰਦੀ ਪਟੀਸ਼ਨ 'ਤੇ ਸੁਪਰੀਮ ਕੋਰਟ ਨੇ ਕੇਂਦਰ ਤੇ ਡੀਜੀਸੀਏ ਤੋਂ ਜਵਾਬ ਮੰਗਿਆ

**ਨਵੀਂ ਦਿੱਲੀ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸੁਪਰੀਮ ਕੋਰਟ ਨੇ ਸੋਮਵਾਰ ਨੂੰ ਕਿਹਾ ਕਿ 12 ਜੂਨ ਨੂੰ ਏਅਰ ਇੰਡੀਆ ਜਹਾਜ਼ ਹਾਦਸੇ ਬਾਰੇ ਏਏਆਈਬੀ ਦੀ ਮੁੱਢਲੀ ਰਿਪੋਰਟ ਦੇ ਕੁਝ ਪਹਿਲੂ, ਜਿਨ੍ਹਾਂ ਵਿਚ ਪਾਇਲਟਾਂ ਵੱਲੋਂ ਅਣਗਹਿਲੀ ਵਰਤਣ ਵੱਲ ਇਸ਼ਾਰਾ ਕੀਤਾ ਗਿਆ ਸੀ, 'ਗੈਰਜ਼ਿੰਮੇਵਾਰਾਨਾ' ਸਨ। ਕੋਰਟ ਨੇ ਸੁਤੰਤਰ, ਨਿਰਪੱਖ ਤੇ ਛੇਤੀ ਜਾਂਚ ਦੀ ਮੰਗ ਵਾਲੀ ਪਟੀਸ਼ਨ 'ਤੇ ਕੇਂਦਰ ਤੇ ਸ਼ਹਿਰੀ ਹਵਾਬਾਜ਼ੀ ਡਾਇਰੈਕਟਰ ਜਨਰਲ ਨੂੰ ਨੋਟਿਸ ਜਾਰੀ ਕੀਤਾ ਹੈ।

ਜਸਟਿਸ ਸੂਰਿਆ ਕਾਂਤ ਤੇ ਜਸਟਿਸ ਐੱਨ.ਕੋਟੀਸ਼ਵਰ ਸਿੰਘ ਦੇ ਬੈਂਚ ਨੇ ਏਏਆਈਬੀ ਵੱਲੋਂ 12 ਜੁਲਾਈ ਨੂੰ ਜਾਰੀ ਮੁੱਢਲੀ ਰਿਪੋਰਟ ਦੇ ਕੁਝ ਪਹਿਲੂਆਂ ਦਾ ਨੋਟਿਸ ਲਿਆ ਹੈ। ਐੱਨਜੀਓ 'ਸੇਫਟੀ ਮੈਟਰਜ਼ ਫਾਊਂਡੇਸ਼ਨ' ਵੱਲੋਂ ਪੇਸ਼ ਐਡਵੋਕੇਟ ਪ੍ਰਸ਼ਾਂਤ ਭੂਸ਼ਣ ਨੇ ਦਾਅਵਾ ਕੀਤਾ ਕਿ ਹਾਦਸੇ ਮਗਰੋਂ ਬਣਾਈ ਜਾਂਚ ਕਮੇਟੀ ਵਿਚ ਹਵਾਬਾਜ਼ੀ ਰੈਗੂਲੇਟਰ ਦੇ ਤਿੰਨ ਮੈਂਬਰ ਸ਼ਾਮਲ ਸਨ ਤੇ ਇਸ ਵਿਚ ਹਿੱਤਾਂ ਦੇ ਟਕਰਾਅ ਦਾ ਮਸਲਾ ਸ਼ਾਮਲ ਹੋ ਸਕਦਾ ਹੈ। ਭੂਸ਼ਣ ਨੇ ਮੰਗ ਕੀਤੀ ਕਿ ਹਾਦਸੇ ਦੇ ਅਸਲ ਕਾਰਨਾਂ ਤੋਂ ਪਰਦਾ ਹਟਾਉਣ ਲਈ ਜਹਾਜ਼ ਦੇ ਫਲਾਈਟ ਡੇਟਾ ਰਿਕਾਰਡਰ ਵਿਚਲੀ ਜਾਣਕਾਰੀ ਰਿਲੀਜ਼ ਕੀਤੀ ਜਾਵੇ।

ਹਾਦਸੇ ਬਾਰੇ ਅੰਤਿਮ ਰਿਪੋਰਟ ਦੀ ਵਕਾਲਤ ਕਰਨ ਵਾਲੇ ਬੈਂਚ ਨੇ ਕਿਹਾ ਕਿ ਇਸ ਮਾਮਲੇ ਵਿਚ ਨਿੱਜਤਾ ਤੇ ਗੌਰਵ ਦੇ ਪਹਿਲੂਆਂ ਦਾ ਮੁੱਦਾ ਸ਼ਾਮਲ ਹੈ।

ਇਸ ਤਰ੍ਹਾਂ ਦੀ ਵਿਸ਼ੇਸ਼ ਜਾਣਕਾਰੀ ਜਾਰੀ ਕਰਨ ਦਾ ਰਵਾਇਤੀ ਵਿਰੋਧੀ ਏਅਰਲਾਈਨਾਂ ਲਾਹਾ ਲੈ ਸਕਦੀਆਂ ਹਨ। ਬੈਂਚ ਨੇ ਕਿਹਾ ਕਿ ਉਹ ਹਾਦਸੇ ਦੀ ਸੁਤੰਤਰ, ਨਿਰਪੱਖ ਤੇ ਛੇਤੀ ਜਾਂਚ ਦੇ ਸੀਮਤ ਪਹਿਲੂਆਂ ਬਾਰੇ ਹੀ ਨੋਟਿਸ ਜਾਰੀ ਕਰ ਰਹੀ ਹੈ।

ਕੋਲਕਾਤਾ ਜਬਰ-ਜਨਾਹ ਮਾਮਲਾ: ਡੀਐਨਏ, ਸੀਸੀਟੀਵੀ ਫੁਟੇਜ ਤੋਂ ਮੁੱਖ ਦੋਸ਼ੀ ਦੀ ਭੂਮਿਕਾ ਦੀ ਪੁਸ਼ਟੀ; ਪੁਲੀਸ ਨੇ ਚਾਰਜਸ਼ੀਟ ਵਿੱਚ ਕੀਤਾ ਦਾਅਵਾ।

ਕੈਪਟਨ ਅਮਿਤ ਸਿੰਘ (FRAeS) ਦੀ ਅਗਵਾਈ ਵਾਲੀ ਹਵਾਬਾਜ਼ੀ ਸੁਰੱਖਿਆ ਬਾਰੇ ਐੱਨਜੀਓ ਵੱਲੋਂ ਦਾਇਰ ਪਟੀਸ਼ਨ ਵਿਚ ਦਾਅਵਾ ਕੀਤਾ ਗਿਆ ਸੀ ਕਿ ਅਧਿਕਾਰਤ ਜਾਂਚ ਜਿਊਣ, ਬਰਾਬਰੀ ਤੇ ਸਹੀ ਜਾਣਕਾਰੀ ਤੱਕ ਰਸਾਈ ਦੇ ਬੁਨਿਆਦੀ ਹੱਕਾਂ ਦਾ ਉਲੰਘਣ ਹੈ।

ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ 1192 ਨੇ 12 ਜੁਲਾਈ ਨੂੰ ਆਪਣੀ ਮੁੱਢਲੀ ਰਿਪੋਰਟ ਜਾਰੀ ਕੀਤੀ, ਜਿਸ ਵਿੱਚ ਹਾਦਸੇ ਦਾ ਕਾਰਨ 'ਫਿਊਲ ਕੱਟਆਫ ਸਵਿੱਚਾਂ' ਨੂੰ 'ਰਨ' ਤੋਂ 'ਕੱਟਆਫ' ਵਿੱਚ ਤਬਦੀਲ ਕਰਨ ਨੂੰ ਦੱਸਿਆ ਗਿਆ, ਜੋ ਕਿ ਪਾਇਲਟ ਦੀ ਗਲਤੀ ਦਾ ਸੰਕੇਤ ਹੈ।

ਚੇਤੇ ਰਹੇ ਕਿ 12 ਜੂਨ ਨੂੰ ਏਅਰ ਇੰਡੀਆ ਦਾ ਬੋਇੰਗ 787-8 ਜਹਾਜ਼, ਜੋ ਲੰਡਨ ਦੇ ਗੈਟਵਿਕ ਹਵਾਈ ਅੱਡੇ ਵੱਲ ਜਾ ਰਿਹਾ ਸੀ, ਅਹਿਮਦਾਬਾਦ ਤੋਂ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਇੱਕ ਮੈਡੀਕਲ ਹੋਸਟਲ ਕੰਪਲੈਕਸ ਉੱਤੇ ਹਾਦਸਾਗ੍ਰਸਤ ਹੋ ਗਿਆ ਸੀ।

ਹਾਦਸੇ ਵਿਚ 265 ਲੋਕ ਮਾਰੇ ਗਏ, ਜਿਨ੍ਹਾਂ ਵਿੱਚ 241 ਯਾਤਰੀ ਅਤੇ ਚਾਲਕ ਦਲ ਸ਼ਾਮਲ ਸਨ। 241 ਮ੍ਰਿਤਕਾਂ ਵਿੱਚ 169 ਭਾਰਤੀ, 52 ਬ੍ਰਿਟਿਸ਼, ਸੱਤ ਪੁਰਤਗਾਲੀ ਨਾਗਰਿਕ, ਇੱਕ ਕੈਨੇਡੀਅਨ ਅਤੇ 12 ਚਾਲਕ ਦਲ ਦੇ ਮੈਂਬਰ ਸ਼ਾਮਲ ਸਨ। ਹਾਦਸੇ ਵਿਚ ਇੱਕੋ ਇੱਕ ਬਚਿਆ ਵਿਅਕਤੀ ਵਿਸ਼ਵਾਸ਼ ਕੁਮਾਰ ਰਮੇਸ਼ ਸੀ, ਜੋ ਕਿ ਇੱਕ ਬ੍ਰਿਟਿਸ਼ ਨਾਗਰਿਕ ਸੀ।

# ਔਖੇ ਕੰਮਾਂ ਨੂੰ ਛੱਡ ਦੇਣਾ ਕਾਂਗਰਸ ਦੀ ਪੱਕੀ ਆਦਤ: ਨਰਿੰਦਰ ਮੋਦੀ

**ਈਟਾਨਗਰ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਦੋਸ਼ ਲਗਾਇਆ ਕਿ ਕਾਂਗਰਸ ਦੀ ਪੱਕੀ ਆਦਤ ਹੈ ਕਿ ਉਹ ਕਿਸੇ ਵੀ ਔਖੇ ਵਿਕਾਸ ਕਾਰਜ ਨੂੰ ਛੱਡ ਦਿੰਦੇ ਹਨ ਅਤੇ ਇਸ ਨਾਲ ਉੱਤਰ-ਪੂਰਬ ਨੂੰ ਕਾਫ਼ੀ ਨੁਕਸਾਨ ਹੋਇਆ ਹੈ।

ਈਟਾਨਗਰ ਦੇ ਇੰਦਰਾ ਗਾਂਧੀ ਪਾਰਕ ਵਿੱਚ 5,100 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਤੋਂ ਬਾਅਦ ਇੱਕ ਰੈਲੀ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਕਿਹਾ ਕਿ ਉਹ ਜਾਣਦੇ ਹਨ ਕਿ ਉੱਤਰ-ਪੂਰਬ ਦਾ ਵਿਕਾਸ ਦਿੱਲੀ ਤੋਂ ਨਹੀਂ ਕੀਤਾ ਜਾ ਸਕਦਾ, ਇਸ ਲਈ ਉਨ੍ਹਾਂ ਨੇ ਮੰਤਰੀਆਂ ਅਤੇ ਅਧਿਕਾਰੀਆਂ ਨੂੰ ਇਸ ਖੇਤਰ ਵਿੱਚ ਜ਼ਿਆਦਾ ਭੇਜਿਆ ਅਤੇ ਉਹ ਖੁਦ ਵੀ ਇੱਥੇ 70 ਤੋਂ ਵੱਧ ਵਾਰ ਆਏ ਹਨ।

ਉਨ੍ਹਾਂ ਦਾਅਵਾ ਕੀਤਾ, "ਕਾਂਗਰਸ ਦੀ ਇੱਕ ਆਦਤ ਹੈ ਕਿ ਉਹ ਕਦੇ ਵੀ ਅਜਿਹੇ ਵਿਕਾਸ ਕਾਰਜ ਨਹੀਂ ਕਰਦੀ, ਜੋ ਕਰਨੇ ਔਖੇ ਹੁੰਦੇ ਹਨ, ਉਹ ਉਨ੍ਹਾਂ ਨੂੰ ਛੱਡ ਦਿੰਦੀ ਹੈ। ਕਾਂਗਰਸ ਦੀ ਇਸ ਆਦਤ ਨੇ ਅਰੁਣਾਚਲ ਪ੍ਰਦੇਸ਼ ਅਤੇ ਪੂਰੇ ਉੱਤਰ-ਪੂਰਬ ਨੂੰ ਬਹੁਤ ਨੁਕਸਾਨ ਪਹੁੰਚਾਇਆ। ਕਾਂਗਰਸ ਉਨ੍ਹਾਂ ਖੇਤਰਾਂ ਨੂੰ ਪਛੜਿਆ ਐਲਾਨ ਕੇ ਭੁੱਲ ਗਈ ਜਿੱਥੇ ਵਿਕਾਸ ਦਾ ਕੰਮ ਚੁਣੌਤੀਪੂਰਨ ਸੀ।"

ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵਰਾਤਰਿਆਂ ਦੇ ਪਹਿਲੇ ਦਿਨ ਜੀਐੱਸਟੀ ਸੁਧਾਰਾਂ ਦੀ ਸ਼ੁਰੂਆਤ ਨਾਲ ਲੋਕਾਂ ਨੂੰ ਇਸ ਤਿਉਹਾਰਾਂ ਦੇ ਸੀਜ਼ਨ ਵਿੱਚ ਦੋਹਰੀ ਖੁਸ਼ੀ ਮਿਲੇਗੀ।

ਉਨ੍ਹਾਂ ਕਿਹਾ, "ਅੱਜ, ਜੀਐੱਸਟੀ ਸੁਧਾਰਾਂ ਨੂੰ ਪੂਰੇ ਦੇਸ਼ ਵਿੱਚ ਲਾਗੂ ਕੀਤਾ ਗਿਆ ਹੈ ਅਤੇ ਜੀਐਸਟੀ 'ਬਚਤ ਉਤਸਵ' ਸ਼ੁਰੂ ਹੋ ਗਿਆ ਹੈ। ਤਿਉਹਾਰਾਂ ਦੇ ਸੀਜ਼ਨ ਦੌਰਾਨ, ਲੋਕਾਂ ਨੂੰ ਇੱਕ ਡਬਲ ਬੋਨਾਂਜ਼ਾ ਮਿਲਿਆ ਹੈ।" ਉਨ੍ਹਾਂ ਕਿਹਾ ਕਿ ਜੀਐੱਸਟੀ ਸੁਧਾਰਾਂ ਨਾਲ ਰਸੋਈ ਦਾ ਬਜਟ ਘਟੇਗਾ, ਜਿਸ ਨਾਲ ਘਰੇਲੂ ਔਰਤਾਂ ਨੂੰ ਰਾਹਤ ਮਿਲੇਗੀ।"

# ਹਰ ਪਰਿਵਾਰ ਨੂੰ ਮਿਲੇਗਾ 10 ਲੱਖ ਤੱਕ ਦਾ ਮੁਫ਼ਤ ਇਲਾਜ: ਮੁੱਖ ਮੰਤਰੀ ਮਾਨ

**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਮੰਗਲਵਾਰ ਨੂੰ ਆਪਣੀ ਸਿਹਤ ਬੀਮਾ ਯੋਜਨਾ ਸ਼ੁਰੂ ਕਰਨ ਜਾ ਰਹੀ ਹੈ, ਜਿਸ ਤਹਿਤ ਪ੍ਰਤੀ ਪਰਿਵਾਰ 10 ਲੱਖ ਰੁਪਏ ਤੱਕ ਦਾ ਮੁਫ਼ਤ ਸਿਹਤ ਇਲਾਜ ਯਕੀਨੀ ਬਣਾਇਆ ਜਾਵੇਗਾ।

ਇਹ ਯੋਜਨਾ ਪਹਿਲਾਂ ਤਰਨ ਤਾਰਨ ਅਤੇ ਬਰਨਾਲਾ ਜ਼ਿਲ੍ਹਿਆਂ ਵਿੱਚ ਸ਼ੁਰੂ ਕੀਤੀ ਜਾ ਰਹੀ ਹੈ। ਜਿੱਥੇ ਕੱਲ੍ਹ ਤੋਂ ਦੋਵਾਂ ਜ਼ਿਲ੍ਹਿਆਂ ਵਿੱਚ 128-128 ਕੈਂਪ ਲਗਾਏ ਜਾਣਗੇ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਲੋਕਾਂ ਨੂੰ ਆਪਣੇ ਵੋਟਰ ਆਈ.ਡੀ. ਕਾਰਡ, ਆਧਾਰ ਕਾਰਡ ਅਤੇ ਪਾਸਪੋਰਟ ਦੀਆਂ ਕਾਪੀਆਂ ਰਜਿਸਟ੍ਰੇਸ਼ਨ ਫਾਰਮ ਦੇ ਨਾਲ ਉਨ੍ਹਾਂ ਨੂੰ ਜਮ੍ਹਾ ਕਰਨਾ ਪਵੇਗਾ, ਤਾਂ ਜੋ ਉਹ ਮੁਫ਼ਤ ਸਿਹਤ ਬੀਮਾ ਪ੍ਰਾਪਤ ਕਰਨ ਦੇ ਯੋਗ ਹੋ ਸਕਣ। ਉਨ੍ਹਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ।"

ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਸਾਰੇ ਸਰਕਾਰੀ ਸਿਹਤ ਸੰਸਥਾਵਾਂ ਪਹਿਲਾਂ ਹੀ ਇਸ ਯੋਜਨਾ ਵਿੱਚ ਸ਼ਾਮਲ ਹਨ, ਉੱਥੇ ਲਗਭਗ 500 ਨਿੱਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ ਅਤੇ ਉਹ ਯੋਜਨਾ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਮੁਫ਼ਤ ਕੈਸ਼ਲੈੱਸ ਬੀਮਾ ਦੇਣਗੇ।

ਮਾਨ ਨੇ ਕਿਹਾ, "ਇੱਕ ਸਾਲ ਵਿੱਚ ਪਰਿਵਾਰ ਵਿੱਚ ਇਲਾਜ ਕਰਵਾਉਣ ਵਾਲੇ ਲੋਕਾਂ ਦੀ ਗਿਣਤੀ ਦੀ ਪਰਵਾਹ ਕੀਤੇ ਬਿਨਾਂ, ਹਰੇਕ ਪਰਿਵਾਰ 10 ਲੱਖ ਤੱਕ ਦੀਆਂ 2,000 ਬਿਮਾਰੀਆਂ ਦਾ ਮੁਫ਼ਤ ਇਲਾਜ ਕਰਵਾ ਸਕਦਾ ਹੈ।"

ਮਾਨ ਨੇ ਇਹ ਵੀ ਐਲਾਨ ਕੀਤਾ ਕਿ ਉਹ ਆਮ ਆਦਮੀ ਕਲੀਨਿਕਾਂ ਦੀ ਗਿਣਤੀ ਮੌਜੂਦਾ 881 ਤੋਂ ਵਧਾ ਕੇ 1,000 ਕਰਨ ਜਾ ਰਹੇ ਹਨ।

# ਪਾਕਿਸਤਾਨੀ ਹਵਾਈ ਸੈਨਾ ਵੱਲੋਂ ਘਰ 'ਚ ਹੀ AIR STRIKE; ਖੈਬਰ ਪਖਤੂਨਖਵਾ ਦੇ ਪਿੰਡ 'ਤੇ ਬੰਬ ਸੁੱਟੇ

## 30 ਮੌਤਾਂ ਮਰਨ ਵਾਲਿਆਂ ਵਿਚ ਬਹੁਤੀਆਂ ਔਰਤਾਂ ਤੇ ਬੱਚੇ; ਤਿਰਾਹ ਘਾਟੀ ਦੇ ਮਤਰੇ ਦਾਰਾ ਪਿੰਡ ਵਿਚ ਵੱਡੇ ਤੜਕੇ ਕੀਤਾ ਹਮਲਾ



**ਇਸਲਾਮਾਬਾਦ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਕਿਸਤਾਨੀ ਹਵਾਈ ਸੈਨਾ ਵੱਲੋਂ ਸੋਮਵਾਰ ਵੱਡੇ ਤੜਕੇ ਖੈਬਰ ਪਖਤੂਨਖਵਾ ਦੀ ਤਿਰਾਹ ਘਾਟੀ ਦੇ ਮਤਰੇ ਦਾਰਾ ਪਿੰਡ 'ਤੇ ਕੀਤੇ ਗਏ ਹਵਾਈ ਹਮਲੇ ਵਿਚ ਬਾਅਦ ਘੱਟੋ-ਘੱਟ 30 ਨਾਗਰਿਕ ਮਾਰੇ ਗਏ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਹਨ। ਇਹ ਦਾਅਵਾ ਉੱਚ ਮਿਆਰੀ ਸੂਤਰਾਂ ਨੇ ਕੀਤਾ ਹੈ।

ਹਮਲੇ ਸਵੇਰੇ 2 ਵਜੇ ਦੇ ਕਰੀਬ ਸ਼ੁਰੂ ਹੋਏ, ਜਦੋਂ JF-AG ਲੜਾਕੂ ਜਹਾਜ਼ਾਂ ਨੇ ਦੂਰ-ਦੁਰਾਡੇ ਬਸਤੀ 'ਤੇ ਘੱਟੋ-ਘੱਟ ਅੱਠ ਚੀਨੀ ਮੂਲ ਦੇ LS-F ਬੰਬ ਸੁੱਟੇ। ਚਸ਼ਮਦੀਦਾਂ ਨੇ ਵੱਡੀ ਤਬਾਹੀ ਦਾ ਦਾਅਵਾ ਕੀਤਾ ਹੈ। ਮਲਬੇ ਨਾਲ ਭਰੀਆਂ ਗਲੀਆਂ ਵਿੱਚ ਲਾਸ਼ਾਂ ਪਈਆਂ ਸਨ ਅਤੇ ਬਚੇ ਹੋਏ ਲੋਕ ਨੰਗੇ ਹੱਥਾਂ ਨਾਲ ਢਹਿ-ਢੇਰੀ ਹੋਏ ਘਰਾਂ ਵਿੱਚੋਂ ਖੁਦਾਈ ਕਰ ਰਹੇ ਸਨ।ਇਕ ਸੂਤਰ ਨੇ ਕਤਲੇਆਮ ਦਾ ਬਿਓਰਾ ਦਿੰਦਿਆਂ ਕਿਹਾ, "ਪੂਰੇ ਪਰਿਵਾਰ ਸਫਾਇਆ ਹੋ ਗਏ ਹਨ। ਜ਼ਿਆਦਾਤਰ ਪੀੜਤ ਔਰਤਾਂ ਅਤੇ ਬੱਚੇ ਹਨ ਜਿਨ੍ਹਾਂ ਕੋਲ ਬਚਣ ਦਾ ਕੋਈ ਮੌਕਾ ਨਹੀਂ ਸੀ।"

ਅਫ਼ਗਾਨ ਸਰਹੱਦ ਨੇੜੇ ਤਿਰਾਹ ਘਾਟੀ ਲੰਮੇ ਸਮੇਂ ਤੋਂ ਟਕਰਾਅ ਵਾਲਾ ਖੇਤਰ ਰਿਹਾ ਹੈ ਜਿੱਥੇ ਪਾਕਿਸਤਾਨੀ ਫੌਜਾਂ ਨੇ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ (ਟੀਟੀਪੀ) ਅਤੇ ਹੋਰ ਹਥਿਆਰਬੰਦ ਸਮੂਹਾਂ ਵਿਰੁੱਧ ਵਾਰ-ਵਾਰ ਹਮਲੇ ਕੀਤੇ ਹਨ। ਪਰ ਅਜਿਹੇ ਹਮਲਿਆਂ ਵਿਚ ਆਮ ਨਾਗਰਿਕਾਂ ਦੀ ਮੌਤ ਦੀ ਪਿਛਲੇ ਸਮੇਂ ਵਿੱਚ ਮਨੁੱਖੀ ਅਧਿਕਾਰ ਸੰਗਠਨਾਂ ਵੱਲੋਂ ਤਿੱਖੀ ਆਲੋਚਨਾ ਕੀਤੀ ਗਈ ਹੈ। ਪਾਕਿਸਤਾਨੀ ਫੌਜ ਨੇ ਅਜੇ ਤੱਕ ਹਮਲਿਆਂ ਬਾਰੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ।

# ਬੰਗਲੁਰੂ-ਵਾਰਾਣਸੀ ਉਡਾਣ 'ਚ ਯਾਤਰੀ ਵਲੋਂ ਕਾਕਪਿਟ ਖੇਤਰ ਵਿਚ ਦਾਖਲ ਹੋਣ ਦੀ ਕੋਸ਼ਿਸ਼

**ਮੁੰਬਈ/ਵਾਰਾਣਸੀ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬੰਗਲੁਰੂ ਤੋਂ ਵਾਰਾਨਸੀ ਜਾ ਰਹੀ ਏਅਰ ਇੰਡੀਆ ਐਕਸਪ੍ਰੈੱਸ ਦੀ ਉਡਾਣ ਵਿਚ ਇਕ ਯਾਤਰੀ ਨੇ ਕਾਕਪਿਟ ਖੇਤਰ ਵਿਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ। ਇਹ ਯਾਤਰੀ ਪਖਾਨੇ ਨੂੰ ਲੱਭਦਾ ਹੋਇਆ ਮਨਾਹੀ ਵਾਲੇ ਖੇਤਰ ਵਿਚ ਚਲਾ ਗਿਆ। ਹਵਾਈ ਜਹਾਜ਼ ਦੇ ਅਮਲੇ ਨੇ ਇਸ ਦੀ ਪੁਲੀਸ ਕੋਲ ਸ਼ਿਕਾਇਤ ਕੀਤੀ ਤੇ ਹਵਾਈ ਉਡਾਣ ਉਤਰਨ ਵੇਲੇ ਸੁਰੱਖਿਆ ਬਲਾਂ ਨੇ ਇਸ ਯਾਤਰੀ ਤੇ ਇਸ ਦੇ ਨਾਲ ਦੇ ਅੱਠ ਜਣਿਆਂ ਨੂੰ ਹਿਰਾਸਤ ਵਿਚ ਲੈ ਲਿਆ ਹੈ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਏਅਰਲਾਈਨ ਨੇ ਅੱਜ ਇਸ ਘਟਨਾ ਦੀ ਜਾਣਕਾਰੀ ਦਿੱਤੀ ਕਿ ਇਹ ਘਟਨਾ 22 ਸਤੰਬਰ ਨੂੰ ਵਾਪਰੀ ਸੀ।

ਏਅਰ ਇੰਡੀਆ ਐਕਸਪ੍ਰੈਸ ਨੇ ਇੱਕ ਬਿਆਨ ਵਿੱਚ ਕਿਹਾ, 'ਸਾਨੂੰ ਵਾਰਾਣਸੀ ਜਾਣ ਵਾਲੀ ਉਡਾਣ ਵਿੱਚ ਜਾਣਕਾਰੀ ਮਿਲੀ ਕਿ ਇਕ ਯਾਤਰੀ ਪਖਾਨੇ ਦੀ ਭਾਲ ਕਰਦੇ ਹੋਏ ਕਾਕਪਿਟ ਦੇ ਦਾਖਲਾ ਖੇਤਰ ਤੱਕ ਪਹੁੰਚ ਗਿਆ। ਏਅਰ ਇੰਡੀਆ ਅਮਲੇ ਨੇ ??ਸੁਰੱਖਿਆ ਮਾਪਦੰਡਾਂ ਦਾ ਪਾਲਣ ਕੀਤਾ। ਐਸਐਚਓ ਪਰਵੀਨ ਕੁਮਾਰ ਨੇ ਕਿਹਾ ਕਿ ਇਸ ਯਾਤਰੀ ਨੇ ਉਡਾਣ ਦੌਰਾਨ ਕਾਕਪਿਟ ਖੇਤਰ ਖੋਲ੍ਹਣ ਦੀ ਕੋਸ਼ਿਸ਼ ਕੀਤੀ ਜਿਸ ਦੀ ਸੁਰੱਖਿਆ ਬਲਾਂ ਤੇ ਪੁਲੀਸ ਵਲੋਂ ਜਾਂਚ ਕੀਤੀ ਜਾ ਰਹੀ ਹੈ।

# ਸਾਬਕਾ ਬੈਂਕ ਕਰਮੀ ਨੂੰ ਇੱਕ ਮਹੀਨੇ ਤੱਕ ਰੱਖਿਆ 'ਡਿਜੀਟਲ ਅਰੈਸਟ', 23 ਕਰੋੜ ਠੱਗੇ

**ਨਵੀਂ ਦਿੱਲੀ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਈਡੀ ਅਤੇ ਸੀਬੀਆਈ ਅਧਿਕਾਰੀਆਂ ਵਜੋਂ ਪੇਸ਼ ਹੁੰਦਿਆਂ ਸਾਈਬਰ ਠੱਗਾਂ ਨੇ ਦੱਖਣੀ ਦਿੱਲੀ ਦੇ ਗੁਲਮੋਹਰ ਪਾਰਕ ਇਲਾਕੇ ਵਿੱਚ ਇੱਕ ਸੇਵਾਮੁਕਤ ਬੈਂਕਰ ਨੂੰ ਲਗਪਗ ਇੱਕ ਮਹੀਨੇ ਲਈ 'ਡਿਜੀਟਲ ਗ੍ਰਿਫਤਾਰ' ਕਰਕੇ 23 ਕਰੋੜ ਦੀ ਠੱਗੀ ਮਾਰੀ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਦੋਸ਼ੀਆਂ ਨੇ ਕਥਿਤ ਤੌਰ 'ਤੇ ਪੀੜਤ ਨੂੰ ਕਿਹਾ ਕਿ ਉਸ ਦਾ ਆਧਾਰ ਕਾਰਡ ਨਸ਼ੀਲੇ ਪਦਾਰਥਾਂ ਦੀ ਤਸਕਰੀ, ਅਤਿਵਾਦ ਨੂੰ ਫੰਡ ਦੇਣ ਅਤੇ ਪੁਲਵਾਮਾ ਅਤਿਵਾਦੀ ਹਮਲੇ ਵਿੱਚ ਸ਼ਾਮਲ ਸੀ। ਠੱਗਾਂ ਨੇ ਜਾਂਚ ਦੇ ਬਹਾਨੇ ਵਿਅਕਤੀ ਨੂੰ ਉਸ ਦੇ ਫਲੈਟ ਤੱਕ ਸੀਮਤ ਕਰ ਦਿੱਤਾ। ਅਧਿਕਾਰੀ ਨੇ ਕਿਹਾ, "ਠੱਗਾਂ ਨੇ ਉਸ ਨੂੰ ਘਰੋਂ ਬਾਹਰ ਨਾ ਨਿਕਲਣ ਦੀ ਹਦਾਇਤ ਦਿੱਤੀ ਅਤੇ ਇੱਕ ਮਹੀਨੇ ਦੇ ਅੰਦਰ-ਅੰਦਰ ਉਸ ਦੀ ਬੱਚਤ ਨੂੰ ਵੱਖ-ਵੱਖ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕਰਨ ਲਈ ਮਜਬੂਰ ਕੀਤਾ।" ਪੁਲੀਸ ਅਨੁਸਾਰ 78 ਸਾਲਾ ਪੀੜਤ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਇਹ ਸਿਲਸਿਲਾ 4 ਅਗਸਤ ਨੂੰ ਸ਼ੁਰੂ ਹੋਇਆ ਜਦੋਂ ਉਸ ਨੂੰ ਇੱਕ ਵਿਅਕਤੀ ਦਾ ਫੋਨ ਆਇਆ ਜੋ ਖੁਦ ਨੂੰ ਮੁੰਬਈ ਪੁਲਿਸ ਅਧਿਕਾਰੀ ਦੱਸ ਰਿਹਾ ਸੀ। ਫੋਨ ਕਰਨ ਵਾਲੇ ਨੇ ਉਸ 'ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਰੈਕੇਟ ਨਾਲ ਜੁੜੇ ਹੋਣ ਦਾ ਦੋਸ਼ ਲਗਾਇਆ। ਬਾਅਦ ਵਿੱਚ ਈਡੀ ਅਤੇ ਸੀਬੀਆਈ ਅਧਿਕਾਰੀਆਂ ਦਾ ਰੂਪ ਧਾਰ ਕੇ ਠੱਗਾਂ ਨੇ ਵੀ ਉਸ ਨਾਲ ਸੰਪਰਕ ਕੀਤਾ।

# 'ਜੋੜੇ ਸਾਹਿਬ' ਨੂੰ ਤਖ਼ਤ ਪਟਨਾ ਸਾਹਿਬ ਗੁਰਦੁਆਰੇ ਵਿੱਚ ਰੱਖਿਆ ਜਾਣਾ ਚਾਹੀਦਾ ਹੈ: ਤਰਲੋਚਨ ਸਿੰਘ

**ਨਵੀਂ ਦਿੱਲੀ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਰਾਜ ਸਭਾ ਮੈਂਬਰ ਅਤੇ ਕੌਮੀਂ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਤਰਲੋਚਨ ਸਿੰਘ ਨੇ ਕਿਹਾ ਕਿ ਕੇਂਦਰੀ ਮੰਤਰੀ ਹਰਦੀਪ ਪੁਰੀ ਦੇ ਪਰਿਵਾਰ ਦੁਆਰਾ ਸੁਰੱਖਿਅਤ ਰੱਖੇ ਗਏ ਗੁਰੂ ਗੋਬਿੰਦ ਸਿੰਘ ਅਤੇ ਮਾਤਾ ਸਾਹਿਬ ਕੌਰ ਦੇ 'ਜੋੜੇ ਸਾਹਿਬ' ਤਖ਼ਤ ਪਟਨਾ ਸਾਹਿਬ ਗੁਰਦੁਆਰੇ ਵਿੱਚ ਰੱਖੇ ਜਾਣੇ ਚਾਹੀਦੇ ਹਨ।

ਉਨ੍ਹਾਂ ਕਿਹਾ ਕਿ ਇਨ੍ਹਾਂ ਨੂੰ ਗੁਰੂ ਗੋਬਿੰਦ ਸਿੰਘ ਦੇ ਜਨਮ ਸਥਾਨ ਤਖ਼ਤ ਪਟਨਾ ਸਾਹਿਬ ਵਿਖੇ ਰੱਖਿਆ ਜਾਵੇ। ਗੁਰੂ ਜੀ ਦੀਆਂ ਨਿੱਜੀ ਚੀਜ਼ਾਂ ਇਸ ਗੁਰਦੁਆਰੇ ਵਿੱਚ ਸੁਰੱਖਿਅਤ ਹਨ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਆਪਣੀ ਰਿਹਾਇਸ਼ 'ਤੇ ਹੋਈ ਮੀਟਿੰਗ ਦੌਰਾਨ ਸ਼ਬਦ ਕੀਰਤਨ ਸੁਣਿਆ।

ਜੋੜੇ ਸਾਹਿਬ' ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਖ਼ਾਲਸੇ ਦੇ ਮਾਤਾ ਸਾਹਿਬ ਕੌਰ ਜੀ ਦੇ ਨਿੱਜੀ ਜੋੜੇ ਹਨ। ਸਿੰਘ ਨੇ ਕਿਹਾ, ਪ੍ਰਧਾਨ ਮੰਤਰੀ ਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਇਹ ਪਵਿੱਤਰ ਨਿਸ਼ਾਨੀਆਂ ਕੇਂਦਰੀ ਮੰਤਰੀ ਸ. ਹਰਦੀਪ ਸਿੰਘ ਪੁਰੀ ਦੇ ਪਰਖਿਆਂ ਵਲੋਂ ਸਾਂਭ ਕੇ ਰੱਖੀਆਂ ਗਈਆਂ ਅਤੇ ਉਨ੍ਹਾਂ ਦੀ ਪੂਜਾ ਕੀਤੀ ਜਾਂਦੀ ਰਹੀ। ਪਾਕਿਸਤਾਨ ਛੱਡਣ ਤੋਂ ਬਾਅਦ ਪਰਿਵਾਰ ਨੇ ਇਹ ਨਿਸ਼ਾਨੀਆਂ ਦਿੱਲੀ ਦੇ ਕਰੋਲ ਬਾਗ ਵਿਚ ਆਪਣੇ ਘਰ ਵਿੱਚ ਰੱਖੀਆਂ। ਸ. ਜਸਮੀਤ ਸਿੰਘ ਪੁਰੀ ਦੇ ਦਿਹਾਂਤ ਤੋਂ ਬਾਅਦ ਉਨ੍ਹਾਂ ਦੀ ਪਤਨੀ ਨੇ ਪਰਿਵਾਰ ਦੇ ਸਭ ਤੋਂ ਵੱਡੇ ਮੈਂਬਰ ਸ. ਹਰਦੀਪ ਸਿੰਘ ਪੁਰੀ ਨੂੰ ਸੰਗਤ ਲਈ ਵਿਸ਼ਾਲ ਦਰਸ਼ਨ ਲਈ ਢੁਕਵੀਂ ਜਗ੍ਹਾ ਦਾ ਪ੍ਰਬੰਧ ਕਰਨ ਲਈ ਕਿਹਾ। ਉਸ ਕਿਹਾ, ਮੈਨੂੰ ਇਹ ਵੀ ਪਤਾ ਹੈ ਕਿ ਪੰਜਾਬ ਵਿੱਚ ਕਈ ਪਰਿਵਾਰਾਂ ਨੇ ਸਿੱਖ ਗੁਰੂ ਸਾਹਿਬਾਨ ਦੀਆਂ ਪਵਿੱਤਰ ਨਿਸ਼ਾਨੀਆਂ ਆਪਣੇ ਕੋਲ ਸੰਭਾਲ ਕੇ ਰੱਖੀਆਂ ਹੋਈਆਂ ਹਨ। ਮੈਂ ਹਰਦੀਪ ਸਿੰਘ ਪੁਰੀ ਅਤੇ ਉਨ੍ਹਾਂ ਦੀ ਪਤਨੀ ਨੂੰ ਇਹੀ ਸੁਝਾਅ ਦੇਣਾ ਚਾਹੁੰਦਾ ਹਾਂ ਕਿ ਇਹ 'ਜੋੜੇ ਸਾਹਿਬ' ਪਟਨਾ ਸਾਹਿਬ ਗੁਰਦੁਆਰੇ ਵਿਖੇ ਰੱਖੇ ਜਾਣ।

# 2020 ਦੰਗੇ: ਸੁਪਰੀਮ ਕੋਰਟ ਵੱਲੋਂ ਉਮਰ ਖਾਲਿਦ ਸਮੇਤ ਹੋਰਾਂ ਦੀਆਂ ਜ਼ਮਾਨਤ ਪਟੀਸ਼ਨਾਂ 'ਤੇ ਦਿੱਲੀ ਪੁਲੀਸ ਨੂੰ ਨੋਟਿਸ

**ਨਵੀਂ ਦਿੱਲੀ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸੁਪਰੀਮ ਕੋਰਟ ਨੇ ਸੋਮਵਾਰ ਨੂੰ ਫਰਵਰੀ 2020 ਦੇ ਦਿੱਲੀ ਦੰਗਿਆਂ ਪਿੱਛੇ ਸਾਜ਼ਿਸ਼ ਦੇ ਦੋਸ਼ਾਂ ਨਾਲ ਸਬੰਧਤ UAPA ਕੇਸ ਵਿੱਚ ਕਾਰਕੁਨਾਂ ਉਮਰ ਖਾਲਿਦ, ਸ਼ਰਜੀਲ ਇਮਾਮ, ਗੁਲਫਿਸ਼ਾ ਫਾਤਿਮਾ ਅਤੇ ਮੀਰਾਨ ਹੈਦਰ ਦੀਆਂ ਜ਼ਮਾਨਤ ਪਟੀਸ਼ਨਾਂ 'ਤੇ ਦਿੱਲੀ ਪੁਲਿਸ ਤੋਂ ਜਵਾਬ ਮੰਗਿਆ ਹੈ।

ਜਸਟਿਸ ਅਰਵਿੰਦ ਕੁਮਾਰ ਅਤੇ ਐਨ ਵੀ ਅੰਜਾਰੀਆ ਦੇ ਬੈਂਚ ਨੇ ਨੋਟਿਸ ਜਾਰੀ ਕੀਤਾ ਅਤੇ ਮਾਮਲੇ ਨੂੰ 7 ਅਕਤੂਬਰ ਲਈ ਸੂਚੀਬੱਧ ਕੀਤਾ।

ਕਾਰਕੁਨਾਂ ਨੇ ਦਿੱਲੀ ਹਾਈ ਕੋਰਟ ਦੇ 2 ਸਤੰਬਰ ਦੇ ਉਸ ਹੁਕਮ ਨੂੰ ਚੁਣੌਤੀ ਦਿੱਤੀ ਹੈ, ਜਿਸ ਵਿੱਚ ਖਾਲਿਦ ਅਤੇ ਇਮਾਮ ਸਮੇਤ ਨੌ ਲੋਕਾਂ ਦੀ ਜ਼ਮਾਨਤ ਰੱਦ ਕਰ ਦਿੱਤੀ ਗਈ ਸੀ। ਕੋਰਟ ਨੇ ਕਿਹਾ ਸੀ ਕਿ ਨਾਗਰਿਕਾਂ ਨੂੰ ਪ੍ਰਦਰਸ਼ਨਾਂ ਜਾਂ ਵਿਰੋਧ ਪ੍ਰਦਰਸ਼ਨਾਂ ਦੀ ਆੜ ਵਿੱਚ ÷ਸਾਜ਼ਿਸ਼ੀ÷ ਹਿੰਸਾ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।

ਖਾਲਿਦ ਅਤੇ ਇਮਾਮ ਤੋਂ ਇਲਾਵਾ ਫਾਤਿਮਾ, ਹੈਦਰ, ਮੁਹੰਮਦ ਸਲੀਮ ਖਾਨ, ਸ਼ਿਫਾ ਉਰ ਰਹਿਮਾਨ, ਅਥਰ ਖਾਨ, ਅਬਦੁਲ ਖਾਲਿਦ ਸੈਫੀ ਅਤੇ ਸ਼ਾਦਾਬ ਅਹਿਮਦ ਦੀ ਵੀ ਜ਼ਮਾਨਤ ਰੱਦ ਕੀਤੀ ਗਈ ਸੀ। ਇੱਕ ਹੋਰ ਦੋਸ਼ੀ ਤਸਲੀਮ ਅਹਿਮਦ ਦੀ ਜ਼ਮਾਨਤ ਪਟੀਸ਼ਨ ਵੀ 2 ਸਤੰਬਰ ਨੂੰ ਇੱਕ ਵੱਖਰੇ ਹਾਈ ਕੋਰਟ ਬੈਂਚ ਵੱਲੋਂ ਖਾਰਜ ਕਰ ਦਿੱਤੀ ਗਈ ਸੀ।

ਹਾਈ ਕੋਰਟ ਨੇ ਕਿਹਾ ਕਿ ਸੰਵਿਧਾਨ ਨਾਗਰਿਕਾਂ ਨੂੰ ਪ੍ਰਦਰਸ਼ਨ ਅਤੇ ਰੋਸ ਪ੍ਰਦਰਸ਼ਨ ਕਰਨ ਦਾ ਅਧਿਕਾਰ ਦਿੰਦਾ ਹੈ, ਬਸ਼ਰਤੇ ਉਹ ਵਿਵਸਥਿਤ, ਸ਼ਾਂਤਮਈ ਅਤੇ ਬਿਨਾਂ ਹਥਿਆਰਾਂ ਦੇ ਹੋਣ ਅਤੇ ਅਜਿਹੀਆਂ ਕਾਰਵਾਈਆਂ ਕਾਨੂੰਨ ਦੇ ਦਾਇਰੇ ਵਿੱਚ ਹੋਣੀਆਂ ਚਾਹੀਦੀਆਂ ਹਨ।

# ਚਾਰਲੀ ਕਿਰਕ 'ਮਹਾਨ ਅਮਰੀਕੀ ਨਾਇਕ' ਤੇ ਆਜ਼ਾਦੀ ਲਈ 'ਸ਼ਹੀਦ': ਟਰੰਪ

**ਗਲੈਨਡੇਲ(ਅਮਰੀਕਾ), 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਰਾਸ਼ਟਰਪਤੀ ਡੋਨਲਡ ਟਰੰਪ ਨੇ ਚਾਰਲੀ ਕਿਰਕ ਦੀ ਪ੍ਰਸ਼ੰਸਾ ਕਰਦਿਆਂ ਉਸ ਨੂੰ 'ਮਹਾਨ ਅਮਰੀਕੀ ਨਾਇਕ' ਅਤੇ ਆਜ਼ਾਦੀ ਲਈ 'ਸ਼ਹੀਦ' ਦੱਸਿਆ। ਟਰੰਪ ਅਤੇ ਹੋਰ ਪ੍ਰਮੁੱਖ ਰੂੜੀਵਾਦੀ ਐਤਵਾਰ ਸ਼ਾਮ ਨੂੰ ਕਿਰਕ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਸਨ। ਇਨ੍ਹਾਂ ਆਗੂਆਂ ਨੇ ਕਿਹਾ ਕਿ ਉਨ੍ਹਾਂ ਨੂੰ ਹੁਣ ਕਿਰਕ ਦੇ ਕੰਮ ਨੂੰ ਅੱਗੇ ਵਧਾਉਣਾ ਚਾਹੀਦਾ ਹੈ। ਟਰੰਪ ਨੇ 2024 ਦੀ ਚੋਣ ਵਿਚ ਆਪਣੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਉਣ ਦਾ ਸਿਹਰਾ ਕਿਰਕ ਸਿਰ ਬੰਨ੍ਹਿਆ। ਕਿਰਕ ਦੀ ਯਾਦ ਵਿਚ ਰੱਖੀ ਸ਼ੋਕ ਸਭਾ ਵਿਚ ਹਜ਼ਾਰਾਂ ਲੋਕ ਸ਼ਾਮਲ ਹੋਏ। ਇਨ੍ਹਾਂ ਵਿੱਚ ਉਪ-ਰਾਸ਼ਟਰਪਤੀ ਜੇਡੀ ਵੈਂਸ, ਹੋਰ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਅਤੇ 31 ਸਾਲਾ ਤੇਜ਼ ਤਰਾਰ ਆਗੂ ਤੋਂ ਪ੍ਰਭਾਵਿਤ ਨੌਜਵਾਨ ਰੂੜੀਵਾਦੀ ਸ਼ਾਮਲ ਸਨ। ਇਸ ਮੌਕੇ ਟਰੰਪ ਪ੍ਰਸ਼ਾਸਨ 'ਚ ਸਾਬਕਾ ਮੰਤਰੀ ਤੇ ਟੈਸਲਾ ਦੇ ਮਾਲਕ ਐਲਨ ਮਸਕ ਵੀ ਮੌਜੂਦ ਸਨ।

ਚਾਰਲੀ ਕਿਰਕ ਦੀ ਸ਼ੋਕ ਸਭਾ ਵਿਚ ਸ਼ਾਮਲ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਤੇ ਟੈਸਲਾ ਦੇ ਮੁਖੀ ਐਲਨ ਮਸਕ।

ਰੰਪ ਨੇ ਆਪਣੀ ਸ਼ਰਧਾਂਜਲੀ ਵਿਚ ਕਿਹਾ, "ਉਹ ਅਮਰੀਕਾ ਦੀ ਆਜ਼ਾਦੀ ਲਈ ਸ਼ਹੀਦ ਹੋ ਗਿਆ। ਮੈਂ ਜਾਣਦਾ ਹਾਂ ਕਿ ਮੈਂ ਅੱਜ ਇੱਥੇ ਮੌਜੂਦ ਸਾਰੇ ਲੋਕਾਂ ਵੱਲੋਂ ਬੋਲ ਰਿਹਾ ਹਾਂ ਜਦੋਂ ਮੈਂ ਕਹਿੰਦਾ ਹਾਂ ਕਿ ਸਾਡੇ ਵਿੱਚੋਂ ਕੋਈ ਵੀ ਚਾਰਲੀ ਨੂੰ ਕਦੇ ਨਹੀਂ ਭੁੱਲੇਗਾ। ਅਤੇ ਨਾ ਹੀ ਹੁਣ ਇਤਿਹਾਸ ਭੁੱਲੇਗਾ।"

ਬੁਲਾਰਿਆਂ ਨੇ ਕਿਰਕ ਦੇ ਡੂੰਘੇ ਵਿਸ਼ਵਾਸ ਅਤੇ ਉਸ ਦੇ ਮਜ਼ਬੂਤ ਵਿਸ਼ਵਾਸ ਨੂੰ ਉਜਾਗਰ ਕੀਤਾ ਕਿ ਨੌਜਵਾਨ ਰੂੜੀਵਾਦੀਆਂ ਨੂੰ ਆਪਣੇ ਅੰਦੋਲਨ ਨੂੰ ਅੱਗੇ ਵਧਾਉਣ ਲਈ ਵਿਆਹ ਕਰਵਾਉਣ, ਪਰਿਵਾਰ ਬਣਾਉਣ ਅਤੇ ਆਪਣੀਆਂ ਕਦਰਾਂ-ਕੀਮਤਾਂ ਨੂੰ ਅੱਗੇ ਵਧਾਉਣ ਦੀ ਲੋੜ ਹੈ। ਉਨ੍ਹਾਂ ਨੇ ਰੂੜੀਵਾਦੀ ਕਾਰਕੁਨਾਂ ਨੂੰ ਵਾਰ ਵਾਰ ਕਿਹਾ ਕਿ ਕਿਰਕ ਦਾ ਸਨਮਾਨ ਕਰਨ ਦਾ ਸਭ ਤੋਂ ਵਧੀਆ ਤਰੀਕਾ ਅਮਰੀਕੀ ਰਾਜਨੀਤੀ ਨੂੰ ਸੱਜੇ ਪਾਸੇ ਲਿਜਾਣ ਦੇ ਉਸ ਦੇ ਮਿਸ਼ਨ 'ਤੇ ਦੁੱਗਣਾ ਜ਼ੋਰ ਦੇਣਾ ਹੈ। ਸਟੇਡੀਅਮ ਵਿਚ ਰੱਖੀ ਸ਼ੋਕ ਸਭਾ ਵਿਚ 63000 ਤੋਂ ਵੱਧ ਲੋਕ ਮੌਜੂਦ ਸਨ।

ਕਿਰਕ ਦੀ ਵਿਧਵਾ ਐਰਿਕਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਦੁੱਖ ਦੀ ਇਸ ਘੜੀ ਵਿਚਕਾਰ ਉਸ ਨੂੰ ਇਹ ਗੱਲ ਦਿਲਾਸਾ ਦੇ ਰਹੀ ਹੈ ਕਿ ਉਸ ਦਾ ਪਤੀ ਬਿਨਾਂ ਕਿਸੇ ਪਛਤਾਵੇ ਦੇ ਇਸ ਦੁਨੀਆਂ ਤੋਂ ਚਲਾ ਗਿਆ। ਉਸ ਨੇ ਇਹ ਵੀ ਕਿਹਾ ਕਿ ਉਹ ਉਸ ਆਦਮੀ ਨੂੰ ਮਾਫ਼ ਕਰ ਦਿੰਦੀ ਹੈ ਜਿਸ 'ਤੇ ਉਸ ਨੂੰ ਮਾਰਨ ਦਾ ਦੋਸ਼ ਹੈ। ਕਿਰਕ ਦੀ ਹੱਤਿਆ ਦੇ ਦੋਸ਼ 'ਚ ਟਾਇਲਰ ਰੌਬਿਨਸਨ ਨਾਂ ਦੇ 22 ਸਾਲਾ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

# AU ਸਮਾਲ ਫਾਈਨੈਂਸ ਬੈਂਕ ਅਤੇ ਜ਼ੈਗਲ ਨੇ ਰਣਨੀਤਕ ਭਾਈਵਾਲੀ ਬਣਾਈ - ਸਹਿ-ਬ੍ਰਾਂਡਿਡ ਰਿਟੇਲ ਕ੍ਰੈਡਿਟ ਅਤੇ ਪ੍ਰੀਪੇਡ ਕਾਰਡਾਂ ਦੀ ਸ਼ੁਰੂਆਤ

**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

AU ਸਮਾਲ ਫਾਈਨੈਂਸ ਬੈਂਕ (AU SFB) ਨੇ ਅੱਜ ਭਾਰਤ ਦੀ ਪ੍ਰਮੁੱਖ ਖਰਚ ਪ੍ਰਬੰਧਨ ਕੰਪਨੀ, ਜ਼ੈਗਲ ਪ੍ਰੀਪੇਡ ਓਸ਼ਨ ਸਰਵਿਸਿਜ਼ ਲਿਮਟਿਡ ਨਾਲ ਇੱਕ ਰਣਨੀਤਕ ਭਾਈਵਾਲੀ ਦਾ ਐਲਾਨ ਕੀਤਾ। ਇਸ ਭਾਈਵਾਲੀ ਦਾ ਉਦੇਸ਼ ਇੱਕ ਸਹਿ-ਬ੍ਰਾਂਡਿਡ ਰਿਟੇਲ ਕ੍ਰੈਡਿਟ ਅਤੇ ਪ੍ਰੀਪੇਡ ਕਾਰਡ ਪ੍ਰੋਗਰਾਮ ਸ਼ੁਰੂ ਕਰਨਾ ਹੈ, ਜਿਸ ਵਿੱਚ ਥਰਡ-ਪਾਰਟੀ ਐਪਲੀਕੇਸ਼ਨ ਪ੍ਰਦਾਤਾ (TPAP) ਏਕੀਕਰਨ ਅਤੇ ਇੱਕ ਵਿਅਕਤੀਗਤ ਸਿਫਾਰਸ਼ ਇੰਜਣ ਵਰਗੀਆਂ ਵਿਸ਼ੇਸ਼ਤਾਵਾਂ ਸ਼ਾਮਲ ਹੋਣਗੀਆਂ। AU SFB ਭਾਰਤ ਦਾ ਸਭ ਤੋਂ ਵੱਡਾ ਸਮਾਲ ਫਾਈਨੈਂਸ ਬੈਂਕ ਹੈ ਅਤੇ ਇੱਕ ਦਹਾਕੇ ਤੋਂ ਵੱਧ ਸਮੇਂ ਵਿੱਚ ਪਹਿਲਾ ਬੈਂਕ ਬਣ ਗਿਆ ਹੈ ਜਿਸਨੂੰ ਇੱਕ ਯੂਨੀਵਰਸਲ ਬੈਂਕ ਵਿੱਚ ਤਬਦੀਲੀ ਲਈ ਸਿਧਾਂਤਕ ਪ੍ਰਵਾਨਗੀ ਪ੍ਰਾਪਤ ਹੋਈ ਹੈ। ਨਵਾਂ ਰਿਟੇਲ ਕ੍ਰੈਡਿਟ ਕਾਰਡ ਗਾਹਕਾਂ ਨੂੰ ਸਮਾਰਟ ਖਰਚ ਸੁਝਾਅ, ਆਸਾਨ ਇਨਾਮ, ਅਤੇ ਇੱਕ ਤਕਨਾਲੋਜੀ-ਸਮਰਥਿਤ ਸਹਿਜ ਅਨੁਭਵ ਪ੍ਰਦਾਨ ਕਰੇਗਾ, ਜੋ ਰੋਜ਼ਾਨਾ ਖਰਚ ਨੂੰ ਹੋਰ ਵੀ ਫਲਦਾਇਕ ਅਤੇ ਸਰਲ ਬਣਾਉਂਦਾ ਹੈ।

Zaggle ਦੇ ਸੰਸਥਾਪਕ ਅਤੇ ਕਾਰਜਕਾਰੀ ਚੇਅਰਮੈਨ ਡਾ. ਰਾਜ ਪੀ. ਨਾਰਾਇਣਮ ਨੇ ਕਿਹਾ, ÷ਅਸੀਂ 1" ਬੈਂਕ ਨਾਲ ਸਾਂਝੇਦਾਰੀ ਵਿੱਚ ਰਿਟੇਲ ਕ੍ਰੈਡਿਟ ਕਾਰਡ ਕਾਰੋਬਾਰ ਵਿੱਚ ਪ੍ਰਵੇਸ਼ ਕਰਨ ਲਈ ਉਤਸ਼ਾਹਿਤ ਹਾਂ। ਇਸ ਸਾਂਝੇਦਾਰੀ ਦਾ ਉਦੇਸ਼ ਨਵੀਨਤਾਕਾਰੀ, ਤਕਨਾਲੋਜੀ-ਅਧਾਰਤ ਭੁਗਤਾਨ ਹੱਲ ਪ੍ਰਦਾਨ ਕਰਨਾ ਹੈ ਜੋ ਪ੍ਰਚੂਨ ਅਤੇ ਕਾਰਪੋਰੇਟ ਦੋਵਾਂ ਗਾਹਕਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਦੇ ਹਨ। Zattix ਅਤੇ SAVE ਵਰਗੇ ਏਕੀਕ੍ਰਿਤ ਪਲੇਟਫਾਰਮਾਂ ਦੇ ਨਾਲ, ਅਸੀਂ ਕਾਰੋਬਾਰਾਂ ਨੂੰ ਵਧੀ ਹੋਈ ਖਰਚ ਦ੍ਰਿਸ਼ਟੀ, ਉੱਨਤ ਪਾਲਣਾ ਅਤੇ ਸੰਚਾਲਨ ਉੱਤਮਤਾ ਪ੍ਰਦਾਨ ਕਰ ਰਹੇ ਹਾਂ।÷

ਰਿਟੇਲ ਕ੍ਰੈਡਿਟ ਕਾਰਡ ਲਾਂਚ ਤੋਂ ਇਲਾਵਾ, AU SFB ਅਤੇ Zaggle ਇੱਕ ਵਿਆਪਕ ਵਪਾਰਕ ਕ੍ਰੈਡਿਟ ਕਾਰਡ ਪੋਰਟਫੋਲੀਓ ਵਿਕਸਤ ਕਰਨ ਲਈ ਆਪਣੀ ਸਾਂਝੇਦਾਰੀ ਦਾ ਵਿਸਤਾਰ ਕਰਨਗੇ। AU SFB ਆਪਣੀ ਅੰਡਰਰਾਈਟਿੰਗ ਮੁਹਾਰਤ ਦਾ ਲਾਭ ਉਠਾਏਗਾ, ਜਦੋਂ ਕਿ Zaggle ਯੋਗ ਕਾਰਪੋਰੇਟ ਗਾਹਕਾਂ ਨੂੰ ਆਨਬੋਰਡ ਕਰਨ ਲਈ ਆਪਣੇ ਵਿਆਪਕ ਐਂਟਰਪ੍ਰਾਈਜ਼ ਨੈੱਟਵਰਕ ਦਾ ਲਾਭ ਉਠਾਏਗਾ। ਇਹਨਾਂ ਗਾਹਕਾਂ ਕੋਲ Zattix, Zaggle ਦੇ ਕੇਂਦਰੀਕ੍ਰਿਤ SaaS ਪਲੇਟਫਾਰਮ ਤੱਕ ਪਹੁੰਚ ਹੋਵੇਗੀ, ਜੋ ਅਸਲ-ਸਮੇਂ ਦੀ ਦਿੱਖ, ਸੰਪੂਰਨ ਨਿਯੰਤਰਣ ਅਤੇ ਕਾਰਪੋਰੇਟ ਖਰਚ ਵਿੱਚ ਸੁਚਾਰੂ ਸੂਝ ਪ੍ਰਦਾਨ ਕਰਦਾ ਹੈ।

ਸਾਂਝੇਦਾਰੀ ਵਿੱਚ ਕਾਰਪੋਰੇਟ ਗਾਹਕਾਂ ਲਈ ਇੱਕ ਸਹਿ-ਬ੍ਰਾਂਡਡ ਪ੍ਰੀਪੇਡ ਕਾਰਡ ਪ੍ਰੋਗਰਾਮ ਵੀ ਸ਼ਾਮਲ ਹੈ, ਜੋ ਕਿ ਬਾਲਣ, ਡਾਇਨਿੰਗ ਅਤੇ ਤੋਹਫ਼ਿਆਂ ਵਰਗੀਆਂ ਵੱਖ-ਵੱਖ ਸ਼੍ਰੇਣੀਆਂ ਵਿੱਚ ਕਈ ਵਾਲਿਟ ਰਾਹੀਂ ਟੈਕਸ ਬੱਚਤ ਦੀ ਪੇਸ਼ਕਸ਼ ਕਰੇਗਾ। ਇਹ ਪ੍ਰੋਗਰਾਮ ਕਾਰਪੋਰੇਟਾਂ ਨੂੰ ਆਪਣੇ ਖਰਚਿਆਂ ਅਤੇ ਅਦਾਇਗੀ ਟਰੈਕਿੰਗ ਦਾ ਪ੍ਰਬੰਧਨ ਕਰਨ ਅਤੇ Zaggle ਮੋਬਾਈਲ ਐਪ ਤੋਂ ਸਹਾਇਤਾ ਪ੍ਰਾਪਤ ਕਰਨ ਦੀ ਆਗਿਆ ਦੇਵੇਗਾ। ਇਸ ਪਹਿਲਕਦਮੀ ਦਾ ਉਦੇਸ਼ AU SFB ਅਤੇ ਇਸਦੇ ਕਾਰਪੋਰੇਟ ਗਾਹਕਾਂ ਦੋਵਾਂ ਨੂੰ ਆਪਣੇ ਵਪਾਰਕ ਕਾਰਡ ਪ੍ਰੋਗਰਾਮਾਂ ਦਾ ਕੁਸ਼ਲਤਾ ਨਾਲ ਪ੍ਰਬੰਧਨ ਅਤੇ ਸਕੇਲ ਕਰਨ ਦੇ ਯੋਗ ਬਣਾਉਣਾ ਹੈ।

AU ਸਮਾਲ ਫਾਈਨੈਂਸ ਬੈਂਕ ਦੇ ਸੰਸਥਾਪਕ, MD ਅਤੇ CEO ਸ਼੍ਰੀ ਸੰਜੇ ਅਗਰਵਾਲ ਨੇ ਕਿਹਾ, ਇਹ ਭਾਈਵਾਲੀ ਕਾਰੋਬਾਰਾਂ ਅਤੇ ਖਪਤਕਾਰਾਂ ਦੋਵਾਂ ਨੂੰ ਚੁਸਤ ਅਤੇ ਵਧੇਰੇ ਪ੍ਰਭਾਵਸ਼ਾਲੀ ਵਿੱਤੀ ਹੱਲ ਪ੍ਰਦਾਨ ਕਰਨ ਦੇ ਸਾਡੇ ਦ੍ਰਿਸ਼ਟੀਕੋਣ ਦੇ ਅਨੁਸਾਰ ਹੈ। Zaggle ਦੀਆਂ ਮਜ਼ਬੂਤ SaaS ਸਮਰੱਥਾਵਾਂ ਅਤੇ ਵਿਆਪਕ ਐਂਟਰਪ੍ਰਾਈਜ਼ ਨੈੱਟਵਰਕ ਸਾਡੀਆਂ ਕ੍ਰੈਡਿਟ ਸੇਵਾਵਾਂ ਦੇ ਪੂਰਕ ਹਨ। ਅਸੀਂ ਇਸ ਸਹਿਯੋਗ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਦੀ ਉਮੀਦ ਕਰਦੇ ਹਾਂ। ਇਸ ਤੋਂ ਇਲਾਵਾ, Zaggle ਆਪਣੇ ਦੱਖਣੀ ਖੇਤਰੀ ਕਾਰਪੋਰੇਟ/ਕਨੈਕਟ ਟੂ AU SFB ਨੂੰ ਆਪਣੀ ਪ੍ਰਾਇਮਰੀ ਬੈਂਕਿੰਗ ਫਰੈਂਚਾਇਜ਼ੀ ਵਜੋਂ ਪੇਸ਼ ਕਰੇਗਾ। ਇਸ ਬਹੁ-ਪੜਾਵੀ ਰੋਲਆਉਟ ਦੇ ਨਾਲ, Zaggle ਅਤੇ AU SFB ਭਾਰਤ ਦੇ ਗਤੀਸ਼ੀਲ ਉਪਭੋਗਤਾ ਅਤੇ ਕਾਰਪੋਰੇਟ ਈਕੋਸਿਸਟਮ ਨੂੰ ਵਿੱਤੀ ਉਤਪਾਦਾਂ ਅਤੇ ਪਲੇਟਫਾਰਮਾਂ ਦਾ ਇੱਕ ਸ਼ਕਤੀਸ਼ਾਲੀ ਸਮੂਹ ਪੇਸ਼ ਕਰਨ ਲਈ ਤਿਆਰ ਹਨ।

# ਜੈਕਲੀਨ ਫਰਨਾਂਡੇਜ਼ ਨੂੰ ਸੁਪਰੀਮ ਕੋਰਟ ਤੋਂ ਝਟਕਾ; ਸੁਕੇਸ਼ ਚੰਦਰਸ਼ੇਖਰ 200 ਕਰੋੜ ਦੇ ਧੋਖਾਧੜੀ ਮਾਮਲੇ ਵਿੱਚ ਪਟੀਸ਼ਨ ਖਾਰਜ

**ਨਵੀਂ ਦਿੱਲੀ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਫਿਲਮ ਅਦਾਕਾਰਾ ਜੈਕਲੀਨ ਫਰਨਾਂਡੇਜ਼ ਨੂੰ ਸੁਕੇਸ਼ ਚੰਦਰਸ਼ੇਖਰ ਨਾਲ ਜੁੜੇ 200 ਕਰੋੜ ਰੁਪਏ ਦੇ ਧੋਖਾਧੜੀ ਮਾਮਲੇ ਵਿੱਚ ਸੁਪਰੀਮ ਕੋਰਟ ਤੋਂ ਝਟਕਾ ਲੱਗਾ ਹੈ। ਸੁਪਰੀਮ ਕੋਰਟ ਨੇ ਜੈਕਲੀਨ ਦੀ ਪਟੀਸ਼ਨ ਖਾਰਜ ਕਰ ਦਿੱਤੀ। ਜੈਕਲੀਨ ਫਰਨਾਂਡੀਜ਼ ਨੇ ਦਿੱਲੀ ਹਾਈ ਕੋਰਟ ਦੇ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਸੀ।

ਦਰਅਸਲ ਤਿੰਨ ਜੁਲਾਈ ਨੂੰ ਦਿੱਲੀ ਹਾਈਕੋਰਟ ਨੇ ਮਨੀ ਲਾਂਡਰਿੰਗ ਮਾਮਲੇ ਵਿੱਚ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੁਆਰਾ ਉਸਦੇ ਵਿਰੁੱਧ ਦਾਇਰ ਈਸੀਆਈਆਰ ਨੂੰ ਰੱਦ ਕਰਨ ਦੀ ਮੰਗ ਕਰਨ ਵਾਲੀ ਉਸਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ।

ਵਕੀਲ ਸੁਮੀਰ ਸੋਢੀ ਰਾਹੀਂ ਦਾਇਰ ਪਟੀਸ਼ਨ ਵਿੱਚ ਜੈਕਲੀਨ ਫਰਨਾਡੇਜ਼ ਨੇ ਹਾਈ ਕੋਰਟ ਦੇ 3 ਜੁਲਾਈ ਦੇ ਹੁਕਮਾਂ ਨੂੰ ਚੁਣੌਤੀ ਦਿੱਤੀ ਹੈ, ਜਿਸ ਨੇ ਮਨੀ ਲਾਂਡਰਿੰਗ ਮਾਮਲੇ ਵਿੱਚ ਐਨਫੋਰਸਮੈਂਟ ਕੇਸ ਇਨਫਰਮੇਸ਼ਨ ਰਿਪੋਰਟ (ECIR) ਨੂੰ ਰੱਦ ਕਰਨ ਦੀ ਉਸਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਸੀ।

ਫਰਨਾਂਡੇਜ਼ ਚੰਦਰਸ਼ੇਖਰ ਵਿਰੁੱਧ ਦਾਇਰ ਮਨੀ ਲਾਂਡਰਿੰਗ ਮਾਮਲੇ ਵਿੱਚ ਦੋਸ਼ੀ ਹੈ ਅਤੇ ਜਾਂਚ ਦੇ ਸਬੰਧ ਵਿੱਚ ਪੁੱਛਗਿੱਛ ਲਈ ਐਨਫੋਰਸਮੈਂਟ ਡਾਇਰੈਕਟੋਰੇਟ ਦੇ ਸਾਹਮਣੇ ਪੇਸ਼ ਹੋਏ ਸੀ। ਦਿੱਲੀ ਪੁਲੀਸ ਨੇ ਚੰਦਰਸ਼ੇਖਰ ਵਿਰੁੱਧ ਰੈਨਬੈਕਸੀ ਦੇ ਸਾਬਕਾ ਪ੍ਰਮੋਟਰਾਂ ਸ਼ਿਵਿੰਦਰ ਸਿੰਘ ਅਤੇ ਮਾਲਵਿੰਦਰ ਸਿੰਘ ਦੇ ਜੀਵਨ ਸਾਥੀਆਂ ਨਾਲ 200 ਕਰੋੜ ਰੁਪਏ ਦੀ ਧੋਖਾਧੜੀ ਕਰਨ ਦਾ ਮਾਮਲਾ ਦਰਜ ਕੀਤਾ ਹੈ।

ਦਿੱਲੀ ਹਾਈ ਕੋਰਟ ਨੇ ਜੈਕਲੀਨ ਫਰਨਾਂਡੀਜ਼ ਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਇਹ ਨਿਰਧਾਰਤ ਕਰਨਾ ਕਿ ਦੋਸ਼ੀ ਨੇ ਅਸਲ ਵਿੱਚ ਕੋਈ ਅਪਰਾਧ ਕੀਤਾ ਹੈ ਜਾਂ ਨਹੀਂ, ਸਿਰਫ ਹੇਠਲੀ ਅਦਾਲਤ ਹੀ ਕਰ ਸਕਦੀ ਹੈ।

ਹਾਲਾਂਕਿ ਜੈਕਲੀਨ ਫਰਨਾਂਡੇਜ਼ ਨੇ ਦਿੱਲੀ ਹਾਈ ਕੋਰਟ ਵਿੱਚ ਕਿਹਾ ਕਿ ਉਸ ਵਿਰੁੱਧ ਸਾਰੇ ਦੋਸ਼ ਝੂਠੇ ਹਨ ਅਤੇ ਉਸਨੂੰ ਸੁਕੇਸ਼ ਚੰਦਰਸ਼ੇਖਰ ਦੇ ਅਪਰਾਧਿਕ ਇਤਿਹਾਸ ਦਾ ਕੋਈ ਗਿਆਨ ਨਹੀਂ ਹੈ।

# ਕ੍ਰਿਕਟਰ ਰੌਬਿਨ ਉਥੱਪਾ ਈਡੀ ਅੱਗੇ ਪੇਸ਼



**ਨਵੀਂ ਦਿੱਲੀ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਭਾਰਤੀ ਕ੍ਰਿਕਟਰ ਰੌਬਿਨ ਉਥੱਪਾ ਇੱਕ ਆਨਲਾਈਨ ਸੱਟੇਬਾਜ਼ੀ ਐਪ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਪੁੱਛਗਿੱਛ ਲਈ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੇ ਸਾਹਮਣੇ ਪੇਸ਼ ਹੋਏ।

ਰੌਬਿਨ ਉਥੱਪਾ ਸਵੇਰੇ ਕਰੀਬ 11 ਵਜੇ ਈਡੀ ਦਫ਼ਤਰ ਪਹੁੰਚੇ। ਈਡੀ ਇੱਕ ਪਲੇਟਫਾਰਮ 'ਵਨਐਕਸਬੇਟ' ਬਾਰੇ ਮਨੀ ਲਾਂਡਰਿੰਗ ਰੋਕਥਾਮ ਐਕਟ ਦੇ ਤਹਿਤ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਬਿਆਨ ਰਿਕਾਰਡ ਕੀਤਾ ਜਾ ਰਿਹਾ ਹੈ।

ਇਸ ਤੋਂ ਪਹਿਲਾਂ ਏਜੰਸੀ ਕ੍ਰਿਕਟਰ ਸੁਰੇਸ਼ ਰੈਨਾ, ਸ਼ਿਖਰ ਧਵਨ, ਅਭਿਨੇਤਰੀ ਅਤੇ ਟੀਐੱਮਸੀ ਦੀ ਸਾਬਕਾ ਸੰਸਦ ਮੈਂਬਰ ਮਿਮੀ ਚੱਕਰਵਰਤੀ ਅਤੇ ਬੰਗਾਲੀ ਅਭਿਨੇਤਾ ਅੰਕੁਸ਼ ਹਾਜ਼ਰਾ ਤੋਂ ਪੁੱਛਗਿੱਛ ਕਰ ਚੁੱਕੀ ਹੈ।

# ਭਾਈ ਘਨੱਈਆ ਜੀ ਦੀ ਯਾਦ ਨੂੰ ਸਮਰਪਿਤ 16 ਵਲੰਟੀਅਰਾਂ ਨੇ ਕੀਤਾ ਖੂਨਦਾਨ

**ਪਟਿਆਲਾ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

: ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਕੈਂਪ ਕਮਾਂਡਰ ਕੁਲਦੀਪ ਸਿੰਘ ਜੋਸਨ ਦੀ ਅਗਵਾਈ ਹੇਠ ਭਾਈ ਘਨੱਈਆ ਜੀ ਦੀ ਯਾਦ ਨੂੰ ਸਮਰਪਿਤ 330ਵਾਂ ਰੈਗੂਲਰ ਖੂਨਦਾਨ ਕੈਂਪ ਲਗਾਇਆ ਗਿਆ। ਜਿਸ ਦਾ ਉਦਘਾਟਨ ਗੁਰਮੀਤ ਸਿੰਘ ਤੇ ਤਰਸੇਮ ਸਿੰਘ ਬਿਸ਼ਨਗੜ੍ਹ ਨੇ ਇਕੱਠਿਆਂ ਖੂਨਦਾਨ ਕਰਕੇ ਕੀਤਾ। ਕੈਂਪ ਵਿਚ ਸੁਖਜਿੰਦਰ ਸਿੰਘ ਘੁੰਮਣ ਅਲੀਪੁਰ, ਕਰਮ ਚੰਦ ਗੰਗਰੌਲਾ, ਕੁਲਦੀਪ ਸਿੰਘ ਫਤਹਿਗੜ੍ਹ ਛੰਨਾ, ਹਰਜਿੰਦਰ ਸਿੰਘ ਮੇਣ, ਸੰਦੀਪ ਕੁਮਾਰ ਫਕਲਾ, ਨਵਜੋਤ ਸਿੰਘ ਆਸਟ੍ਰੇਲੀਆ, ਜਤਿੰਦਰ ਸਿੰਘ ਬੰਟੀ ਰਾਮਪੁਰ ਸਾਹੀਏਵਾਲ, ਜਸ਼ਨ ਕੌੜਾ ਸਨੌਰ, ਹਰਿੰਦਰ ਸਿੰਘ ਕੱਲਰਮਾਜਰੀ ਸਮੇਤ 16 ਵਲੰਟੀਅਰਾਂ ਨੇ ਖੂਨਦਾਨ ਕੀਤਾ। ਖੂਨਦਾਨੀਆਂ ਨੂੰ ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਅਮਿਤ ਸਿੰਘ ਰਾਠੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ ਨੇ ਕਿਹਾ ਕਿ ਭਾਈ ਘਨੱਈਆ ਜੀ ਦੀ ਯਾਦ ਵਿਚ ਖੂਨਦਾਨ ਕੈਂਪ ਲਗਾਉਣਾ ਸ਼ਲਾਘਾਯੋਗ ਹੈ।

ਉਨ੍ਹਾਂ ਕਿਹਾ ਕਿ ਖੂਨਦਾਨ ਇੱਕ ਅਜਿਹਾ ਦਾਨ ਹੈ ਜਿਸ ਨਾਲ ਮਰੀਜ਼ਾਂ ਦੀ ਜਾਨ ਬਚਾਉਣ ਵਿਚ ਮਦਦ ਹੁੰਦੀ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਲੋੜਵੰਦ ਮਰੀਜ਼ਾਂ ਲਈ ਖੂਨ ਸੰਜੀਵਨੀ ਹੈ। ਉਨ੍ਹਾਂ ਕਿਹਾ ਕਿ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਪਿਛਲੇ 13 ਸਾਲਾਂ ਤੋਂ ਲਗਾਤਾਰ ਹਰ ਮਹੀਨੇ ਦੋ ਖੂਨਦਾਨ ਕੈਂਪ ਲਗਾਉਣਾ ਸ਼ਲਾਘਾਯੋਗ ਉਪਰਾਲਾ ਹੈ, ਇਸ ਲਈ ਮਿਸ਼ਨ ਦੇ ਮੋਢੀ ਅਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਤੇ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ। ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਇਨਸਾਨ ਹਰ ਤਿੰਨ ਮਹੀਨੇ ਬਾਅਦ ਮੁੜ ਖੂਨਦਾਨ ਕਰ ਸਕਦਾ ਹੈ। ਇਸ ਮੌਕੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਮਨਵਿੰਦਰ ਸਿੰਘ ਮਨੀ ਟੋਹੜਾ, ਭਾਈ ਜਰਨੈਲ ਸਿੰਘ ਭੱਠੀ, ਠੇਕੇਦਾਰ ਗੁਰਬਚਨ ਸਿੰਘ, ਭਾਈ ਲਖਵਿੰਦਰ ਸਿੰਘ, ਜਸਬੀਰ ਸਿੰਘ ਭਾਦਸੋਂ, ਰਣਜੀਤ ਸਿੰਘ ਭੱਠੀ ਤੇ ਜੋਗਾ ਸਿੰਘ ਖੀਵਾ ਹਾਜ਼ਰ ਸਨ।

ਕੌਮੀ ਪੱਤ੍ਰਿਕਾ

# ਫੋਰਟਿਸ ਹੈਲਥਕੇਅਰ ਮੋਹਾਲੀ ਵਿਖੇ 900 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕਰੇਗਾ: ਕੈਬਨਿਟ ਮੰਤਰੀ ਸੰਜੀਵ ਅਰੋੜਾ

## ਇਸ ਨਿਵੇਸ਼ ਨਾਲ ਸੂਬੇ ਦੇ ਲੋਕਾਂ ਲਈ ਉਪਲਬਧ ਹੋਵੇਗੀ 400 ਤੋਂ ਵੱਧ ਬਿਸਤਰਿਆਂ ਦੀ ਸਹੂਲਤ

**ਮੁਹਾਲੀ,23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਦੂਰਦਅੰਦੇਸ਼ ਅਗਵਾਈ ਹੇਠ ਪੰਜਾਬ ਨੂੰ ਜੀਵੰਤ, ਸਿਹਤਮੰਦ ਅਤੇ ਸਮੇਂ ਦਾ ਹਾਣੀ ਬਣਾਉਣ ਦੇ ਕਦਮ ਵਜੋਂ, ਕੈਬਨਿਟ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਅੱਜ ਐਲਾਨ ਕੀਤਾ ਕਿ ਫੋਰਟਿਸ ਹੈਲਥਕੇਅਰ ਨੇ ਆਪਣੇ ਮੌਜੂਦਾ ਕੈਂਪਸ ਦਾ ਹੋਰ ਵਿਸਥਾਰ ਕਰਨ ਲਈ ਮੋਹਾਲੀ ਵਿੱਚ 900 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕਰਨ ਦਾ ਫੈਸਲਾ ਕੀਤਾ ਹੈ। ਇਸ ਵਿਸਥਾਰ ਯੋਜਨਾ ਤਹਿਤ ਫੋਰਟਿਸ ਹੈਲਥਕੇਅਰ 400 ਤੋਂ ਵੱਧ ਬਿਸਤਰਿਆਂ ਦੀ ਸਮਰੱਥਾ ਵਧਾਏਗਾ , ਜਿਸ ਨਾਲ ਇੱਕ ਵਿਸ਼ਵ ਪੱਧਰੀ ਤੇ ਹੋਰ ਮਿਆਰੀ ਸਿਹਤ ਸਹੂਲਤਾਂ ਉਪਲਬਧ ਹੋਣਗੀਆਂ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ, ਕੈਬਨਿਟ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਇਸ ਵਿਸਥਾਰ ਨਾਲ ਫੋਰਟਿਸ ਹਸਪਤਾਲ ਮੋਹਾਲੀ ਦਾ ਇਹ ਏਕੀਕ੍ਰਿਤ ਸਿਹਤ ਸੰਭਾਲ ਕੈਂਪਸ 13.4 ਏਕੜ ਤੋਂ ਵੱਧ ਵਿੱਚ ਫੈਲ ਜਾਵੇਗਾ। ਇਹ ਪ੍ਰੋਜੈਕਟ 2500 ਤੋਂ ਵੱਧ ਵਿਅਕਤੀਆਂ ਨੂੰ ਸਿੱਧੇ ਤੌਰ ਤੇ ਰੋਜ਼ਗਾਰ ਮਿਲੇਗਾ ਅਤੇ 2,200 ਤੋਂ ਵੱਧ ਵਿਅਕਤੀਆਂ ਲਈ ਅਸਿੱਧੀਆਂ ਨੌਕਰੀਆਂ ਪੈਦਾ ਹੋਣਗੀਆਂ, ਜਿਸ ਨਾਲ ਪੰਜਾਬ ਦੀ ਉੱਨਤ ਸਿਹਤ ਸੰਭਾਲ ਅਤੇ ਮੈਡੀਕਲ ਟੂਰਿਜ਼ਮ ਹੱਬ ਵਜੋਂ ਭੂਮਿਕਾ ਵਧੇਗੀ।

ਇਸ ਤੋਂ ਇਲਾਵਾ, ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਸਿਹਤਮੰਤ, ਰੰਗਲਾ ਪੰਜਾਬ ਦੀ ਸਿਰਜਣਾ ਲਈ ਜਨਤਕ-ਨਿੱਜੀ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ▾ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਇਸ ਸਬੰਧ ਵਿੱਚ ਸ਼੍ਰੀ ਸੰਜੀਵ ਅਰੋੜਾ ਨੇ ਅੱਜ ਫੋਰਟਿਸ ਹੈਲਥਕੇਅਰ ਵੱਲੋਂ ਸੂਬੇ ਵਿੱਚ ਕੀਤੇ ਨਿਰੰਤਰ ਨਿਵੇਸ਼ਾਂ ਅਤੇ ਵਿਸਥਾਰ ਯੋਜਨਾ ਦਾ ਸਵਾਗਤ ਕੀਤਾ, ਜਿਸ ਨਾਲ ਪੰਜਾਬ ਦੇ ਡਾਕਟਰੀ ਉੱਤਮਤਾ ਦੇ ਕੇਂਦਰ ਵਜੋਂ ਉਭਰਨ ▾ਤੇ ਜ਼ੋਰ ਦਿੱਤਾ ਗਿਆ।



ਹੋਰ ਵੇਰਵੇ ਸਾਂਝੇ ਕਰਦੇ ਹੋਏ, ਉਨ੍ਹਾਂ ਕਿਹਾ ਕਿ ਇਸ ਵਿਕਾਸ ਨਾਲ ਪੰਜਾਬ ਕਲੱਸਟਰ 1,000 ਬਿਸਤਰਿਆਂ ਨੂੰ ਪਾਰ ਕਰ ਜਾਵੇਗਾ, ਜਿਸ ਵਿੱਚ 2,500 ਕਰੋੜ ਰੁਪਏ ਤੋਂ ਵੱਧ ਦਾ ਸੰਚਤ ਨਿਵੇਸ਼ ਹੋਵੇਗਾ, ਜਿਸਦੀ ਭਵਿੱਖ ਵਿੱਚ ਹੋਰ ਯੋਜਨਾਬੰਦੀ ਕੀਤੀ ਜਾਵੇਗੀ। ਇਹ ਉੱਤਰੀ ਭਾਰਤ ਵਿੱਚ ਸਭ ਤੋਂ ਵੱਡੇ ਅਤੇ ਰਣਨੀਤਕ ਤੌਰ ▾ਤੇ ਸਭ ਤੋਂ ਮਹੱਤਵਪੂਰਨ ਸਿਹਤ ਸੰਭਾਲ ਕੇਂਦਰਾਂ ਵਿੱਚੋਂ ਇੱਕ ਕੇਂਦਰ ਵਜੋਂ ਪੰਜਾਬ ਦੀ ਤਾਕਤ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਫੋਰਟਿਸ ਪਹਿਲਾਂ ਹੀ ਪੰਜਾਬ ਵਿੱਚ 1,500 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕਰ ਚੁੱਕਾ ਹੈ, ਜਿਸ ਨਾਲ ਵਿਸ਼ਵ ਪੱਧਰੀ ਹਸਪਤਾਲਾਂ ਦਾ ਇੱਕ ਮਜ਼ਬੂਤ ਨੈੱਟਵਰਕ ਬਣ ਗਿਆ ਹੈ। ਮੋਹਾਲੀ ਵਿੱਚ ਆਪਣੇ ਨਿਵੇਸ਼ ਵਿੱਚ, ਫੋਰਟਿਸ ਪਹਿਲਾਂ ਹੀ 375 ਬਿਸਤਰਿਆਂ ਦੀ ਸਹੂਲਤ ਪ੍ਰਦਾਨ ਕਰ ਰਿਹਾ ਹੈ । ਜਿਸ ਵਿੱਚ 194 ਆਈਸੀਯੂ ਬਿਸਤਰੇ ਹਨ ਜੋ 40 ਸਪੈਸ਼ਲਿਟੀਆਂ ਵਿੱਚ ਹਨ ਅਤੇ ਕਾਰਡੀਅਕ ਸਾਇੰਸਜ਼, ਓਨਕੋਲੋਜੀ, ਅੰਗ ਟ੍ਰਾਂਸਪਲਾਂਟ, ਰੋਬੋਟਿਕ ਸਰਜਰੀ ਅਤੇ ਕ੍ਰਿਟੀਕਲ ਕੇਅਰ ਵਿੱਚ ਖੇਤਰ ਵਿੱਚ ਮੋਹਰੀ ਹਨ। ਲੁਧਿਆਣਾ ਵਿਖੇ ਫੋਰਟਿਸ ਹਸਪਤਾਲ ਵਿੱਚ 259 ਬਿਸਤਰਿਆਂ ਦੀ ਸਹੂਲਤ ਹੈ (2013 ਤੋਂ) ਅਤੇ 2023 ਵਿੱਚ ਛਾਤੀ ਦੀ ਸਿਹਤ, ਸ਼ੂਗਰ ਅਤੇ ਰੀੜ੍ਹ ਦੀ ਹੱਡੀ ਦੀ ਦੇਖਭਾਲ ਵਿੱਚ ਸੁਪਰ-ਸਪੈਸ਼ਲਿਟੀ ਕਲੀਨਿਕਾਂ ਦੇ ਨਾਲ ਨਵੀਂ 70 ਬਿਸਤਰਿਆਂ ਦੀ ਸਹੂਲਤ ਸ਼ੁਰੂ ਕੀਤੀ ਗਈ ਹੈ।

ਇਸੇ ਤਰ੍ਹਾਂ, ਅੰਮ੍ਰਿਤਸਰ ਵਿਖੇ ਫੋਰਟਿਸ ਐਸਕਾਰਟਸ ਹਸਪਤਾਲ ਵਿੱਚ 4.5 ਏਕੜ ਦੇ ਕੈਂਪਸ ਵਿੱਚ 173 ਬਿਸਤਰਿਆਂ ਦੀ ਸਹੂਲਤ ਹੈ ਜੋ ਪੰਜਾਬ, ਹਰਿਆਣਾ, ਉਤਰਾਖੰਡ, ਹਿਮਾਚਲ ਪ੍ਰਦੇਸ਼ ਅਤੇ ਜੰਮੂ ਅਤੇ ਕਸ਼ਮੀਰ ਨੂੰ ਸਹੂਲਤ ਦੇ ਰਿਹਾ ਹੈ। ਸ਼੍ਰੀਮਾਨ ਸੁਪਰ ਸਪੈਸ਼ਲਿਟੀ - ਜਲੰਧਰ ਵਿਖੇ 300 ਬਿਸਤਰਿਆਂ ਵਾਲਾ ਹਸਪਤਾਲ ਹੈ, ਜਿੱਥੇ ਫੋਰਟਿਸ ਨੇ ਭਵਿੱਖ ਦੇ ਵਿਸਥਾਰ ਲਈ 2.5 ਏਕੜ ਵਾਧੂ ਜ਼ਮੀਨ ਪ੍ਰਾਪਤ ਕੀਤੀ ਹੈ। ਇਸ ਤੋਂ ਇਲਾਵਾ, ਸ਼੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਰੰਗਲਾ ਅਤੇ ਸਿਹਤਮੰਦ ਪੰਜਾਬ ਲਈ ਇੱਕ ਮਜ਼ਬੂਤ ਆਧਾਰ ਬਣਾ ਰਹੀ ਹੈ। ਪੰਜਾਬ ਸਰਕਾਰ ਯੂਨੀਵਰਸਲ ਸਿਹਤ ਕਵਰੇਜ ਨੂੰ ਵੀ ਯਕੀਨੀ ਬਣਾ ਰਹੀ ਹੈ ਅਤੇ ਜਨਤਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਰਹੀ ਹੈ। ਫੋਰਟਿਸ ਹੈਲਥਕੇਅਰ ਦੀ ਵਿਸਥਾਰ ਯੋਜਨਾ ਸੂਬੇ ਦੇ ਸਿਹਤ ਸੰਭਾਲ ਵਾਤਾਵਰਣ ਵਿੱਚ ਪ੍ਰਾਈਵੇਟ ਕੰਪਨੀਆਂ ਦੇ ਵਧ ਰਹੇ ਵਿਸ਼ਵਾਸ ਨੂੰ ਉਜਾਗਰ ਕਰ ਰਹੀ ਹੈ। ਇਹ ਪਹਿਲਕਦਮੀਆਂ ਸਾਂਝੇ ਤੌਰ ਤੇ ਵਿਸ਼ਵ ਪੱਧਰੀ ਸਿਹਤ ਸੰਭਾਲ ਪ੍ਰਦਾਨ ਕਰਨਗੀਆਂ, ਹਜ਼ਾਰਾਂ ਨੌਕਰੀਆਂ ਪੈਦਾ ਕਰਨਗੀਆਂ ਅਤੇ ਪੰਜਾਬ ਨੂੰ ਉੱਨਤ ਸਿਹਤ ਸੰਭਾਲ ਅਤੇ ਮੈਡੀਕਲ ਸੈਰ-ਸਪਾਟੇ ਦੇ ਨਕਸ਼ੇ ▾ਤੇ ਮਜ਼ਬੂਤੀ ਨਾਲ ਸਥਾਪਿਤ ਕਰਨਗੀਆਂ।

ਇਸ ਪ੍ਰੈਸ ਕਾਨਫਰੰਸ ਵਿਚ ਪੰਜਾਬ ਦੇ ਉਦਯੋਗ ਅਤੇ ਵਣਜ ਦੇ ਸਕੱਤਰ ਸ਼੍ਰੀ ਕਮਲ ਕਿਸ਼ੋਰ ਯਾਦਵ ਆਈਏਐਸ, ਇਨਵੈਸਟ ਪੰਜਾਬ ਦੇ ਸੀਈਓ ਸ਼੍ਰੀ ਅਮਿਤ ਢਾਕਾ ਅਤੇ ਫੋਰਟਿਸ ਹੈਲਥਕੇਅਰ ਦੇ ਕਾਰਪੋਰੇਟ ਮਾਮਲਿਆਂ ਦੇ ਮੁਖੀ ਮਨੂ ਕਪਿਲਾ ਵੀ ਮੌਜੂਦ ਸਨ।

# ਕ੍ਰੇਸ਼ਤੀਆਂ ਪੰਜਾਬ ਖਾਦੀ ਮੰਡਲ ਖਰੜ ਵਲੋਂ ਮੁੱਖ ਰਾਹਤ ਫੰਡ ਲਈ 51000 ਰੁਪਏ ਦਾ ਚੈਕ ਐਸ.ਡੀ.ਐਮ ਨੂੰ ਸੌਂਪਿਆ



**ਖਰੜ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕ੍ਰੇਸ਼ਤੀਆਂ ਪੰਜਾਬ ਖਾਦੀ ਮੰਡਲ ਖਰੜ ਵਲੋਂ ਸਰਕਾਰ ਵਲੋਂ ਹੜ੍ਹਾਂ ਪੀੜਤਾਂ ਦੀ ਮੱਦਦ ਲਈ ਸ਼ੁਰੂ ਕੀਤੇ ਗਏ ' ਮੁੱਖ ਮੰਤਰੀ ਰਾਹਤ ਫੰਡ' ਲਈ ਐਸ.ਡੀ.ਐਮ.ਖਰੜ ਦਿਵਿਆ ਪੀ ਆਈ.ਏ.ਐਸ.ਨੂੰ 51000 ਰੁਪਏ ਦੀ ਰਾਸ਼ੀ ਦਾ ਚੈਕ ਦਿੱਤਾ ਗਿਆ। ਕ੍ਰੇਸ਼ਤੀਆਂ ਪੰਜਾਬ ਖਾਦੀ ਮੰਡਲ ਖਰੜ ਦੇ ਸਕੱਤਰ ਸੋਹਨ ਲਾਲ ਸੈਣੀ ਨੇ ਦਸਿਆ ਕਿ ਖਾਦੀ ਮੰਡਲ ਖਰੜ ਦੇ ਸਮੂਹ ਕਰਮਚਾਰੀਆਂ ਵਲੋਂ ਇੱਕ ਇੱਕ ਦਿਨ ਦੀ ਤਨਖਾਹ ਮੁੱਖ ਮੰਤਰੀ ਰਾਹਤ ਪੰਜਾਬ ਵਿਚ ਦਿੱਤੀ ਗਈ ਹੈ ਅਤੇ 51000 ਰੁਪਏ ਦੀ ਰਾਸ਼ੀ ਦਾ ਚੈਕ ਐਸ.ਡੀ.ਐਮ.ਖਰੜ ਨੂੰ ਸੌਂਪਿਆ ਗਿਆ।

ਇਸ ਮੌਕੇ ਸ਼ਕਤੀ ਚੰਦ, ਸੁਭਾਸ ਸ਼ਰਮਾ, ਮਾਂਗੇ ਰਾਮ, ਮਨਜੀਤ ਸਿੰਘ, ਐਸ.ਡੀ.ਐਮ.ਖਰੜ ਦੇ ਰੀਡਰ ਪਰਦੀਪ ਕੁਮਾਰ ਰਤਨ, ਰਣਵਿੰਦਰ ਸਿੰਘ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਉਦਯੋਗਾਂ ਨਾਲ ਤਾਲਮੇਲ ਕਰ ਨੌਜੁਆਨਾਂ ਨੂੰ ਰੁਜਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਅੱਗੇ ਆਉਣ ਯੂਨੀਵਰਸਿਟੀ : ਮੁੱਖ ਮੰਤਰੀ

**➢ ਯੂਨੀਵਰਸਿਟੀਆਂ ਅਤੇ ਕਾਲਜ ਵਿੱਚ ਹਰ ਸਾਲ ਰੁਜਗਾਰ ਮੇਲਿਆਂ ਦਾ ਆਯੋਜਨ ਯਕੀਨੀ ਕਰਨ ➢ ਮੁੱਖ ਮੰਤਰੀ ਨੇ ਪੰਚਕੂਲਾ ਵਿੱਚ ਸੂਬੇ ਦੇ ਸਾਰੇ ਰਾਜ ਯੂਨੀਵਰਸਿਟੀਆਂ ਦੇ ਵਾਇਸ ਚਾਂਸਲਰਾਂ ਨਾਲ ਕੀਤੀ ਸਮੀਖਿਆ ਮੀਟਿੰਗ**

**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨਿਰਦੇਸ਼ ਦਿੱਤੇ ਹਨ ਕਿ ਸੂਬੇ ਦੀ ਸਾਰੀ ਯੂਨੀਵਰਸਿਟੀਆਂ ਉਦਯੋਗਾਂ ਦੇ ਨਾਲ ਬਿਹਤਰ ਤਾਲਮੇਲ ਸਥਾਪਿਤ ਕਰਦੇ ਹੋਏ ਹਰ ਸਾਲ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਰੁਜਗਾਰ ਮੇਲਿਆਂ ਦਾ ਆਯੋਜਨ ਯਕੀਨੀ ਕਰਨ ਤਾਂ ਜੋ ਨੌਜੁਆਨਾਂ ਨੂੰ ਰੁਜਗਾਰ ਦੇ ਬਿਹਤਰ ਮੌਕੇ ਉਪਲਬਧ ਹੋ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਅੱਜ ਇੱਕ ਉਭਰਦਾ ਹੋਇਆ ਉਦਯੋਗਿਕ ਸੂਬਾ ਬਣ ਚੁੱਕਾ ਹੈ, ਜਿੱਥੇ ਕਈ ਮਲਟੀਨੈਸ਼ਨਲ ਕੰਪਨੀਆਂ ਆਪਣੀ ਇਕਾਈਆਂ ਸਥਾਪਿਤ ਕਰ ਰਹੀ ਹੈ। ਨੌਜੁਆਨਾਂ ਨੂੰ ਇਸ ਉਦਯੋਗਿਕ ਵਿਕਾਸ ਦਾ ਸਿੱਧਾ ਲਾਭ ਮਿਲੇ, ਇਸ ਦੇ ਲਈ ਯੂਨੀਵਰਸਿਟੀਆਂ ਅਤੇ ਕਾਲਜਾਂ ਨੂੰ ਸਰਗਰਮ ਭੂਮਿਕਾ ਨਿਭਾਉਂਦੀ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਨੌਜੁਆਨ ਆਪਣੀ ਸਿਖਿਆ ਪੂਰੀ ਕਰਨ ਦੇ ਨਾਲ-ਨਾਲ ਵਿਦਿਅਕ ਅਦਾਰਿਆਂ ਤੋਂ ਹੀ ਰੁਜਗਾਰ ਪ੍ਰਾਪਤ ਕਰ ਆਤਮਨਿਰਭਰ ਬਣੇ, ਇਹੀ ਸੂਬਾ ਸਰਕਾਰ ਦਾ ਉਦੇਸ਼ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅੱਜ ਪੰਚਕੂਲਾ ਵਿੱਚ ਉੱਚ ਸਿਖਿਆ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿੱਚ ਸੂਬੇ ਦੇ ਸਾਰੇ ਰਾਜ ਯੂਨੀਵਰਸਿਟੀਆਂ ਦੇ ਵਾਇਸ ਚਾਂਸਲਰ ਮੌਜੂਦ ਰਹੇ।

ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਇਸ ਵਿੱਤ ਸਾਲ ਦੇ ਬਜਟ ਵਿੱਚ ਉੱਚ ਸਿਖਿਆ ਨੂੰ ਪ੍ਰੋਤਸਾਹਨ ਦੇਣ ਲਈ ਕੀਤੇ ਗਏ ਐਲਾਨਾਂ ਦੀ ਪ੍ਰਗਤੀ ਸਮੀਖਿਆ ਕੀਤੀ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਸਾਰੇ ਯੂਨੀਵਰਸਿਟੀਆਂ ਬਜਟ ਐਲਾਨਾਂ ਨੂੰ ਨਿਰਧਾਰਿਤ ਸਮੇਂ ਸੀਮਾ ਅੰਦਰ ਪੂਰਾ ਕਰਨਾ ਯਕੀਨੀ ਕਰਨ ਤਾਂ ਜੋ ਯੂਨੀਵਰਸਿਟੀਆਂ ਅਤੇ ਕਾਲਜਾਂ ਸਮੇਂ ਵਿਦਿਆਰਥੀਆਂ ਨੂੰ ਇਨ੍ਹਾਂ ਦਾ ਲਾਭ ਜਲਦੀ ਮਿਲ ਸਕੇ।



ਮੁੱਖ ਮੰਤਰੀ ਨੇ ਵਾਇਸ ਚਾਂਸਲਰਾਂ ਨੂੰ ਨਿਰਦੇਸ਼ਤ ਕਰਦੇ ਹੋਏ ਕਿਹਾ ਕਿ ਉਹ ਆਪਣੀ ਪਲੇਸਮੈਂਟ ਸੇਲਸ ਨੂੰ ਵੀ ਪੂਰੀ ਤਰ੍ਹਾ ਸਰਗਰਮ ਕਰਨ, ਜਿਸ ਨਾਲ ਕੁੜੀਆਂ-ਮੁੰਡੇ ਯੂਨੀਵਰਸਿਟੀ ਜਾਂ ਕਾਲਜ ਪੱਧਰ 'ਤੇ ਹੀ ਰੁਜਗਾਰ ਪ੍ਰਾਪਤ ਕਰ ਸਕਣ। ਨਾਲ ਹੀ, ਉਨ੍ਹਾਂ ਨੇ ਇਹ ਵੀ ਕਿਹਾ ਕਿ ਹਰੇਕ ਯੂਨੀਵਰਸਿਟੀਅ ਇਹ ਜਾਣਕਾਰੀ ਇੱਕਠਾ ਕਰ ਕਿ ਉਨ੍ਹਾਂ ਦੇ ਕਿੰਨ੍ਹੇ ਵਿਦਿਆਰਥੀ ਵਿਦੇਸ਼ ਵਿੱਚ ਕੰਮ ਕਰ ਰਹੇ ਹਨ, ਕਿਨ੍ਹਿਆਂ ਨੇ ਸਟਾਰਟਅੱਪ ਸ਼ੁਰੂ ਕੀਤਾ ਹੈ ਜਾ ਹੋਰ ਵਿਦਿਆਰਥੀਆਂ ਵਿੱਚ ਵਰਨਣਯੋਗ ਸਫਲਤਾ ਪ੍ਰਾਪਤ ਕੀਤੀ ਹੈ। ਇਸ ਸਮੂਚੀ ਜਾਣਕਾਰੀ ਦਾ ਇੱਕ ਸੈਂਟਰਲਾਇਜਡ ਡੈਸ਼ਬੋਰਡ ਤਿਆਰ ਕੀਤਾ ਜਾਵੇ, ਜੋ ਭਵਿੱਖ ਦੀ ਯੋਜਨਾਵਾਂ ਦੇ ਨਿਰਮਾਣ ਵਿੱਚ ਸਹਾਇਤ ਸਾਬਤ ਹੋਵਗੇ।

**ਸਮਾਜਿਕ ਸਰੋਕਾਰਾਂ ਨਾਲ ਜੁੜੇ ਵਿਸ਼ਿਆਂ 'ਤੇ ਖੋਜ ਲਈ ਵਿਦਿਆਰਥੀਆਂ ਨੂੰ ਕਰਲ ਪ੍ਰੇਰਿਤ - ਮੁੱਖ ਮੰਤਰੀ**

ਮੀਟਿੰਗ ਵਿੱਚ ਮੌਜੂਦ ਸਾਰੇ ਸੂਨੀਵਰਸਿਟੀਆਂਦੇ ਵਾਇਸ ਚਾਂਸਲਰਾਂ ਨੇ 20 ਕਰੋੜ ਰੁਪਏ ਦੀ ਰਿਸਰਚ ਐਂਡ ਇਨੋਵੇਸ਼ਨ ਫੰਡ ਬਨਾਉਣ ਲਈ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਹਰਿਆਣਾ ਦੇਸ਼ ਦਾ ਪਹਿਲਾ ਸੂਬਾ ਹੈ ਜਿੱਥੇ ਖੋਜ ਅਤੇ ਇਨੋਵੇਸ਼ਨ ਨੂੰ ਪ੍ਰੋਤਸਾਹਿਤ ਕਰਨ ਤਹਿਤ ਇਸ ਤਰ੍ਹਾ ਦਾ ਫੰਡ ਬਣਾਇਆ ਗਿਆ ਹੈ। ਇਸ ਨਾਲ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ 'ਤੇ ਖੋਜ ਕਰਨ ਵਿੱਚ ਸਹਾਇਤਾ ਮਿਲੇਗੀ। ਮੁੱਖ ਮੰਤਰੀ ਨੇ ਵਾਇਸ ਚਾਂਸਲਰਾਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਸਰੋਕਾਰਾਂ ਨਾਲ ਜੁੜੇ ਵਿਸ਼ਿਆਂ 'ਤੇ ਖੋਜ ਲਈ ਵੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ।

ਮੀਟਿੰਗ ਵਿੱਚ ਇਹ ਜਾਣਕਾਰੀ ਦਿੱਤੀ ਗਈ ਕਿ ਸੂਬੇ ਵਿੱਚ ਮੌਜੂਦਾ ਗ੍ਰੋਸ ਏਨਰੋਲਮੈਂਟ ਰੇਸ਼ੋ ਨੂੰ 33 ਫੀਸਦੀ ਤੋਂ ਵਧਾ ਕੇ 50 ਫੀਸਦੀ ਤੱਕ ਪਹੁੰਚਾਉਣ ਦਾ ਟੀਚਾ ਨਿਰਧਾਰਿਤ ਕੀਤਾ ਗਿਆ ਹੈ। ਇਸ ਤਹਿਤ ਸੂਬੇ ਦੇ ਹਰੇਕ ਜਿਲ੍ਹੇ ਵਿੱਚ ਇੱਕ ਮਾਡਲ ਸੰਸਕ੍ਰਿਤ ਕਾਲਜ ਖੋਲੇ ਜਾਣ ਦਾ ਐਲਾਨ ਕੀਤਾ ਗਿਆ ਹੈ, ਜਿਨ੍ਹਾਂ ਦੀ ਪਹਿਚਾਣ ਕੀਤੀ ਜਾ ਚੁੱਕੀ ਹੈ। ਇੰਨ੍ਹਾਂ ਕਾਲਜਾਂ ਦੀ ਸਥਾਪਨਾ ਨਾਲ ਗ੍ਰੋਸ ਏਨਰੋਲਮੈਂਟ ਰੇਸ਼ੋ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ। ਮੁੱਖ ਮੰਤਰੀ ਨੇ ਸਾਰੇ ਰਾਜ ਯੂਨੀਵਰਸਿਟੀਆਂ ਦੀ ਕਾਰਜਪ੍ਰਣਾਲੀ ਦੀ ਸਮੀਖਿਆ ਕਰਦੇ ਹੋਏ ਕਿਹਾ ਕਿ ਉਹ ਆਪਣੇ-ਆਪਣੇ ਅਦਾਰਿਆਂ ਨੂੰ ਆਤਮਨਿਰਭਰ ਬਨਾਉਣ ਦੀ ਦਿਸ਼ਾ ਵਿੱਚ ਠੋਸ ਯਤਨ ਕਰਨ। ਇਸ ਮੌਕੇ 'ਤੇ ਹਰਿਆਣਾਂ ਸਟੇ ਹਾਇਰ ਐਜੂਕੇਸ਼ਨ ਕਾਊਂਸਿਲ ਦੇ ਚੇਅਰਮੈਨ ਸ੍ਰੀ ਕੇ ਸੀ ਸ਼ਰਮਾ, ਮੁੱਖ ਮੰਤਰੀ ਦੇ ਓਐਸਡੀ ਡਾ. ਰਾਜ ਨਹਿਰੂ, ਸ੍ਰੀ ਰਾਕੇਸ਼ ਸੰਧੂ, ਤਕਨੀਕੀ ਸਿਖਿਆ ਵਿਭਾਗ ਦੇ ਨਿਦੇਸ਼ਕ ਸ੍ਰੀ ਪ੍ਰਭਜੋਤ ਸਿੰਘ ਸਮੇਤ ਉੱਚ ਸਿਖਿਆ ਵਿਭਾਗ ਦੇ ਸੀਨੀਅਰ ਅਧਿਕਾਰੀ ਤੇ ਰਾਜ ਯੂਨੀਵਰਸਿਟੀਆਂ ਦੇ ਵਾਇਸ ਚਾਂਸਲਰ ਮੌਜੂਦ ਰਹੇ।

# ਇੰਡੀਆ ਹੁਨਰ ਮੁਕਾਬਲਾ 2025 ਅਤੇ ਵਿਸ਼ਵ ਹੁਨਰ ਮੁਕਾਬਲਾ 2026 'ਚ ਭਾਗ ਲੈਣ ਲਈ ਰਜਿਸਟ੍ਰੇਸ਼ਨ ਸ਼ੁਰੂ

**ਮਾਨਸਾ,23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਪੰਜਾਬ ਦੇ ਨੌਜਵਾਨਾ ਲਈ ਸੰਘਾਈ, ਚਾਈਨਾ ਵਿਖੇ ਹੋਣ ਵਾਲੇ ਵਿਸ਼ਵ ਹੁਨਰ ਮੁਕਾਬਲੇ ਵਿਸ਼ਵ ਹੁਨਰ ਮੁਕਾਬਲਾ 2026 ਲਈ ਰਜਿਸਟਰੇਸ਼ਨ ਕਰਵਾਈ ਜਾ ਰਹੀ ਹੈ ਜਿਸ ਦੇ ਲਈ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਆਕਾਸ਼ ਬਾਂਸਲ ਨੇ ਦੱਸਿਆ ਕਿ ਇਹ ਹੁਨਰ ਮੁਕਾਬਲਾ ਪਹਿਲਾਂ ਜਿ ?ਲ੍ਹਾ ਪੱਧਰ, ਸੂਬਾ ਪੱਧਰ ਅਤੇ ਫੇਰ ਕੌਮੀ ਪੱਧਰ *ਤੇ ਕਰਵਾਏ ਜਾਣੇ ਹਨ।ਕੌਮੀ ਪੱਧਰ ਦੇ ਜੇਤੂ ਨੌਜਵਾਨਾਂ ਸੰਘਾਈ ਵਿਚ ਹੋਣ ਵਾਲੇ ਵਿਸ਼ਵ ਹੁਨਰ ਮੁਕਾਬਲਾ 2026 ਵਿਚ ਭਾਗ ਲੈਣ ਦੇ ਯੋਗ ਹੋਣਗੇ।

ਉਨ੍ਹਾਂ ਦੱਸਿਆ ਕਿ ਇੰਨ੍ਹਾਂ ਹੁਨਰ ਮੁਕਾਬਲਿਆਂ ਵਿਚ ਕੋਈ ਵੀ ਨੌਜਵਾਨ ਜਿਸ ਦਾ ਜਨਮ 01 ਜਨਵਰੀ 2001 ਤੋਂ ਬਾਅਦ ਹੋਇਆ ਹੈ ਉਹ ਡਿਜ਼ੀਟਲ ਨਿਰਮਾਣ, ਕਲਾਊਡ ਕੰਪਿਊਟਿੰਗ, ਸਾਈਬਰ ਸੁਰੱਖਿਆ, ਆਈ.ਸੀ.ਟੀ. ਨੈਟਵਰਕ, ਬੁਨਿਆਦੀ ਢਾਂਚਾ, ਐਡੀਟਿਵ ਨਿਰਮਾਣ, ਉਦਯੋਗਿਕ ਡਿਜ਼ਾਇਨ ਤਕਨਾਲੋਜੀ, ਉਦਯੋਗ 4.0, ਮੇਕਾਟ੍ਰੋਨਿਕਸ, ਆਪਟੋਇਲੈਕਟ੍ਰਾਨਿਕ, ਰੋਬੋਟ ਸਿਸਟਮ ਏਕੀਕਰਣ, ਪਾਣੀ ਤਕਨਾਲੋਜੀ, ਦੰਦਾਂ ਦੇ ਪ੍ਰੋਸਥੇਟਿਕਸ, ਹਵਾਈ ਜਹਾਜ਼ ਰੱਖ ਰਖਾਵ ਆਦਿ ਟਰੇਡਾਂ ਵਿਚ ਭਾਗ ਲੈ ਸਕਦਾ ਹੈ।

ਜਿਸ ਦਾ ਜਨਮ 1 ਜਨਵਰੀ, 2004 ਤੋਂ ਬਾਅਦ ਹੋਇਆ ਹੈ ਉਹ ਇੱਟਾਂ ਦੀ ਲੇਅਇੰਗ, ਕੈਬਿਨੇਟ ਬਣਾਉਣਾ, ਤਰਖਾਣ, ਕੰਕਰੀਟ ਨਿਰਮਾਣ, ਇਲੈਕਟ੍ਰੀਕਲ ਇੰਸਟਾਲੇਸ਼ਨ, ਜੁਆਇਨਰੀ, ਲੈਂਡਸਕੇਪ ਗਾਰਡਨਿੰਗ, ਪੇਂਟਿੰਗ ਅਤੇ ਸਜ਼ਾਵਟ, ਪਲਾਸਟਰਿੰਗ ਅਤੇ ਡਰਾਈਵਾਲ ਸਿਸਟਮ, ਪਲੰਬਿੰਗ ਅਤੇ ਹੀਟਿੰਗ, ਰੈਫ੍ਰਿਜਰੇਸ਼ਨ ਅਤੇ ਏਅਰ ਕੰਡੀਸ਼ਨਿੰਗ, ਕੰਧ ਅਤੇ ਫਰਸ਼ ਟਾਈਲਿੰਗ, ਥਰੀ—ਡੀ ਡਿਜ਼ੀਟਲ ਗੇਮ ਆਰਟ, ਫੈਸ਼ਨ ਤਕਨਾਲੋਜੀ, ਫਲੋਰਿਸਟਰੀ, ਗ੍ਰਾਫਿਕ ਡਿਜ਼ਾਈਨ ਤਕਨਾਲੋਜੀ, ਗਹਿਣੇ, ਵਿਜ਼ੂਅਲ ਮਰਚੈਂਡਾਈਜਿ ?ਗ, ਡਿਜ਼ੀਟਲ ਇਅਰਐਕਟਿਵ ਮੀਡੀਆ, ਆਈ.ਟੀ. ਨੈਟਵਰਕ ਸਿਸਟਮ ਪ੍ਰਸ਼ਾਸਨ, ਸਾਫਟਵੇਅਰ ਐਪਲੀਕੇਸ਼ਨ ਵਿਕਾਸ, ਮੋਬਾਇਲ ਐਪਲੀਕੇਸ਼ਨ ਵਿਕਾਸ, ਵੈੱਬ ਤਕਨਾਲੌਜੀ, ਸੀ.ਐਨ.ਸੀ. ਮਿਲਿੰਗ, ਸੀ.ਐਨ.ਸੀ. ਟਰਨਿੰਗ, ਇਲੈਕਟ੍ਰਾਨਿਕਸ, ਉਦਯੋਗਿਕ ਨਿਯੰਤਰਣ, ਉਦਯੋਗਿਕ ਮਕੈਨਿਕਸ, ਮਕੈਨੀਕਲ ਇੰਜੀਨੀਅਰਿੰਗ ਸੀ.ਏ.ਡੀ., ਵੈਲਡਿੰਗ, ਮਾਨਵ ਰਹਿਤ ਏਰੀਅਲ ਸਿਸਟਮ, ਬੇਕਰੀ, ਸੁੰਦਰਤਾ ਥੈਰੇਪੀ, ਖਾਣਾ ਪਕਾਉਣਾ, ਹੇਅਰ ਡਰੈਸਿੰਗ, ਸਿਹਤ ਤੇ ਸਮਾਜਿਕ ਦੇਖਭਾਲ, ਹੋਟਲ ਰਿਸੈਪਸ਼ਨ, ਪੈਟਿਸਰੀ ਅਤੇ ਕਨਫੈਕਸ਼ਨਰੀ, ਰੈਸਟੋਰੈਂਟ ਸੇਵਾ, ਪ੍ਰਚੂਨ ਵਿਕਰੀ, ਆਟੋਬਾਡੀ ਮੁਰੰਮਤ, ਆਟੋਮੋਬਾਇਲ ਤਕਨਾਲੌਜੀ, ਕਾਰ ਪੇਂਟਿੰਗ, ਭਾਰੀ ਵਾਹਨ ਤਕਨਾਲੌਜੀ, ਲੌਜਿਸਟਿਕਸ ਅਤੇ ਮਾਲ ਭੇਜਣ ਆਦਿ ਕਿਸੇ ਵੀ ਟਰੇਡ ਵਿਚ ਭਾਗ ਲੈ ਸਕਦੇ ਹਨ।

ਉਨ੍ਹਾਂ ਕਿਹਾ ਕਿ ਚਾਹਵਾਨ ਅਤੇ ਹੁਨਰਮੰਦ ਨੌਜਵਾਨ https://www.skillindiadigital.gov.in/home ਪੋਰਟਲ 'ਤੇ 30 ਸਤੰਬਰ, 2025 ਤੱਕ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਚਾਹਵਾਨ ਉਮੀਦਵਾਰ ਦਫ਼ਤਰ ਵਧੀਕ ਡਿਪਟੀ ਕਮਿਸ਼ਨਰ (ਜ)—ਕਮ—ਨੋਡਲ ਅਫ਼ਸਰ ਪੀ.ਐਸ.ਡੀ.ਐਮ ਪੰਜਾਬ ਹੁਨਰ ਵਿਕਾਸ ਮਿਸ਼ਨ ਵਿਖੇ ਜਾਂ ਮੋਬਾਇਲ ਨੰਬਰ 78886-10495, 94173-64863 'ਤੇ ਸੰਪਰਕ ਕਰ ਸਕਦੇ ਹਨ।

# ਕਿਸਾਨਾਂ ਨੂੰ ਕੁਦਰਤ ਦੇ ਕਹਿਰ ਦੀ ਦੋਹਰੀ ਮਾਰ; ਪਹਿਲਾਂ ਹੜ੍ਹਾਂ ਨੇ ਫਸਲਾਂ ਬਰਬਾਦ ਕੀਤੀਆਂ ਹੁਣ ਝੋਨੇ ਦੀ ਫਸਲ ਨੂੰ ਖਰਾਬ ਕਰ ਰਹੀ ਹੈ ਬਿਮਾਰੀ

**ਸਮਾਣਾ,23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਇਸ ਵਾਰ ਕਿਸਾਨਾਂ ਨੂੰ ਕੁਦਰਤ ਦੇ ਕਹਿਰ ਦੀ ਦੂਹਰੀ ਮਾਰ ਝੱਲਣੀ ਪੈ ਰਹੀ ਹੈ ਪਹਿਲਾ ਹੜ੍ਹਾਂ ਨੇ ਕਿਸਾਨਾਂ ਦੀਆਂ ਫਸਲਾਂ ਬਰਬਾਦ ਕਰ ਦਿੱਤੀਆਂ ਅਤੇ ਜਿਹਨਾਂ ਕਿਸਾਨਾਂ ਦੀਆਂ ਫਸਲਾਂ ਬਚੀਆਂ ਹਨ ਉਹਨਾਂ ਨੂੰ ਬਿਮਾਰੀ ਲੱਗ ਚੁੱਕੀ ਹੈ, ਜਿਸ ਨਾਲ ਜੀਰੀ ਦੀ ਫਸਲ ਲਗਭਗ 80 ਫੀਸਦੀ ਤੋਂ ਵੱਧ ਖਰਾਬ ਹੋ ਸਕਦੀ ਹੈ ਪਿੰਡ ਬਹਾਦਰਗੜ੍ਹ ਲਾਲਗੜ੍ਹ ਦੇ ਸਰਪੰਚ ਨਿਸ਼ਾਨ ਸਿੰਘ ਚੱਠਾ ਅਤੇ ਸਾਬਕਾ ਸਰਪੰਚ ਭੁਪਿੰਦਰ ਸਿੰਘ ਚੱਠਾ ਨੇ ਆਪਣੀਆਂ ਫਸਲਾਂ ਦਿਖਾਉਂਦਿਆਂ ਕਿਹਾ ਕਿ ਇਸ ਵਾਰ ਜੀਰੀ ਦੀ ਫਸਲ ਨੂੰ ਦੋਹਰੀ ਮਾਰ ਪੈ ਰਹੀ ਹੈ ਪਹਿਲਾਂ ਤਾਂ ਹੜ੍ਹਾਂ ਨੇ ਕਿਸਾਨਾਂ ਦੀਆਂ ਫਸਲਾਂ ਖਰਾਬ ਕਰ ਦਿੱਤੀਆਂ ਅਤੇ ਹੁਣ ਜਿਹਨਾਂ ਕਿਸਾਨਾਂ ਦੀਆਂ ਫਸਲਾਂ ਬਚੀਆਂ ਹਨ ਉਹਨਾਂ ਨੂੰ ਗੰਭੀਰ ਕਿਸਮ ਦੀ ਬਿਮਾਰੀ ਲੱਗ ਗਈ ਹੈ, ਜੋ ਸਪਰੇਅ ਕਰਨ ਦੇ ਨਾਲ ਵੀ ਖਤਮ ਨਹੀਂ ਹੋ ਰਹੀ। ਉਹਨਾਂ ਦੱਸਿਆ ਕਿ ਜੀਰੀ ਦੀ ਫਸਲ ਵਿੱਚ ਕੁਝ ਜੀਰੀ ਦੇ ਬੂਟੇ ਬਿਲਕੁਲ ਮਧਰੇ ਰਹਿ ਗਏ ਹਨ, ਜਿਨ੍ਹਾਂ ਨੂੰ ਮੁੰਜਰਾਂ (ਫਲ) ਨਹੀਂ ਲੱਗ ਰਹੀਆਂ ਅਤੇ ਜਿਹੜੇ ਬੂਟਿਆਂ ਨੂੰ ਜੀਰੀ ਦਾ (ਫਲ) ਮੁੰਜਰਾਂ ਲੱਗੀਆਂ ਹਨ ਉਹਨਾਂ ਨੂੰ ਗੰਭੀਰ ਕਿਸਮ ਦੀ ਬਿਮਾਰੀ ਲੱਗ ਚੁੱਕੀ ਹੈ ਬਿਮਾਰੀ ਲੱਗੇ ਖੇਤਾਂ ਵਿੱਚ ਚਾਰ ਚਾਰ ਵਾਰੀ ਸਪਰੇਅ ਕਰ ਚੁੱਕੇ ਹਾਂ ਪ੍ਰੰਤੂ ਜੀਰੀ ਦੀ ਬਿਮਾਰੀ ਖਤਮ ਨਹੀਂ ਹੋ ਰਹੀ, ਜਿਸ ਨਾਲ ਜੀਰੀ ਦੇ ਝਾੜ 'ਤੇ ਬਹੁਤ ਵੱਡਾ ਫਰਕ ਪਵੇਗਾ ਉਹਨਾਂ ਕਿਹਾ ਕਿ ਲਗਭਗ 80% ਜੀਰੀ ਘੱਟ ਨਿੱਕਲਣ ਦੀ ਸੰਭਾਵਨਾ ਹੈ। ਉਹਨਾਂ ਕਿਹਾ ਕਿ ਹੁਣ ਤੱਕ 25,30 ਹਜ਼ਾਰ ਰੁਪਿਆ ਪ੍ਰਤੀ ਏਕੜ ਉਹ ਜੀਰੀ ਦੀ ਫਸਲ 'ਤੇ ਖਰਚ ਕਰ ਚੁੱਕੇ ਹਨ ਪ੍ਰੰਤੂ ਇਸ ਵਾਰ ਖਰਚ ਮੁੜਨ ਦੀ ਵੀ ਸੰਭਾਵਨਾ ਨਜ਼ਰ ਨਹੀਂ ਆਉਂਦੀ। ਉਹਨਾਂ ਕਿਹਾ ਕਿ ਕਿਸਾਨਾਂ ਦਾ ਦਾਰੋ ਮਦਾਰ ਸਾਰਾ ਫਸਲ 'ਤੇ ਨਿਰਭਰ ਹੁੰਦਾ ਹੈ, ਜਿਸ ਨਾਲ ਉਹਨਾਂ ਨੇ ਆਪਣੇ ਬੱਚਿਆਂ ਦੀ ਪੜ੍ਹਾਈ, ਵਿਆਹ ਸ਼ਾਦੀਆਂ ਅਤੇ ਹੋਰ ਲੈਣ ਦੇਣ ਦੇ ਕੰਮ ਕਰਨੇ ਹੁੰਦੇ ਹਨ, ਇਕੱਲੇ ਪਿੰਡ ਬਹਾਦਰਗੜ੍ਹ ਲਾਲਗੜ੍ਹ ਵਿਖੇ ਕਰੀਬ 100 ਏਕੜ ਤੋਂ ਵੱਧ ਜੀਰੀ ਦੀ ਫਸਲ ਵਾਉਣੀ ਤੇ ਬਿਮਾਰੀ ਕਰਕੇ ਖਰਾਬ ਹੋ ਚੁੱਕੀ ਹੈ।ਉਨ੍ਹਾਂ ਪੰਜਾਬ ਸਰਕਾਰ ਨੂੰ ਬੇਨਤੀ ਕਰਦਿਆਂ ਕਿਹਾ ਕਿ ਹੜ੍ਹਾਂ ਨਾਲ ਖਰਾਬ ਹੋਈਆਂ ਫਸਲਾਂ ਦੀਆਂ ਸਪੈਸ਼ਲ ਗੁਰਦਾਵਰੀਆਂ ਦੇ ਨਾਲ-ਨਾਲ ਬਿਮਾਰੀ ਨਾਲ ਖਰਾਬ ਹੋ ਰਹੀਆਂ ਜੀਰੀ ਦੀਆਂ ਫਸਲਾਂ ਦੀ ਵੀ ਸਪੈਸ਼ਲ ਗਿਰਦਾਵਰੀ ਕਰਵਾਈ ਜਾਵੇ ਅਤੇ ਬਣਦਾ ਮੁਆਵਜ਼ਾ ਦਿੱਤਾ ਜਾਵੇ।

# ਹਰਿਆਣਾ ਦੇ ਰਾਜਪਾਲ ਨੇ ਕਰਨਾਲ ਵਿੱਚ ਪੀਐਚਸੀ ਦਾ ਕੀਤਾ ਦੌਰਾ

**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼ ਨੇ ਸ਼ੁਕਰਵਾਰ ਨੂੰ ਕਰਨਾਲ ਜਿਲ੍ਹਾ ਦੇ ਖਰਕਾਲੀ ਪਿੰਡ (ਮਧੂਬਨ) ਦੇ ਪ੍ਰਾਥਮਿਕ ਸਿਹਤ ਕੇਂਦਰ (ਪੀਐਚਸੀ) ਦਾ ਦੌਰਾ ਕੀਤਾ। ਉਨ੍ਹਾਂ ਨੇ ਪੀਐਚਸੀ ਵੱਲੋਂ ਪ੍ਰਦੱਤ ਸੇਵਾਵਾਂ ਦੇ ਬਾਰੇ ਵਿੱਚ ਵਿਸਤਾਰ ਨਾਲ ਜਾਣਕਾਰੀ ਲਈ ਅਤੇ ਇੰਨ੍ਹਾਂ ਬਿਹਤਰ ਦਸਿਆ। ਉਨ੍ਹਾਂ ਨੇ ਸਾਰੇ ਡਾਕਟਰਾਂ ਤੇ ਪੈਰਾਮੈਡੀਕਲ ਸਟਾਫ ਨੂੰ ਅਪੀਲ ਕੀਤੀ ਕਿ ਉਹ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਨਾਉਣ ਲਈ ਕੰਮ ਕਰਨ।

ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼ ਸ਼ੁਕਰਵਾਰ ਸ਼ਾਮ ਪਿੰਡ ਖਰਕਾਲੀ ਦੀ ਪੀਐਚਸੀ ਪਹੁੰਚੇ।

# ਹਰਦੀਪ ਸਿੰਘ ਮੁੰਡੀਆਂ ਨੇ 2.19 ਕਰੋੜ ਰੁਪਏ ਦੇ ਛੇ ਮੁੱਖ ਸੜਕੀ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ



**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੜਕੀ ਸੰਪਰਕ ਵਧਾਉਣ ਅਤੇ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਪੰਜਾਬ ਦੇ ਮਾਲ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ 2.19 ਕਰੋੜ ਰੁਪਏ ਦੇ ਛੇ ਮੁੱਖ ਸੜਕ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ।

ਇਨ੍ਹਾਂ ਪ੍ਰਾਜੈਕਟਾਂ ਵਿੱਚ ਭਾਮੀਆਂ ਖੁਰਦ ਤੋਂ ਸ਼ੰਕਰ ਕਾਲੋਨੀ ਸੜਕ, ਭਾਮੀਆਂ ਸੜਕ ਤੋਂ ਤਾਜਪੁਰ ਸੜਕ, ਜੇਲ ਰੋਡ, ਉੱਚੀ ਮੰਗਲੀ ਤੋਂ ਐਲ.ਸੀ ਸੜਕ, ਗੋਬਿੰਦਗੜ੍ਹ ਤੋਂ ਉੱਚੀ ਮੰਗਲੀ ਅਤੇ ਜੀ.ਟੀ ਰੋਡ ਤੋਂ ਪਹੁੰਚ ਸੜਕ ਸ਼ਾਮਲ ਹਨ।

ਸ. ਮੁੰਡੀਆਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਦੇ ਲੋਕਾਂ ਨੂੰ ਵਿਸ਼ਵ-ਪੱਧਰੀ ਸੜਕ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਕਿਹਾ, ÷ਇਹ ਪ੍ਰਾਜੈਕਟ ਸੜਕੀ ਸੰਪਰਕ ਵਧਾਉਣ, ਵੱਖ-ਵੱਖ ਸਥਾਨਾਂ ਤੱਕ ਪਹੁੰਚ ਵਿੱਚ ਹੋਰ ਸੁਧਾਰ ਲਿਆਉਣ ਅਤੇ ਲੋਕਾਂ ਦੀ ਸੁਚਾਰੂ ਯਾਤਰਾ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤੇ ਗਏ ਹਨ।÷ ਉਨ੍ਹਾਂ ਭਰੋਸਾ ਦਿੱਤਾ ਕਿ ਲੋਕਾਂ ਦੀ ਸਹੂਲਤ ਦੇ ਮੱਦੇਨਜ਼ਰ ਇਨ੍ਹਾਂ ਪ੍ਰਾਜੈਕਟਾਂ ਨੂੰ ਜਲਦੀ ਪੂਰਾ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ ਆਉਣ-ਜਾਣ ਨੂੰ ਆਸਾਨ ਬਣਾਉਣਗੇ, ਸਥਾਨਕ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਦੇਣਗੇ ਅਤੇ ਸਾਹਨੇਵਾਲ ਹਲਕੇ ਦੇ ਸਮੁੱਚੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਣਗੇ।

# ਦਰਿਆਵਾਂ ਦੇ ਪਾੜ ਪੂਰਨ ਦੇ ਕੰਮਾਂ 'ਚ ਹੋਰ ਤੇਜ਼ੀ ਲਿਆਂਦੀ ਜਾਵੇ: ਬਰਿੰਦਰ ਕੁਮਾਰ ਗੋਇਲ ਵੱਲੋਂ ਅਧਿਕਾਰੀਆਂ ਨੂੰ ਹਦਾਇਤ



**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਅਧਿਕਾਰੀਆਂ ਨੂੰ ਦਰਿਆਵਾਂ ਦੇ ਪਾੜਾਂ ਨੂੰ ਪੂਰਨ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਜਲ ਸਰੋਤ ਵਿਭਾਗ ਦੇ ਅਧਿਕਾਰੀਆਂ ਨਾਲ ਇਥੇ ਹੰਗਾਮੀ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਚੱਲ ਰਹੇ ਕਾਰਜਾਂ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਸੂਬੇ ਭਰ ਵਿੱਚ ਬੰਨ੍ਹਾਂ ਦੇ ਪਾੜਾਂ ਨੂੰ ਪੂਰਨ ਅਤੇ ਸੰਵੇਦਨਸ਼ੀਲ ਹਿੱਸਿਆਂ ਨੂੰ ਮਜ਼ਬੂਤ ਕਰਨ ਲਈ ਵਿੱਢੇ ਕਾਰਜਾਂ ਬਾਰੇ ਵੀ ਜਾਣਕਾਰੀ ਲਈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਰਿਪੋਰਟ ਹੋਏ 44 ਪਾੜਾਂ ਵਿੱਚੋਂ ਜ਼ਿਆਦਾਤਰ ਪਾੜ ਪਹਿਲਾਂ ਹੀ ਪੂਰੇ ਜਾ ਚੁੱਕੇ ਹਨ ਜਦੋਂ ਕਿ ਬਾਕੀ ਪਾੜਾਂ ਨੂੰ ਪੂਰਨ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜੇਕਰ ਭਵਿੱਖ ਵਿੱਚ ਪਾਣੀ ਦਾ ਵੱਧ ਵਹਾਅ ਆਉਂਦਾ ਹੈ ਤਾਂ ਵਿਭਾਗ ਅਜਿਹੀ ਸਥਿਤੀ ਨਾਲ ਨਜਿੱਠਣ ਲਈ ਤਿਆਰ-ਬਰ-ਤਿਆਰ ਰਹੇ।

ਉਨ੍ਹਾਂ ਅੱਗੇ ਕਿਹਾ ਕਿ ਇਸ ਔਖੀ ਘੜੀ ਵਿੱਚ ਇਹ ਬੇਹੱਦ ਜ਼ਰੂਰੀ ਹੈ ਕਿ ਇਨ੍ਹਾਂ ਕਾਰਜਾਂ ਲਈ ਵਿਭਾਗ ਦੇ ਸਾਰੇ ਸਰੋਤ ਜੁਟਾਏ ਜਾਣ ਅਤੇ ਇਸ ਦੇ ਮੁਕੰਮਲ ਹੋਣ ਤੱਕ ਸਖ਼ਤ ਨਿਗਰਾਨੀ ਰੱਖੀ ਜਾਵੇ।

ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਇਨ੍ਹਾਂ ਬੰਨ੍ਹਾਂ ਅਤੇ ਹੋਰ ਵਿਭਾਗੀ ਸੰਪਤੀਆਂ ਨੂੰ ਹੋਏ ਨੁਕਸਾਨ ਸਬੰਧੀ ਚੱਲ ਰਹੇ ਮੁਲਾਂਕਣ ਨੂੰ ਵੀ ਜਲਦ ਮੁਕੰਮਲ ਕੀਤਾ ਜਾਵੇ ਤਾਂ ਜੋ ਇਨ੍ਹਾਂ ਦੀ ਸਮੇਂ ਸਿਰ ਮੁਰੰਮਤ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਭਰੋਸਾ ਦਿੱਤਾ ਕਿ ਇਨ੍ਹਾਂ ਸੁਰੱਖਿਆ ਉਪਾਵਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਦਰਿਆਵਾਂ ਕੰਢੇ ਵਸਦੇ ਲੋਕਾਂ, ਖੇਤੀਬਾੜੀ ਜ਼ਮੀਨਾਂ ਅਤੇ ਬੁਨਿਆਦੀ ਢਾਂਚੇ ਦੀ ਸੁਰੱਖਿਆ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਵੀ ਦੁਹਰਾਈ।

ਮੀਟਿੰਗ ਵਿੱਚ ਪ੍ਰਮੁੱਖ ਸਕੱਤਰ ਸ੍ਰੀ ਕ੍ਰਿਸ਼ਨ ਕੁਮਾਰ, ਮੁੱਖ ਇੰਜੀਨੀਅਰ (ਡਰੇਨੇਜ) ਸ. ਹਰਦੀਪ ਸਿੰਘ ਮੈਂਦੀਰੱਤਾ, ਮੁੱਖ ਇੰਜੀਨੀਅਰ (ਨਹਿਰਾਂ) ਸ. ਸ਼ੇਰ ਸਿੰਘ, ਮੁੱਖ ਇੰਜੀਨੀਅਰ (ਹੈੱਡਕੁਆਰਟਰ) ਸ. ਜਤਿੰਦਰ ਪਾਲ ਸਿੰਘ, ਮੁੱਖ ਇੰਜੀਨੀਅਰ (ਡਿਜ਼ਾਈਨ) ਸ੍ਰੀ ਵਿਜੈ ਕੁਮਾਰ ਗਰਗ ਅਤੇ ਹੋਰ ਅਧਿਕਾਰੀ ਸ਼ਾਮਲ ਸਨ।

# ਵਿਜੀਲੈਂਸ ਬਿਊਰੋ ਨੇ ਅਗਸਤ ਮਹੀਨੇ ਦੌਰਾਨ 6 ਰਿਸ਼ਵਤਖੋਰੀ ਦੇ ਮਾਮਲਿਆਂ ਵਿੱਚ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ

**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਚੱਲ ਰਹੀ ਮੁਹਿੰਮ ਦੌਰਾਨ, ਅਗਸਤ ਮਹੀਨੇ ਦੌਰਾਨ 6 ਵੱਖ-ਵੱਖ ਕੇਸਾਂ ਵਿੱਚ 6 ਕਰਮਚਾਰੀਆਂ ਅਤੇ 2 ਪ੍ਰਾਈਵੇਟ ਵਿਅਕਤੀਆਂ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਵੱਲੋਂ ਇਸ ਸਮੇਂ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਕਿਸੇ ਵੀ ਖੇਤਰ ਵਿੱਚ ਭ੍ਰਿਸ਼ਟਾਚਾਰ ਫੈਲਾ ਰਹੇ ਵਿਅਕਤੀਆਂ ਤੇ ਕਾਬੂ ਪਾਉਣ ਲਈ ਸਾਰੇ ਸੰਭਵ ਯਤਨ ਕੀਤੇ ਜਾ ਰਹੇ ਹਨ।

ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਸਮਰੱਥ ਅਦਾਲਤਾਂ ਵਿੱਚ 20 ਵਿਜੀਲੈਂਸ ਮਾਮਲਿਆਂ ਨਾਲ ਸਬੰਧਤ ਚਲਾਨ ਪੇਸ਼ ਕੀਤੇ ਹਨ। ਇਸ ਤੋਂ ਇਲਾਵਾ, ਸਰਕਾਰੀ ਕਰਮਚਾਰੀਆਂ ਵਿਰੁੱਧ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ 2 ਵਿਜੀਲੈਂਸ ਇੰਕੁਆਇਰੀਜ਼ ਵੀ ਦਰਜ ਕੀਤੀਆਂ ਗਈਆਂ ਹਨ। ਬੁਲਾਰੇ ਨੇ ਅੱਗੇ ਕਿਹਾ ਕਿ 15 ਮੁਲਜ਼ਮਾਂ ਵਿਰੁੱਧ 7 ਅਪਰਾਧਿਕ ਮਾਮਲੇ ਵੀ ਦਰਜ ਕੀਤੇ ਗਏ ਹਨ ਅਤੇ ਇੱਕ ਸਰਕਾਰੀ ਕਰਮਚਾਰੀ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਦਾ ਇੱਕ ਕੇਸ ਵੀ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦੇ ਹੋਏ ਉਨ੍ਹਾਂ ਕਿਹਾ ਕਿ ਵੱਖ-ਵੱਖ ਸਮਰੱਥ ਅਦਾਲਤਾਂ ਨੇ ਪਿਛਲੇ ਮਹੀਨੇ ਦੌਰਾਨ ਵਿਜੀਲੈਂਸ ਬਿਊਰੋ ਵੱਲੋਂ ਦਾਇਰ ਕੀਤੇ ਅਤੇ ਲੜੇ ਗਏ ਰਿਸ਼ਵਤਖੋਰੀ ਦੇ ਦੋ ਮਾਮਲਿਆਂ ਦਾ ਫੈਸਲਾ ਸੁਣਾਇਆ, ਜਿਸ ਵਿੱਚ ਦੋ ਵਿਅਕਤੀਆਂ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ 5 ਸਾਲ ਦੀ ਕੈਦ ਅਤੇ 20,000 ਰੁਪਏ ਤੋਂ 50,000/- ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ।

# ਪੰਜਾਬ ਜ਼ੋਨਲ ਟੂਰਨਾਮੈਂਟ 'ਚ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀ ਛਾਏ



**ਮਾਛੀਵਾੜਾ ਸਾਹਿਬ, 23 ਸਤੰਬਰ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਜੋਨਲ ਪੱਧਰ ਟੂਰਨਾਮੈਂਟ ਦੇ ਅਲੱਗ ਅਲੱਗ ਮੁਕਾਬਲਿਆਂ ਵਿੱਚ ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਅਧਿਆਪਕਾਂ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਵਿਦਿਆਰਥੀਆਂ ਅੰਡਰ-14 ਨੇ ਜ਼ੋਨਲ ਪੱਧਰ ਦੇ ਟੂਰਨਾਮੈਂਟ ਦੇ ਅਲੱਗ-ਅਲੱਗ ਮੁਕਾਬਲਿਆਂ ਵਿਚ ਵੱਧ ਚੜ ?ਕੇ ਭਾਗ ਲਿਆ। ਸਕੂਲ ਵਿਦਿਆਰਥਣ ਜਸਲੀਨ ਕੌਰ ਜਮਾਤ ਸੱਤਵੀਂ ਨੇ 100 ਮੀਟਰ ਤੇ 200 ਮੀਟਰ ਦੌੜ ? 'ਚ ਪਹਿਲਾ ਸਥਾਨ ਪ੍ਰਾਪਤ ਕਰ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਦਮਨਪ੍ਰੀਤ ਕੌਰ ਨੇ ਡਿਸਕਸ ਥਰੋ 'ਚ ਦੂਜਾ ਸਥਾਨ, ਖ਼ੁਸ਼ੀ ਨੇ ਹਰਡਲ 80 ਮੀਟਰ ਵਿਚ ਦੂਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਪ੍ਰਾਪਤੀਆਂ ਸਦਕਾ ਖਿਡਾਰਨਾਂ ਨੇ ਆਪਣੀ ਮਿਹਨਤ ਅਤੇ ਲਗਨ ਸਦਕਾ ਜਿੱਤ ਹਾਸਲ ਕਰ ਸਕੂਲ ਦਾ ਨਾਂ ਚਮਕਾਇਆ। ਇਸ ਤੋਂ ਇਲਾਵਾ ਨੌਵੀਂ ਕਲਾਸ ਦੇ ਅਤੁਲਿਆ ਨੇ 400 ਮੀਟਰ ਅਤੇ 200 ਮੀਟਰ ਦੋਵਾਂ ਦੌੜ ?ਾਂ ਵਿਚ ਪਹਿਲਾ ਸਥਾਨ ਪ੍ਰਾਪਤ ਕਰ ਸ਼ਾਨਦਾਰ ਗਤੀ ਅਤੇ ਸਹਿਣਸ਼ੀਲਤਾ ਦਾ ਪ੍ਰਦਰਸ਼ਨ ਕੀਤਾ, ਸੱਤਵੀਂ ਕਲਾਸ ਦੇ ਗੁਰਫਤਿਹ ਸਿੰਘ ਨੇ ਹਰਡਲਜ਼ ਈਵੈਂਟ ਵਿਚ ਪਹਿਲਾ ਸਥਾਨ ਪ੍ਰਾਪਤ ਕਰ ਆਪਣੀ ਤਾਕਤ ਅਤੇ ਦ੍ਰਿੜ ?ਤਾ ਨੂੰ ਸਾਬਿਤ ਕੀਤਾ। ਉਕਤ ਵਿਦਿਆਰਥੀਆਂ ਦੀ ਜ਼ਿਲਾ ਪੱਧਰ ਲਈ ਚੋਣ ਹੋਈ। ਸਕੂਲ ਪ੍ਰਿੰਸੀਪਲ ਰਸ਼ਮੀ ਸ਼ਰਮਾ, ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਉਹਨਾਂ ਕਿਹਾ ਕਿ ਖੇਡਾਂ ਮਨੁੱਖ ਦਾ ਸਰਪੱਖੀ ਵਿਕਾਸ ਕਰਦੀਆਂ ਹਨ ਤੇ ਇੱਕ ਖਿਡਾਰੀ ਹਮੇਸ਼ਾ ਰਿਸਟ ਪੁਸ਼ਟ ਅਤੇ ਤੰਦਰੁਸਤ ਰਹਿੰਦਾ ਹੈ।।ਮੈਡਮ ਭਜਨ ਅਤੇ ਡੀ.ਪੀ.ਗੁਰਿੰਦਰ ਸਿੰਘ, ਡੀ.ਪੀ. ਜੈਸਮੀਨ ਕੌਰ ਨੇ ਜੇਤੂਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਪਣੀ ਸਖ਼ਤ ਮਿਹਨਤ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

# ਕੀਟਨਾਸ਼ਕ ਨਿਗਲਣ ਵਾਲੇ ਵਿਦਿਆਰਥੀ ਨੇ ਦਮ ਤੋੜਿਆ

**ਧਰਮਕੋਟ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੀਟਨਾਸ਼ਕ ਦਵਾਈ ਨਿਗਲਣ ਵਾਲੇ ਵਿਦਿਆਰਥੀ ਨੇ ਅੱਜ ਤੜਕਸਾਰ ਦਮ ਤੋੜ ਦਿੱਤਾ। ਪਿਛਲੇ 25 ਦਿਨਾਂ ਦੌਰਾਨ ਵੱਖ ਵੱਖ ਹਸਪਤਾਲਾਂ ਵਿੱਚ ਉਸ ਦਾ ਇਲਾਜ ਚਲਦਾ ਰਿਹਾ ਸੀ। ਏਮਜ਼ ਹਸਪਤਾਲ ਬਠਿੰਡਾ ਦੇ ਡਾਕਟਰਾਂ ਨੇ ਪਰਿਵਾਰ ਨੂੰ 17 ਸਤੰਬਰ ਨੂੰ ਉਹਨੂੰ ਘਰ ਲੈ ਕੇ ਜਾਣ ਦੀ ਸਲਾਹ ਦਿੱਤੀ ਸੀ। ਉਸ ਦਿਨ ਤੋਂ ਹੀ ਉਹ ਬਣਾਉਟੀ ਸਾਹ ਪ੍ਰਣਾਲੀ ਉੱਤੇ ਸੀ। ਅੱਜ ਤੜਕਸਾਰ ਤਿੰਨ ਵਜੇ ਉਸ ਨੇ ਆਖ਼ਰੀ ਸਾਹ ਲਿਆ।

ਜਸ਼ਨਦੀਪ ਦੀ ਮੌਤ ਮਗਰੋਂ ਰੋਹ ਵਿਚ ਆਏ ਪੀੜਤ ਪਰਿਵਾਰ ਨੇ ਪੁਲੀਸ ਦੀ ਢਿੱਲੀ ਕਾਰਗੁਜ਼ਾਰੀ ਦੇ ਚੱਲਦਿਆਂ ਮੋਗਾ-ਜਲੰਧਰ ਹਾਈਵੇ 'ਤੇ ਜਾਮ ਲਗਾ ਕੇ ਰੋਸ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਧਰਮਕੋਟ ਦੇ ਡੀਐੱਸਪੀ ਜਸਵਰਿੰਦਰ ਸਿੰਘ ਨੇ ਮੌਕੇ ਉੱਤੇ ਪੁੱਜ ਕੇ ਪਰਿਵਾਰ ਨੂੰ ਇਨਸਾਫ ਦਾ ਭਰੋਸਾ ਦਿਵਾ ਕੇ ਜਾਮ ਖੁਲਵਾਇਆ।

# ਖ਼ਤਰਨਾਕ ਹੋ ਸਕਦੀ ਹੈ ਕੰਨ 'ਤੇ ਲੱਗੀ ਸੱਟ



ਅਚਾਨਕ ਕੰਨ ਉੱਪਰ ਲੱਗੀ ਸੱਟ ਕਾਰਨ ਘੱਟ ਸੁਣਨਾ, ਬੇਚੈਨੀ, ਘਬਰਾਹਟ ਤੇ ਭਾਰੀਪਨ ਆਦਿ ਦੇ ਲੱਛਣ ਹੋਣ ਲੱਗਦੇ ਹਨ। ਸੱਟ ਲੱਗਣ, ਡਿੱਗਣ, ਥੱਪੜ ਮਾਰਨ ਜਾਂ ਜ਼ੋਰਦਾਰ ਧਮਾਕੇ ਕਾਰਨ ਕੰਨ ਦਾ ਪਰਦਾ (ਟੰਪੈਨਿਕ ਮੈਂਬਰੇਨ ਜਾਂ ਟੰਪੈਨਮ) ਵਿਚ ਵਿਗਾੜ ਪੈ ਸਕਦੇ ਹਨ, ਜਿਸ ਕਾਰਨ ਸੁਣਨ ਸ਼ਕਤੀ ਵਿਚ ਕਮੀ ਆ ਸਕਦੀ ਹੈ ਅਤੇ ਜੇ ਸੱਟ ਗੰਭੀਰ ਹੋਵੇ ਤਾਂ ਕਈ ਵਾਰ ਬੋਲਾਪਨ (ਡੈੱਫਨੈੱਸ) ਪੈਦਾ ਹੋ ਸਕਦੀ ਹੈ।

### ਕੰਨ 'ਚ ਤਿੱਖੀਆਂ ਚੀਜ਼ਾਂ ਨਾ ਮਾਰੋ

ਕਈ ਵਾਰ ਅਚਾਨ ਸਾਡੇ ਕੰਨ 'ਚ ਖਾਰਿਸ਼ ਆਉਣ 'ਤੇ ਅਸੀ ਆਪਣੇ ਕੰਨ 'ਚ ਹੇਅਰਪਿਨ, ਤੀਲੀ, ਚਾਬੀ ਜਾਂ ਕੋਈ ਵੀ ਹੋਰ ਚੀਜ਼ ਜੋ ਫ਼ੌਰੀ ਤੌਰ 'ਤੇ ਸਾਡੀ ਹੱਦ ਵਿਚ ਜੋ ਵੀ ਚੀਜ਼ ਹੁੰਦੀ ਹੈ, ਅਸੀਂ ਉਸ ਨੂੰ ਬਿਨਾਂ ਸੋਚੇ-ਸਮਝੇ ਕੰਨ ਵਿਚ ਫੇਰ ਲੈਂਦੇ ਹਾਂ, ਜੋ ਸਾਡੇ ਲਈ ਹਾਨੀਕਾਰਕ ਸਾਬਤ ਹੋ ਜਾਂਦੀ ਹੈ।

### ਇਲਾਜ

ਸੱਟ ਲੱਗਣ 'ਤੇ ਕੰਨ ਵਿਚ ਪਾਣੀ ਨਾ ਪੈਣ ਦਿਓ, ਇਸ ਨਾਲ ਕੰਨ ਵਿਚ ਲੱਗੀ ਸੱਟ ਉੱਪਰ ਉੱਲੀ ਰੋਗਾਂ (ਫੰਗਲ ਡਿਜੀਜ਼ਿਜ਼) ਦਾ ਹੱਲਾ ਹੋ ਸਕਦਾ ਹੈ। ਡਾਕਟਰ ਦੀ ਸਲਾਹ ਤੋਂ ਬਿਨਾਂ ਕੰਨ 'ਚ ਕੋਈ ਈਅਰ-ਡਰਾਪ ਜਾਂ ਕੋਈ ਹੋਰ ਦਵਾਈ ਨਾ ਪਾਓ। ਨਹਾਉਣ ਲੱਗਿਆਂ ਕੰਨ ਵਿਚ ਰੂੰ ਦੇ ਕੇ ਉਸ ਦੇ ਬਾਹਰਲੇ ਪਾਸ ਵੈਸਲੀਨ ਲਗਾ ਲਵੋ ਤਾਂ ਕਿ ਪਾਣੀ ਰੂੰ ਵਿਚ ਰਚ ਕੇ ਕੰਨ ਦੇ ਅੰਦਰ ਤਕ ਨਾ ਜਾਵੇ। ਜ਼ਿਆਦਾਤਰ ਮਾਮਲਿਆਂ 'ਚ ਸੱਟ ਜਾਂ ਥੱਪੜ ਆਦਿ ਨਾਲ ਪਰਦੇ 'ਚ ਹੋਇਆ ਛੇਕ 3 ਤੋਂ 4 ਹਫ਼ਤੇ ਵਿਚ ਆਪਣੇ ਆਪ ਭਰ ਜਾਂਦਾ ਹੈ। ਕੁੱਝ ਮਾਮਲਿਆਂ 'ਚ ਸਰਜਰੀ ਦੀ ਜ਼ਰੂਰਤ ਪੈਂਦੀ ਹੈ। •

# ਸੀਐੱਮਐਲ ਦੀ ਪਛਾਣ ਤੇ ਰੋਕਥਾਮ



ਕੈਂਸਰ ਇਕ ਗੰਭੀਰ ਬਿਮਾਰੀ ਹੈ। ਜੇ ਇਸ ਦੀ ਸਮਾਂ ਰਹਿੰਦਿਆਂ ਪਛਾਣ ਨਾ ਕੀਤੀ ਜਾਵੇ ਤਾਂ ਇਹ ਜਾਨਲੇਵਾ ਰੂਪ ਧਾਰਨ ਕਰ ਸਦਾ ਹੈ ਪਰ ਜੇ ਇਸ ਦੀ ਪਛਾਣ ਮੁਢਲੀ ਸਟੇਜ ਦੌਰਾਨ ਹੀ ਕਰ ਲਈ ਜਾਵੇ ਤਾਂ ਇਸ ਉੱਪ ਕਾਬੂ ਪਾਇਆ ਜਾ ਸਕਦਾ ਹੈ।

### ਕੀ ਹੈ ਕ੍ਰੌਨਿਕ ਮਾਇਲਾਇਡ ਲਿਊਕੀਮੀਆ?

ਇਹ ਬਲੱਡ ਕੈਂਸਰ ਦੀ ਹੀ ਇਕ ਕਿਸਮ ਹੈ, ਜੋ ਕਿਸੇ ਵਿਅਕਤੀ ਦੇ ਖ਼ੂਨ ਵਿਚ ਜੀਨਜ਼ 9 ਤੇ 22 ਦੀ ਅਦਲਾ-ਬਦਲੀ ਨਾਲ ਹੁੰਦਾ ਹੈ। ਇਸ ਨਾਲ ਬੋਨਮੈਰੋ ਦੀਆਂ ਮਾਸਪੇਸ਼ੀਆਂ ਅਸੰਤੁਲਿਤ ਹੋ ਜਾਂਦੀਆਂ ਹਨ ਤੇ ਸਫ਼ੈਦ ਮਾਸਪੇਸ਼ੀਆਂ (ਵ੍ਹਾਈਟ ਬਲੱਡ ਕਾਰਪਸਲਜ਼ ਜਾਂ ਡਬਲਿਊਬੀਸੀ) ਦੀ ਗਿਣਤੀ ਵਧ ਜਾਂਦੀ ਹੈ। ਖ਼ੂਨ ਸਰੀਰ ਦੇ ਸਾਰੇ ਹਿੱਸਿਆਂ 'ਚ ਪਹੁੰਚਦਾ ਹੈ ਅਤੇ ਇਸ ਨਾਲ ਬੇਕਾਬੂ ਹੋਏ ਡਬਲਿਊਬੀਸੀ ਸਰੀਰ ਦੇ ਸੈਲਜ਼ ਨੂੰ ਪ੍ਰਭਾਵਿਤ ਕਰਦੇ ਹਨ। ਇਸ ਸਥਿਤੀ ਨੂੰ ਕ੍ਰੌਨਿਕ ਮਾਇਲਾਇਡ ਲਿਊਕੀਮੀਆ (ਸੀਐੱਮਐੱਲ) ਆਖਦੇ ਹਨ। ਨੌਜਵਾਨਾਂ ਤੇ ਬੇਜ਼ੁਰਗਾਂ ਨੂੰ ਇਹ ਜ਼ਿਆਦਾ ਹੁੰਦਾ ਹੈ।

### ਲੱਛਣ

ਥਕਾਵਟ, ਖ਼ੂਨ ਦੀ ਘਾਟ, ਭਾਰ ਵਧਣਾ, ਵਾਰ-ਵਾਰ ਬੁਖ਼ਾਰ ਹੋਣਾ, ਪਸੀਨਾ ਜ਼ਿਆਦਾ ਆਉਣਾ, ਭੁੱਖ ਨਾ ਲੱਗਣਾ, ਪੇਟ ਦਾ ਭਾਰਾਪਨ ਆਦਿ ਇਹ ਇਸ ਬਿਮਾਰੀ ਦੇ ਮੁੱਖ ਲੱਛਣ ਹਨ। ਇਸ ਦੀ ਮੁਕੰਮਲ ਜਾਂਚ ਲਈ ਡਾਕਟਰ ਦੀ ਸਲਾਹ ਨਾਲ ਬਲੱਡ ਟੈਸਟ ਕਰਵਾਉਣਾ ਚਾਹੀਦਾ ਹੈ।

### ਅਸਰ ਤੇ ਸਟੇਜ

*ਕੈਂਸਰ ਦੀਆਂ ਹੋਰਨਾਂ ਕਿਸਮਾਂ ਵਾਂਗ ਇਸ ਦੀਆਂ ਵੀ ਵੱਖ-ਵੱਖ ਸਟੇਜਾਂ ਹੁੰਦੀਆਂ ਹਨ। ਪਹਿਲੀ ਸਟੇਜ ਦੀ ਸ਼ੁਰੂਆਤ 3-8 ਸਾਲ ਬਾਅਦ ਦਿਖਾਈ ਦਿੰਦੀ ਹੈ। ਇਸ ਤੋਂ ਅਗਲੀਆਂ ਸਟੇਜਾਂ ਵਿਚ ਸਥਿਤੀਆਂ ਹੋਰ ਗੰਭੀਰ ਹੁੰਦੀਆਂ ਜਾਂਦੀਆਂ ਹਨ।*

### ਕਾਰਨ

ਲਿਵਰ ਜਾਂ ਜਿਗਰ ਦੇ ਆਕਾਰ ਦਾ ਵਧਣਾ, ਪ੍ਰਦੂਸ਼ਣ ਅਤੇ ਬੈਕਟੀਰੀਆ ਵਾਲੇ ਭੋਜਨ ਇਸ ਰੋਗ ਦੇ ਮੁੱਖ ਕਾਰਨ ਬਣ ਸਕਦੇ ਹਨ।

### ਉਪਾਅ

ਸੀਐਮਐੱਲ ਦੇ ਸ਼ੁਰੂਆਤੀ ਪੜਾਅ ਦੌਰਾਨ ਇਸ ਉੱਪਰ ਆਸਾਨੀ ਨਾਲ ਕਾਬੂ ਪਾਇਆ ਜਾ ਸਕਦਾ ਹੈ। ਇਸ ਰੋਗ ਬਾਰੇ ਪਤਾ ਲੱਗਣ 'ਤੇ ਮਰੀਜ ਨੂੰ ਡਾਇਬਟੀਜ ਜਾਂ ਸ਼ੂਗਰ ਰੋਗ ਅਤੇ ਆਪਣੇ ਬਲੱਡ ਪ੍ਰੈਸ਼ਰ ਨੂੰ ਕਾਬੂ ਵਿਚ ਰੱਖਣਾ ਚਾਹੀਦਾ ਹੈ। •

# ਗੁਲੂਕੋਜ਼ ਤੋਂ ਮਿਲਦੀ ਹੈ ਦਿਮਾਗ਼ ਨੂੰ ਊਰਜਾ





ਅਮਰਜੀਤ ਕੌਰ ਵਿਰਦੀ
ਮੋਬਾਈਲ 95307-49092

ਕਾਰਬੋਹਾਈਡਰੇਟਜ਼ ਪਾਚਨ ਪ੍ਰਕਿਰਿਆ ਤੋਂ ਬਾਅਦ ਗੁਲੂਕੋਜ਼ 'ਚ ਬਦਲ ਜਾਂਦੇ ਹਨ। ਇਸ ਲਈ ਦਿਮਾਗ਼ ਨੂੰ ਤਰੋ-ਤਾਜ਼ਾ ਰੱਖਣ ਲਈ ਕਾਰਬੋਹਾਈਡਰੇਟਸ ਨੂੰ ਖਾਣੇ 'ਚ ਸ਼ਾਮਲ ਕਰਨਾ ਬੇਹੱਦ ਜ਼ਰੂਰੀ ਹਨ।

### ਕੀ ਹਨ ਕਾਰਬੋਹਾਈਡਰੇਟਸ?

ਭੋਜਨ ਵਿਚ ਜਿਸ ਖ਼ੁਰਾਕੀ ਪਦਾਰਥ ਦੀ ਵਰਤੋਂ ਸਭ ਤੋਂ ਜ਼ਿਆਦਾ (ਲਗਪਗ 45 ਫ਼ੀਸਦੀ ਤੋਂ 60 ਫ਼ੀਸਦੀ ਤਕ ਹੁੰਦੀ ਹੈ) ਉਹ ਹਨ ਵੱਖਰੇ-ਵੱਖਰੇ ਅਨਾਜ-ਕਣਕ, ਚਾਵਲ, ਜੌਂ, ਮੱਕੀ, ਬਾਜਰਾ, ਸ਼ਹਿਦ ਅੰਗੂਰ, ਗੰਨਾ, ਗੁੜ, ਚੀਨੀ, ਸ਼ਕਰਕੰਦੀ ਤੇ ਜੂਸ ਆਦਿ। ਇਨ੍ਹਾਂ ਵਿਚ ਦੂਸਰੇ ਪਦਾਰਥਾਂ ਨਾਲੋਂ ਵੱਧ ਮਾਤਰਾ 'ਚ ਕਾਰਬੋਹਾਈਡਰੇਟਸ ਪਾਏ ਜਾਂਦੇ ਹਨ। ਕਾਰਬੋਹਾਈਡਰੇਟਸ ਕਾਰਬਨ, ਹਾਈਡਰੋਜਨ ਤੇ ਆਕਸੀਜਨ ਦੇ ਮੇਲ ਤੋਂ ਬਣੇ ਯੌਗਿਕ ਹੁੰਦੇ ਹਨ, ਜੋ ਪਾਚਣ ਪ੍ਰਕਿਰਿਆ ਤੋਂ ਬਾਅਦ ਗੁਲੂਕੋਜ਼ 'ਚ ਬਦਲ ਜਾਂਦੇ ਹਨ। ਪ੍ਰੋਟੀਨ, ਸਬਜ਼ੀਆਂ ਜਾਂ ਫਲਾਂ 'ਚੋਂ ਵੀ ਕਾਰਬੋਹਾਈਡਰੇਟਸ ਦੀ ਹੋਂਦ ਪਾਈ ਜਾਂਦੀ ਹੈ ਪਰ ਇਨ੍ਹਾਂ ਸਾਰਿਆਂ ਦੇ ਮੁਕਾਬਲੇ ਅਨਾਜ ਤੇ ਖੰਡ 'ਚ ਕਾਰਬੋਹਾਈਡਰੇਟਸ ਦੀ ਵੱਧ ਮਾਤਰਾ ਹੋਣ ਕਰਕੇ ਇਨ੍ਹਾਂ ਪਦਾਰਥਾਂ ਨੂੰ ਕਾਰਬੋਹਾਈਡਰੇਟਸ ਕਿਹਾ ਜਾਂਦਾ ਹੈ।

### ਕਾਰਬੋਹਾਈਡਰੇਟਸ ਦੇ ਤਿੰਨ ਰੂਪ

**- ਫਾਈਬਰ ਜਾਂ ਰੇਸ਼ੇ**

ਰੇਸ਼ੇ ਘੱਟ ਚਰਬੀ ਵਾਲੇ ਤੇ ਘੱਟ ਸੋਡੀਅਮ ਵਾਲੇ ਕਾਰਬੋਹਾਈਡਰੇਟਸ ਹਨ, ਜੋ ਵਿਟਾਮਿਨਾਂ ਨਾਲ ਭਰਪੂਰ ਹੁੰਦੇ ਹਨ। ਜ਼ਿਆਦਾਤਰ ਅਨਾਜ ਤੇ ਦਾਲਾਂ ਦੀ ਉੱਪਰਲੀ ਪਰਤ ਦੇ ਰੂਪ 'ਚ ਸਬਜ਼ੀਆਂ, ਫਲਾਂ, ਪੱਤਿਆਂ 'ਚ ਮੌਜੂਦ ਹੁੰਦੇ ਹਨ। ਇਨ੍ਹਾਂ 'ਚ ਗੁਲੂਕੋਜ ਦੀ ਮਾਤਰਾ ਕਾਫ਼ੀ ਘੱਟ ਹੁੰਦੀ ਹੈ। ਇਸ ਲਈ ਇਨ੍ਹਾਂ ਦੇ ਪਾਚਨ ਵੇਲੇ ਪੈਨਕਰੀਆਜ਼ 'ਤੇ ਜ਼ੋਰ ਨਹੀਂ ਪੈਂਦਾ ਤੇ ਬਲੱਡ ਸ਼ੂਗਰ ਦਾ ਪੱਧਰ ਵੀ ਨਹੀਂ ਵਧਦਾ। ਭੋਜਨ ਪਦਾਰਥਾਂ 'ਚ ਮੌਜੂਦ ਰੇਸ਼ੇ ਖ਼ੂਨ 'ਚ ਮੌਜੂਦ ਮਾੜੇ ਕੋਲੈਸਟ੍ਰੋਲ ਦੇ ਪੱਧਰ ਨੂੰ ਘੱਟ ਕਰਦੇ ਹਨ। ਫਾਈਬਰ ਯੁਕਤ ਭੋਜਨ ਜਲਦੀ ਪਚਦਾ ਹੈ ਤੇ ਭੁੱਖ ਤ੍ਰਿਪਤ ਹੋ ਜਾਣ ਨਾਲ ਬਲੱਡ ਸ਼ੂਗਰ ਵੀ ਕਾਬੂ 'ਚ ਰਹਿੰਦੀ ਹੈ। ਨਿਊਟ੍ਰੀਸ਼ਨਲ ਖੋਜਾਂ ਅਨੁਸਾਰ ਲਗਪਗ 35-40 ਗ੍ਰਾਮ ਫਾਈਬਰ ਯੁਕਤ ਭੋਜਨ ਰੋਜ਼ਾਨਾ ਜ਼ਰੂਰ ਖਾਣਾ ਚਾਹੀਦਾ ਹੈ।

### ਰੇਸ਼ੇ ਦੋ ਤਰ੍ਹਾਂ ਦੇ ਹੁੰਦੇ ਹਨ

**1. ਘੁਲਣਸ਼ੀਲ ਰੇਸ਼ੇ**

ਜੌਂ, ਫਲੀਆਂ, ਆਲੂ, ਗੂੰਦ, ਈਸਬਗੋਲ ਦਾ ਛਿਲਕਾ, ਫਲਾਂ ਤੇ ਸਬਜ਼ੀਆਂ ਵਿਚ ਫਾਈਬਰ ਦੀ ਭਰਪੂਰ ਮਾਤਰਾ ਹੁੰਦੀ ਹੈ।

**2. ਅਘੁਲਣਸ਼ੀਲ ਰੇਸ਼ੇ**

ਮੇਥੀ, ਕਣਕ ਦਾ ਛਿਲਕਾ, ਅਨਾਜਾਂ ਦੀ ਉਪਰਲੀ ਪਰਤ, ਦਾਲਾਂ ਦਾ ਛਿਲਕਾ, ਹਰੀਆਂ ਪੱਤੇਦਾਰ ਸਬਜੀਆਂ, ਬਰੌਕਲੀ, ਪੱਤਾਗੋਭੀ ਤੇ ਪੁੰਗਰੀਆਂ ਹੋਈਆਂ ਦਾਲਾਂ ਅਜਿਹੇ ਰੇਸ਼ਿਆਂ ਦਾ ਮੁੱਖ ਸੋਮਾ ਹਨ।

### ਉਪਯੋਗੀ ਹਨ ਦੋਵੇਂ ਤਰ੍ਹਾਂ ਦੇ ਰੇਸ਼ੇ

ਘੁਲਣਸ਼ੀਲ ਰੇਸ਼ੇ ਆਪਣੇ ਅੰਦਰ ਪਾਣੀ ਸੋਖ ਕੇ ਚੀਕਣੇਪਨ 'ਚ ਵਾਧਾ ਕਰਦੇ ਹਨ। ਇਹ ਕਬਜ਼ ਨੂੰ ਰੋਕਦੇ ਹਨ। ਅਣਘੁਲਣਸ਼ੀਲ ਰੇਸ਼ੇ ਭੋਜਨ ਨੂੰ ਬਲਕੀ ਜਾਂ ਭਾਰਾ ਬਣਾਉਂਦੇ ਹਨ ਤੇ ਭੋਜਨ ਦੀ ਅੰਤੜੀਆਂ ਵਿਚ ਗਤੀ ਨੂੰ ਯਕੀਨੀ ਬਣਾਉਂਦੇ ਹਨ ਤੇ ਕਬਜ਼ ਨੂੰ ਰੋਕਦੇ ਹਨ। ਇਸ ਲਈ ਛਿਲਕੇ ਵਾਲੇ ਅਨਾਜ, ਅਣਦਲੀਆਂ ਦਾਲਾਂ, ਸਲਾਦ, ਕੱਚੀਆਂ ਸਬਜ਼ੀਆਂ ਨੂੰ ਖਾਣੇ 'ਚ ਜ਼ਰੂਰ ਸ਼ਾਮਲ ਕਰਨਾ ਚਾਹੀਦਾ ਹੈ। ਜਿਸ ਨਾਲ ਤੁਹਾਨੂੰ ਕਾਫ਼ੀ ਫ਼ਾਇਦਾ ਮਿਲੇਗਾ ਤੇ ਤੁਸੀਂ ਚੁਸਤ-ਦਰੁਸਤ ਮਹਿਸੂਸ ਕਰੋਗੇ।

### ਸ਼ੂਗਰ ਦਾ ਲੈਵਲ ਕੰਟਰੋਲ ਕਰਨ ਦੇ ਉਪਾਅ

*ਖੰਡ ਘੱਟ ਖਾਓ, ਚਾਹ ਵੀ ਫਿੱਕੀ ਪੀਓ। ਮਿਠਾਈਆਂ ਨਾ ਖਾਓ। ਰੋਟੀ ਛੋਟੀ ਅਰਥਾਤ ਘੱਟ ਵਜ਼ਨ ਦੀ ਖਾਓ। ਆਟੇ 'ਚ ਜੌਂ, ਸੋਇਆਬੀਨ, ਚਨੇ ਆਦਿ ਮਿਲਾ ਕੇ ਵਰਤ ਸਕਦੇ ਹੋ। ਸਾਰੇ ਅਨਾਜ ਛਿਲਕੇ ਸਮੇਤ ਵਰਤੋਂ। ਦਾਲਾਂ ਵੀ ਛਿਲਕੇ ਸਮੇਤ ਵਰਤੋਂ, ਪੁੰਗਰੀਆਂ ਦਾਲਾਂ ਦੀ ਵੀ ਵਰਤੋਂ ਕਰੋ। ਵੱਖ-ਵੱਖ ਰੰਗਾਂ ਦੀਆਂ ਸਬਜ਼ੀਆਂ ਤੇ ਪੱਤਿਆਂ ਦਾ ਸਲਾਦ ਖਾਓ। ਭੋਜਨ 'ਚ 35 ਤੋਂ 40 ਫ਼ੀਸਦੀ ਗ੍ਰਾਮ ਸਬਜ਼ੀਆਂ ਵਰਤੋਂ। ਨਿੰਬੂ ਪਾਣੀ ਦੀ ਵਰਤੋਂ ਵਧੇਰੇ ਕਰੋ। ਪੇਸਟਰੀਆਂ ਆਦਿ ਨਾ ਖਾਓ। ਭੋਜਨ ਦਾ ਸਮਾਂ ਤੇ ਮਾਤਰਾ ਨਿਸ਼ਚਿਤ ਕਰੋ। ਤਿੰਨ ਚਮਚ ਤੋਂ ਜ਼ਿਆਦਾ ਤੇਲ ਦੀ ਵਰਤੋਂ ਦਿਨ 'ਚ ਨਾ ਕਰੋ। ਘੱਟ ਤੋਂ ਘੱਟ 40 ਮਿੰਟ ਦੀ ਸੈਰ ਜਾਂ ਕਸਰਤ ਜ਼ਰੂਰ ਕਰੋ। ਆਪਣੇ ਮਨੋਰੰਜਨ ਲਈ ਸਮਾਂ ਜ਼ਰੂਰ ਕੱਢੋ।*

### ਖੰਡ ਦੇ ਰੂਪ 'ਚ ਕਾਰਬੋਹਾਈਡਰੇਟਸ

ਖੰਡ ਨੂੰ 'ਸਕਰੋਜ਼' ਕਿਹਾ ਜਾਂਦਾ ਹੈ ਜੋ ਗੁਲੂਕੋਜ਼ ਤੇ ਫਰੱਕਟੋਜ਼ ਦਾ ਮਿਸ਼ਰਣ ਹੈ। ਇਹ ਅਨਾਜ 'ਚ ਮਿਲ ਕੇ ਖ਼ੂਨ 'ਚ ਜਲਦੀ ਰਚ ਜਾਂਦਾ ਹੈ। ਇਸ ਲਈ ਜ਼ਰੂਰਤ ਪੈਣ 'ਤੇ ਡਾਕਟਰ ਗੁਲੂਕੋਜ਼ ਦੀ ਨੂੰ ਸਿੱਧਿਆਂ ਖ਼ੂਨ 'ਚ ਦਾਖ਼ਲ ਕਰਦੇ ਹਨ ਤਾਂ ਕਿ ਮਰੀਜ਼ ਨੂੰ ਊਰਜਾ ਮੁਹੱਈਆ ਕਰਵਾਈ ਜਾ ਸਕੇ ਅਤੇ ਉਹ ਛੇਤੀ ਸਿਹਤਯਾਬ ਹੋ ਸਕੇ।

### ਕਾਰਬੋਹਾਈਡਰੇਟਸ ਦਾ ਪਾਚਣ

ਇਸ ਦੀ ਪਾਚਣ ਪ੍ਰਕਿਰਿਆ ਮੂੰਹ ਦੀ ਲਾਰ ਦੁਆਰਾ ਹੀ ਸ਼ੁਰੂ ਹੋ ਜਾਂਦੀ ਹੈ। ਲਾਰ ਭੋਜਨ ਵਿਚਲੇ ਸਟਾਰਜ ਨੂੰ ਕੁਝ ਹੱਦ ਤਕ ਕੰਪਲੈਕਸ ਸ਼ੂਗਰ ਤੋਂ ਸਿਪਲ ਸ਼ੂਗਰ 'ਚ ਬਦਲ ਦਿੰਦੀ ਹੈ। ਲਾਰ ਦੁਆਰਾ ਭੋਜਨ ਦੀ ਸਟਾਰਜ ਦਾ ਕੁੱਝ ਹਿੱਸਾ ਮਾਲਟੋਜ਼ 'ਚ ਬਦਲ ਜਾਂਦਾ ਹੈ। ਇਹ ਭੋਜਨ ਨਾਲੀ 'ਚੋਂ ਹੁੰਦਾ ਹੋਇਆ ਮਿਹਦੇ 'ਚ ਪਹੁੰਚਦਾ ਹੈ। ਇਸ ਦਾ ਮਾਦਾ ਤੇਜ਼ਾਬੀ ਹੁੰਦਾ ਹੈ। ਜਿਵੇਂ ਹੀ ਭੋਜਨ ਡਿਊਡਨਮ 'ਚ ਪਹੁੰਚਦਾ ਹੈ ਤਾਂ ਪੈਨਕੀਰੀਆਜ਼ ਗ੍ਰੰਥੀ ਪੈਨਕ੍ਰੀਆਟਿਕ ਜੂਸ ਭੇਜਦੀ ਹੈ, ਜਿਸ ਵਿਚਲਾ ਏਮਾਈਲੇਜ਼ ਐਂਜਾਈਮ ਕਾਰਬੋਹਾਈਡ੍ਰੇਟਸ ਨੂੰ ਮਾਲਟੋਜ਼ ਨਾਂ ਦੀ ਸ਼ੂਗਰ 'ਚ ਬਦਲ ਦਿੰਦੀ ਹੈ। ਛੋਟੀ ਆਂਦਰ 'ਚ ਭੋਜਨ ਦਾ ਮਾਲਟੋਜ਼ 'ਚ ਬਦਲ ਜਾਂਦਾ ਹੈ। ਪਾਚਣ ਪ੍ਰਕਿਰਿਆ ਪੂਰੀ ਹੋਣ 'ਤੇ ਸੋਖਣ ਦੀ ਕਿਰਿਆ ਦੁਆਰਾ ਗੁਲੂਕੋਜ਼ ਖ਼ੂਨ 'ਚ ਰਲ ਜਾਂਦਾ ਹੈ। ਕਾਰਬੋਹਾਈਡਰੇਟ ਦੀ ਇਕ ਗ੍ਰਾਮ ਮਾਤਰਾ ਤੋਂ 4 ਕਿੱਲੋ-ਕੈਲੋਰੀ ਊਰਜਾ ਮਿਲਦੀ ਹੈ ਪਰ ਇਹ ਊਰਜਾ ਉਦੋਂ ਪ੍ਰਾਪਤ ਹੁੰਦੀ ਹੈ, ਜਦੋਂ ਕਾਰਬੋਹਾਈਡਰੇਟਸ ਆਕਸੀਜਨ ਨਾਲ ਮਿਲ ਕੇ (ਆਕਸੀਡੇਸ਼ਨ ਪ੍ਰਕਿਰਿਆ) ਦੁਆਰਾ ਗੁਲੂਕੋਜ਼ ਤੇ ਫਰੱਕਟੋਜ਼ ਆਕਸੀਜਨ ਨਾਲ ਬਲ ਕੇ ਊਰਜਾ, ਪਾਣੀ ਤੇ ਕਾਰਬਨ-ਡਾਈਆਕਸਾਈਡ ਬਣਾਉਂਦੇ ਹਨ। ਕਾਰਬਨ-ਡਾਈਕਸਾਈਡ ਦਿਲ ਵਿੱਚੋਂ ਦੀ ਦੌਰਾ ਕਰਦੀ ਹੋਈ ਖ਼ੂਨ ਰਾਹੀ ਫ਼ੇਫੜਿਆਂ 'ਚ ਜਾ ਕੇ ਸਾਹ ਨਾਲੀ ਰਾਹੀਂ ਬਾਹਰ ਕੱਢ ਦਿੱਤੀ ਜਾਂਦੀ ਹੈ। ਬਣੀ ਹੋਈ ਇਹ ਊਰਜਾ ਸਰੀਰ ਦੇ ਕੰਮਾਂ-ਅੰਦਰੂਨੀ ਕਿਰਿਆਵਾਂ, ਕੰਮ-ਕਸਰਤ ਸਰੀਰ ਦੀ ਵਿਧੀ, ਟੁੱਟੇ ਸੈੱਲਾਂ ਦੀ ਮੁਰੰਮਤ, ਜਣਨ ਕਿਰਿਆ ਤੇ ਸਰੀਰ ਦੇ ਰੋਗਾਂ ਨੂੰ ਸਹਿਣ ਦੀ ਸਮਰਥਾ 'ਚ ਵਾਧਾ ਕਰਦੀ ਹੈ।

ਕਾਰਬੋਹਾਈਡਰੇਟਸ ਐਂਜਾਈਮਜ਼ ਦੀ ਸਹਾਇਤਾ ਨਾਲ- ਗੁਲੂਕੋਜ਼-ਫਰੱਕਟੋਜ਼ ਐਨਾਬੋਲਿਜ਼ਮ ਗੁਲੂਕੋਜ਼+ਫਰੱਕਟੋਜ਼+ਆਕਸੀਜਨ-ਕੈਟਾਬੋਲਿਜ਼ਮ-ਊਰਜਾ+ਪਾਣੀ+ਕਾਰਬਨ-ਡਾਈਆਕਸਾਈਡ ਸੋਖਣ ਕਿਰਿਆ ਦੁਆਰਾ ਖ਼ੂਨ 'ਚ ਰਲਿਆ ਸਾਰਾ ਗੁਲੂਕੋਜ ਸਰੀਰਿਕ ਕਿਰਿਆਵਾਂ ਦੁਆਰਾ ਵਰਤਿਆ ਨਹੀਂ ਜਾਂਦਾ ਤਾਂ ਬਚਿਆ ਹੋਇਆ ਗੁਲੂਕੋਜ਼, ਪੈਨਕਰੀਆਜ਼ (ਤਿੱਲੀ) ਨਾਂ ਦੀ ਗ੍ਰੰਥੀ ਤੋਂ ਉਤਪਨ ਹੋਏ ਇਨਸੁਲਿਨ ਹਾਰਮੋਨ ਦੁਆਰਾ ਲਿਵਰ 'ਚ ਗਲਾਈਕੋਜਨ ਦੇ ਰੂਪ 'ਚ ਜਮ੍ਹਾਂ ਕਰ ਲਿਆ ਜਾਂਦਾ ਹੈ। ਲੋੜ ਪੈਣ 'ਤੇ ਪੈਨਕਰੀਆਜ਼ ਦੇ ਹੀ ਸੈੱਲ-ਐਲਫਾ-ਸੈੱਲ ਗਲਾਈਕੋਜਨ ਨੂੰ ਮੁੜ ਗੁਲੂਕੋਜ਼ 'ਚ ਬਦਲ ਦਿੰਦੇ ਹਨ।

### ਪੈਨਕਰੀਆਜ਼ : ਇਕ ਚਮਤਕਾਰੀ ਗ੍ਰੰਥੀ

ਪੈਨਕਰੀਆਜ਼ ਮਿਹਦੇ ਦੇ ਥੱਲੇ ਹਲਕੇ ਪੀਲੇ ਰੰਗ ਦੀ ਗ੍ਰੰਥੀ ਹੈ, ਜੋ ਛੋਟੇ-ਛੋਟੇ ਲੋਬਜ਼ ਤੋਂ ਮਿਲ ਕੇ ਬਣੀ ਹੁੰਦੀ ਹੈ ਜਿਨਾਂ ਨੂੰ ਆਈਸਲੈਟਸ ਆਫ-ਲੈਂਗਰਹੈਂਸ ਕਿਹਾ ਜਾਂਦਾ ਹੈ। ਇਸ ਗ੍ਰੰਥੀ ਦਾ ਅੰਦਰੂਨੀ ਭਾਗ ਦੋ ਤਰ੍ਹਾਂ ਦੇ ਹਾਰਮੋਨ ਬਣਾਉਂਦਾ ਹੈ-ਇਨਸੁਲਿਨ ਅਤੇ ਗੁਲਾਈਕੋਜਿਨ।

ਇਨਸੂਲਿਤ ਬੀਟਾ ਸੈਲਾਂ ਦੁਆਰਾ ਬਣਦਾ ਹੈ ਤੇ ਖ਼ੂਨ ਦੇ ਸ਼ੂਗਰ ਲੈਵਲ ਨੂੰ ਘਟਾਉਣ 'ਚ ਸਹਾਇਤਾ ਕਰਦਾ ਹੈ। ਕਿਸੇ ਕਾਰਨ-ਪੈਨਕਰੀਆਜ ਦੇ ਸੈੱਲ ਜੇ ਇਨਸੂਲਿਨ ਘੱਟ ਮਾਤਰਾ 'ਚ ਬਣਾਉਣ ਲੱਗ ਪੈਣ ਤਾਂ ਬਚਿਆਂ ਵਿਚ ਗੁਲੂਕੋਜ਼ ਗਲਾਈਕੋਜਿਨ 'ਚ ਨਹੀਂ ਬਦਲਦਾ ਤਾਂ ਇਹ ਗੁਲੂਕੋਜ ਖ਼ੂਨ 'ਚ ਹੀ ਰਹਿੰਦਾ ਹੈ ਅਤੇ ਫਿਰ ਗੁਰਦਿਆਂ ਵਿੱਚੋਂ ਦੀ ਲੰਘ ਕੇ ਪਿਸ਼ਾਬ ਜ਼ਰੀਏ ਖਾਰਜ ਹੁੰਦਾ ਹੈ। ਇਸ ਅਵਸਥਾ ਨੂੰ ਸ਼ੂਗਰ ਰੋਗ ਕਿਹਾ ਜਾਂਦਾ ਹੈ। ਇਸ ਤਰ੍ਹਾਂ ਦੀ ਅਵਸਥਾ 'ਚ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ ਤੇ ਡਾਇਟ 'ਚ ਕਾਰਬੋਹਾਈਡਰੇਟਸ ਦੀ ਮਾਤਰਾ ਕੁੱਝ ਘਟਾ ਕੇ ਸ਼ੂਗਰ ਲੈਵਲ ਨੂੰ ਕੰਟਰੋਲ ਕਰਨਾ ਜ਼ਰੂਰੀ ਹੁੰਦਾ ਹੈ। ਕਾਰਬੋਹਾਈਡਰੇਟ ਨੂੰ ਰੇਸ਼ਿਆ ਦੀ ਮਾਤਰਾ ਵਧਾ ਕੇ ਖੰਡ ਬੰਦ ਕਰ ਕੇ ਤੇ ਘੱਟ ਮਿੱਠੇ ਫਲ ਖਾਣ ਨਾਲ ਤੇ ਸੈਰ, ਕਸਰਤ, ਕੰਮ ਕਰ ਕੇ ਬਲੱਡ ਲੈਵਲ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ। ਨਾਲ ਹੀ ਡਾਕਟਰ ਦੀ ਸਲਾਹ ਦੀ ਲੋੜ ਹੈ। ਸੈਰ ਤੇ ਕਸਰਤ ਨਾਲ ਖ਼ੂਨ ਦਾ ਗੁਲੂਕੋਜ ਊਰਜਾ 'ਚ ਬਦਲ ਕੇ ਵਰਤ ਲਿਆ ਜਾਂਦਾ ਹੈ। ਇਸ ਲਈ ਵਾਧੂ ਗੁਲੂਕੋਜ ਖ਼ੂਨ 'ਚ ਨਹੀਂ ਬਣਦਾ ਇਸ ਲਈ ਘੱਟ ਇਨਸੂਲਿਨ ਨਾਲ ਹੀ ਬਲੱਡ ਸ਼ੂਗਰ ਲੈਵਲ ਕੰਟਰੋਲ 'ਚ ਰਹਿੰਦਾ ਹੈ। ਭੋਜਨ ਦਾ ਸਮਾਂ ਤੇ ਮਾਤਰਾ ਨਿਸ਼ਚਿਤ ਕਰ ਲੈਣੇ ਚਾਹੀਦੇ ਹਨ।

### 50 ਸਾਲ ਦੀ ਉਮਰ

ਇਸ ਉਮਰ ਤੋਂ ਬਾਅਦ ਭੋਜਨ 'ਚ 10 ਫ਼ੀਸਦੀ ਕਾਰਬੋਹਾਈਡਰੇਟਸ ਦੀ ਮਾਤਰਾ ਘਟਾ ਹੀ ਦੇਣੀ ਚਾਹੀਦੀ ਹੈ। ਇਸ ਦੀ ਜ਼ਿਆਦਾ ਨਹੀਂ ਘਟਾਉਣੀ ਚਾਹੀਦੀ ਕਿਉਂਕਿ ਕੇਂਦਰੀ ਨਾੜੀ ਪ੍ਰਣਾਲੀ ਨੂੰ ਊਰਜਾ ਕਾਰਬੋਹਾਈਡਰੇਟਸ ਤੋਂ ਹੀ ਪ੍ਰਾਪਤ ਹੁੰਦੀ ਹੈ। ਦਿਮਾਗ਼ ਤੋਂ ਉਤਪੰਨ ਹਾਰਮੋਨ ਸਰੀਰ ਦੀਆਂ ਕਿਰਿਆਵਾਂ ਨੂੰ ਕਾਬੂ 'ਚ ਰੱਖਦੇ ਹਨ। ਕਾਰਬੋਹਾਈਡਰੇਟਸ ਦੀ ਘਾਟ ਕਾਰਨ ਦਿਮਾਗ਼ ਤੋਂ ਸਹੀ ਮਾਤਰਾ 'ਚ ਹਾਰਮੋਨ ਪੈਦਾ ਨਾ ਹੋਣ ਤੇ ਸਰੀਰ ਮਿਥਿਲ ਹੋ ਸਕਦਾ ਹੈ। ਮਾਸਪੇਸ਼ੀਆਂ ਕਮਜ਼ੋਰ ਹੋ ਸਕਦੀਆਂ ਹਨ। ਪਾਣੀ ਤੇ ਸੋਡੀਅਮ ਦੀ ਘਾਟ ਹੋ ਸਕਦੀ ਹੈ। ਜਿਸ ਨਾਲ ਰੋਗਾਂ ਨਾਲ ਲੜਨ ਦੀ ਸਮਰਥਾ ਖ਼ਤਮ ਹੋ ਸਕਦੀ ਹੈ। ਇਸ ਲਈ ਭੋਜਨ 'ਚ ਕਾਰਬੋਹਾਈਡਰੇਟਸ ਦੀ ਮਾਤਰਾ ਘਟਾ ਕੇ ਬਲੱਡ ਸ਼ੂਗਰ ਲੈਵਲ ਕੰਟਰੋਲ ਕਰਨਾ ਚਾਹੀਦਾ ਹੈ। ਕਾਰਬੋਹਾਈਡਰੇਟਸ ਹਟਾ ਕੇ ਨਹੀਂ। •

# ਭੋਜਨ 'ਚ ਸ਼ਾਮਲ ਕਰੋ ਇਸ ਤਰ੍ਹਾਂ ਦਾ ਅਨਾਜ

ਸਾਡੇ ਭੋਜਨ ਦਾ ਸਭ ਤੋਂ ਮਹੱਤਵਪੂਰਨ ਹਿੱਸਾ ਹੈ-ਅਨਾਜ, ਪਰ ਕਿਹੜਾ ਅਨਾਜ ਕਿੰਨਾ ਫ਼ਾਇਦੇਮੰਦ ਹੈ, ਇਸ ਬਾਰੇ ਬਹੁਤ ਘੱਟ ਲੋਕਾਂ ਨੂੰ ਜਾਣਕਾਰੀ ਹੁੰਦੀ ਹੈ। ਆਓ, ਜਾਣਦੇ ਹਾਂ ਕਿ ਕਿਸ ਪਦਾਰਥ ਵਿਚ ਕਿਹੜੇ ਤੱਤ ਹੁੰਦੇ ਹਨ।

### ਚਾਵਲ

ਚਾਵਲ ਜਿੰਨੇ ਪੁਰਾਣੇ ਹੋਣ, ਓਨੇ ਸੁਆਦ ਹੁੰਦੇ ਹਨ, ਜੋ ਸਿਹਤ ਲਈ ਲਾਭਕਾਰੀ ਹਨ। ਜੇ ਰਾਤ ਦੇ ਖਾਣੇ 'ਚ ਰੋਟੀ ਘੱਟ ਖਾਧੀ ਜਾਵੇ ਅਤੇ ਚਾਵਲਾਂ ਦਾ ਵੀ ਪ੍ਰਯੋਗ ਕੀਤਾ ਜਾਵੇ ਤਾਂ ਇਹ ਸਾਡੀ ਸਿਹਤ ਲਈ ਫ਼ਾਇਦੇਮੰਦ ਸਿੱਧ ਹੁੰਦਾ ਹੈ। ਚਾਵਲ ਵਿਚ ਕੈਲਸ਼ੀਅਮ ਤੱਤ ਭਰਪੂਰ ਮਾਤਰਾ ਵਿਚ ਹੋਣ ਕਾਰਨ ਇਹ ਹੱਡੀਆਂ ਨੂੰ ਮਜ਼ਬੂਤ ਰੱਖਦਾ ਹੈ ਅਤੇ ਦੰਦਾਂ ਸਬੰਧੀ ਸਮੱਸਿਆਵਾਂ ਤੋਂ ਵੀ ਬਚਾਅ ਕਰਦਾ ਹੈ। ਇਸ ਤੋਂ ਇਲਾਵਾ ਚਾਵਲਾਂ ਵਿਚ ਪ੍ਰੋਟੀਨ, ਵਿਟਾਮਿਨ ਤੇ ਖਣਿਜ ਪਦਾਰਥ ਭਰਪੂਰ ਮਾਤਰਾ ਵਿਚ ਹੁੰਦੇ ਹਨ। ਜਦ ਬੱਚਾਂ ਛੇ ਮਹੀਨੇ ਦਾ ਹੋ ਜਾਵੇ ਤਾਂ ਉਸ ਨੂੰ ਚਾਵਲਾਂ ਦੀ ਪਿੱਛ ਜ਼ਰੂਰ ਪਿਆਉਣੀ ਚਾਹੀਦੀ ਹੈ। ਇਸ ਨਾਲ ਬੱਚਿਆਂ ਨੂੰ ਦੰਦੀਆਂ ਕੱਢਣ ਵਿਚ ਜ਼ਿਆਦਾ ਪਰੇਸ਼ਾਨੀਆਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

### ਜੌਂ

ਇਸ 'ਚ ਭਰਪੂਰ ਮਾਤਰਾ 'ਚ ਫਾਈਬਰ ਹੁੰਦਾ ਹੈ, ਜਿਸ ਨਾਲ ਕੋਲੈਸਟ੍ਰੋਲ ਘਟਦਾ ਹੈ। ਇਸ ਦੀ ਤਾਸੀਰ ਠੰਢੀ ਹੁੰਦੀ ਹੈ। ਇਸ ਨਾਲ ਸ਼ੂਗਰ ਵੀ ਨਹੀਂ ਵਧਦੀ। ਸਰੀਰ 'ਚ ਚਰਬੀ ਵਧਣ 'ਤੇ ਕਣਕ ਜਾਂ ਚਾਵਲ ਛੱਡ ਕੇ ਜੌਂ ਦੀ ਰੋਟੀ ਖਾਓ। ਜੌਂ ਦਾ ਪਾਣੀ ਪੀਣ ਨਾਲ ਪੱਥਰੀ ਦਾ ਰੋਗ ਵੀ ਦੂਰ ਹੁੰਦਾ ਹੈ।

### ਮੂੰਗੀ

ਇਸ 'ਚ ਕੈਲਸ਼ੀਅਮ, ਆਇਰਨ ਅਤੇ ਪ੍ਰੋਟੀਨ ਭਰਪੂਰ ਮਾਤਰਾ ਵਿਚ ਹੁੰਦੇ ਹਨ, ਜੋ ਸਿਹਤ ਲਈ ਲਾਭਕਾਰੀ ਹਨ। ਇਸ ਨਾਲ ਅਨੇਕਾਂ ਪ੍ਰਕਾਰ ਦੀਆਂ ਬਿਮਾਰੀਆਂ ਦੂਰ ਹੁੰਦੀਆਂ ਹਨ। ਮੂੰਗੀ ਦੀ ਦਾਲ ਨੂੰ ਪੇਟ ਸਬੰਧੀ ਤਕਲੀਫ਼ਾ ਅਤੇ ਬੁਖ਼ਾਰ ਆਦਿ ਹੋਣ 'ਤੇ ਖਾਣ ਦੀ ਅਕਸਰ ਡਾਕਟਰਾਂ ਵੱਲੋਂ ਸਿਫਾਰਿਸ਼ ਕੀਤੀ ਜਾਂਦੀ ਹੈ। •

**ਭਾਰ ਘਟਾਉਣ ਦੇ ਚੱਕਰ 'ਚ ਕਈ ਵਾਰ ਔਰਤਾਂ ਭੋਜਨ ਸਬੰਧੀ ਲਾਪ੍ਰਵਾਹੀ ਕਾਰਨ ਮੋਟਾਪਾ, ਅਨੀਮਿਆ, ਕੈਲਸ਼ੀਅਮ ਦੀ ਕਮੀ, ਖ਼ੂਨ ਦੀ ਕਮੀ (ਅਨੀਮੀਆ) ਤੇ ਹੋਰ ਭਿਆਨਕ ਬਿਮਾਰੀਆਂ ਦੀਆਂ ਸ਼ਿਕਾਰ ਹੋ ਜਾਂਦੀਆਂ ਹਨ...**

# ਖਾਣ-ਪੀਣ ਦਾ ਰੱਖੋ ਖ਼ਾਸ ਖ਼ਿਆਲ

ਘਰ 'ਚ ਬੱਚਿਆਂ ਤੋਂ ਲੈ ਕੇ ਵੱਡਿਆਂ ਦਾ ਖ਼ਿਆਲ ਰੱਖਣ ਵਾਲੀਆਂ ਔਰਤਾਂ ਅਕਸਰ ਆਪਣੇ ਖਾਣ-ਪੀਣ ਸਬੰਧੀ ਹਮੇਸ਼ਾ ਲਾਪ੍ਰਵਾਹ ਹੋ ਜਾਂਦੀਆਂ ਹਨ। ਖਾਣ-ਪੀਣ ਸਬੰਧੀ ਇਸ ਤਰ੍ਹਾਂ ਦੀ ਲਾਪ੍ਰਵਾਹੀ ਉਨ੍ਹਾਂ ਲਈ ਕਈ ਤਰ੍ਹਾਂ ਦੀਆਂ ਸਰੀਰਕ ਸਮੱਸਿਆਵਾਂ ਪੈਦਾ ਕਰ ਸਕਦੀ ਹੈ। ਕਈ ਵਾਰ ਅਜਿਹੀਆਂ ਸਰੀਰਕ ਸਮੱਸਿਆਵਾਂ ਬਾਅਦ ਵਿਚ ਗੰਭੀਰ ਬਿਮਾਰੀਆਂ ਦਾ ਰੂਪ ਲੈ ਸਕਦੀਆਂ ਹਨ। ਭੋਜਨ ਸਬੰਧੀ ਲਾਪ੍ਰਵਾਹੀ ਕਾਰਨ ਔਰਤਾਂ ਮੋਟਾਪਾ, ਅਨੀਮਿਆ, ਕੈਲਸ਼ੀਅਮ ਦੀ ਕਮੀ, ਖ਼ੂਨ ਦੀ ਕਮੀ (ਅਨੀਮੀਆ) ਆਦਿ ਦੀਆਂ ਸ਼ਿਕਾਰ ਹੋ ਸਕਦੀਆਂ ਹਨ। ਜਿਸ ਤਰ੍ਹਾਂ ਔਰਤਾਂ ਪਰਿਵਾਰ ਦੇ ਬਾਕੀ ਮੈਂਬਰਾਂ ਦਾ ਧਿਆਨ ਰੱਖਦੀਆਂ ਹਨ, ਉਸੇ ਤਰ੍ਹਾਂ ਉਨ੍ਹਾਂ ਨੂੰ ਆਪਣੇ ਖਾਣ-ਪੀਣ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ।

### ਓਵਰ ਡਾਇਟਿੰਗ

ਜੇ ਤੁਹਾਨੂੰ ਡੀਹਾਈਡ੍ਰੇਸ਼ਨ ਜਾਂ ਪਾਣੀ ਦੀ ਘਾਟ ਰਹਿੰਦੀ ਹੈ ਤਾਂ ਸਰੀਰ ਨੂੰ ਇਲੈਕਟ੍ਰੋਲਾਈਟ ਬੈਲੇਂਸ ਨੂੰ ਰੱਖਣ 'ਚ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਪਾਣੀ ਦੀ ਘਾਟ ਦੀਆਂ ਸ਼ਿਕਾਰ ਔਰਤਾਂ ਨੂੰ ਲੋੜ ਤੋਂ ਜ਼ਿਆਦਾ ਕਸਰਤ ਨਹੀਂ ਕਰਨੀ ਚਾਹੀਦੀ। ਕੰਮਕਾਜ ਦੌਰਾਨ ਅਜਿਹੀ ਕਮੀ ਦੀਆਂ ਸ਼ਿਕਾਰ ਔਰਤਾਂ ਨੂੰ ਥੋੜ੍ਹੇ-ਥੋੜ੍ਹੇ ਸਮੇਂ ਬਾਅਦ ਪਾਣੀ, ਗੁਲੂਕੋਜ਼ ਜਾਂ ਸ਼ਿਕੰਜਵੀ ਆਦਿ ਦੀ ਵਰਤੋਂ ਕਰਦੇ ਰਹਿਣਾ ਚਾਹੀਦਾ ਹੈ ਅਤੇ ਦਿਨ ਵਿਚ ਥੋੜ੍ਹੇ-ਥੋੜ੍ਹੇ ਸਮੇਂ ਬਾਅਦ ਕੁਝ ਨਾ ਕੁਝ ਜ਼ਰੂਰ ਖਾਣਾ ਚਾਹੀਦਾ ਹੈ। ਜੇ ਤੁਹਾਨੂੰ ਬਹੁਤ ਥਕਾਵਟ ਮਹਿਸੂਸ ਹੁੰਦੀ ਹੈ ਜਾਂ ਨੀਂਦ ਨਹੀਂ ਆਉਂਦੀ ਤਾਂ ਸਮਝੋ ਕਿ ਇਹ ਕਮਜ਼ੋਰੀ ਦੀ ਨਿਸ਼ਾਨੀ ਹੈ।

### ਨਾਸ਼ਤਾ ਜ਼ਰੂਰ ਕਰੋ

ਨਾਸ਼ਤਾ ਨਾ ਕਰਨ ਵਾਲੀਆਂ ਔਰਤਾਂ ਦਾ ਭਾਰ ਵਧਣਾ ਸ਼ੁਰੂ ਹੋ ਜਾਂਦਾ ਹੈ। ਨਾਸ਼ਤਾ ਨਾ ਕਰਨ ਵਾਲੀਆਂ ਔਰਤਾਂ ਦੇ ਮਨ 'ਚ ਇਹ ਭੁਲੇਖਾ ਹੁੰਦਾ ਹੈ ਕਿ ਜੇ ਉਹ ਇਕ ਜਾਂ ਦੋ ਸਮੇਂ ਦਾ ਖਾਣਾ ਛੱਡ ਦੇਣ ਤਾਂ ਉਸ ਨਾਲ ਉਨ੍ਹਾਂ ਦਾ ਭਾਰ ਘਟ ਜਾਵੇਗਾ ਪਰ ਅਸਲ 'ਚ ਅਜਿਹਾ ਨਹੀਂ ਹੁੰਦਾ ਉਨ੍ਹਾਂ ਦਾ ਭਾਰ ਹੋਰ ਜ਼ਿਆਦਾ ਵਧਣਾ ਸ਼ੁਰੂ ਹੋ ਜਾਂਦਾ ਹੈ ਤੇ ਇਸ ਦੇ ਨਾਲ ਹੀ ਤੇਜ਼ਾਬੀ ਮਾਦੇ 'ਚ ਵਾਧੇ ਅਤੇ ਕਮਜ਼ੋਰੀ ਵਰਗੀਆਂ ਅਲਾਮਤਾਂ ਵੀ ਪੈਦਾ ਹੋ ਸਕਦੀਆਂ ਹਨ।

### ਸ਼ੂਗਰ ਦਾ ਵਧਣਾ

ਜੂਸ ਦਾ ਸੇਵਨ ਕਰਨਾ ਵਧੀਆ ਹੋ ਸਕਦਾ ਹੈ ਪਰ ਸੱਚਾਈ ਇਹ ਹੈ ਕਿ ਫਲਾਂ ਦਾ ਰਸ ਓਨਾ ਵਧੀਆ ਨਹੀਂ ਹੁੰਦਾ ਜਿੰਨਾਂ ਤੁਸੀਂ ਸਮਝਦੇ ਹੋ ਕਿਉਂਕਿ ਜੂਸ ਵਿਚ ਅਕਸਰ ਖੰਡ ਦਾ ਘੋਲ ਅਤੇ ਹੋਰ ਪ੍ਰੀਜ਼ਰਵੇਟਿਵਜ਼ ਮਿਲਾਏ ਜਾਂਦੇ ਹਨ। ਇਸ ਤੋਂ ਇਲਾਵਾ ਜੂਸ ਕੱਢਣ ਨਾਲ ਫਲਾਂ 'ਚ ਮੌਜੂਦ ਫਾਈਬਰ ਵੀ ਨਸ਼ਟ ਹੋ ਜਾਂਦਾ ਹੈ। ਡੱਬਾਬੰਦ ਜੂਸ ਵਿਚ ਮਿਲਾਏ ਗਏ ਰਸਾਇਣਕ ਤੱਤ ਜੂਸ ਨੂੰ ਖ਼ਰਾਬ ਹੋਣ ਤੋਂ ਤਾਂ ਬਚਾਉਂਦੇ ਹਨ ਪਰ ਮਨੁੱਖੀ ਸਿਹਤ ਉੱਪਰ ਮਾੜਾ ਅਸਰ ਪਾਉਂਦੇ ਹਨ। ਇਸ ਤੋਂ ਇਲਾਵਾ ਜਿਨ੍ਹਾਂ ਔਰਤਾਂ ਨੂੰ ਸ਼ੂਗਰ ਰੋਗ ਹੁੰਦਾ ਹੈ, ਉਨ੍ਹਾਂ ਨੂੰ ਉਨ੍ਹਾਂ ਫਲਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਜਿਨ੍ਹਾਂ ਵਿਚ ਮਿਠਾਸ ਘੱਟ ਹੋਵੇ।

### ਕੈਲਸ਼ੀਅਮ ਦੀ ਕਮੀ

ਔਰਤਾਂ 'ਚ ਕੈਲਸ਼ੀਅਮ ਦੀ ਘਾਟ ਸਭ ਤੋਂ ਜ਼ਿਆਦਾ ਪਾਈ ਜਾਂਦੀ ਹੈ। ਇਸ ਦਾ ਕਾਰਨ ਉਨ੍ਹਾਂ ਦੀ ਲਾਪ੍ਰਵਾਹੀ ਹੀ ਹੋ ਸਕਦੀ ਹੈ, ਜਿਸ ਕਾਰਨ ਹੱਡੀਆਂ ਦਾ ਕਮਜ਼ੋਰ ਹੋ ਜਾਣਾ ਤੇ ਹੋਰ ਸਰੀਰਕ ਤਕਲੀਫ਼ਾਂ ਪੈਦਾ ਹੋ ਸਕਦੀਆਂ ਹਨ। ਕੈਲਸ਼ੀਅਮ ਦੀ ਘਾਟ ਨੂੰ ਦੂਰ ਕਰਨ ਲਈ ਔਰਤਾਂ ਨੂੰ ਦੁੱਧ, ਆਂਡੇ ਦੀ ਸਫ਼ੈਦੀ, ਚਾਵਲ, ਪੱਤਾ ਗੋਭੀ, ਪਨੀਰ, ਦਹੀ, ਸੋਇਆਬੀਨ ਅਤੇ ਹਰੀਆਂ ਸਬਜ਼ੀਆਂ ਆਪਣੇ ਭੋਜਨ ਵਿਚ ਜ਼ਰੂਰ ਸ਼ਾਮਲ ਕਰਨਾ ਚਾਹੀਦਾ ਹੈ।

### ਆਇਰਨ ਦੀ ਕਮੀ

ਕੈਲਸ਼ੀਅਮ ਤੋਂ ਬਾਅਦ ਔਰਤਾਂ ਵਿਚ ਸਭ ਤੋਂ ਵੱਧ ਆਇਰਨ ਦੀ ਕਮੀ ਹੋਣ ਦੀ ਸੰਭਾਵਨਾ ਹੁੰਦੀ ਹੈ। ਇਸ ਨਾਲ ਉਹ ਅਨੀਮੀਆ ਦੀਆਂ ਸ਼ਿਕਾਰ ਹੋ ਸਕਦੀਆਂ ਹਨ। ਇਸ ਲਈ ਔਰਤਾਂ ਨੂੰ ਆਪਣੇ ਭੋਜਨ ਵਿਚ ਆਇਰਨ ਤੱਤ ਵਾਲੇ ਪਦਾਰਥਾਂ ਨੂੰ ਜ਼ਰੂਰ ਸ਼ਾਮਲ ਕਰਨਾ ਚਾਹੀਦਾ ਹੈ। ਇਸ ਦੇ ਲਈ ਉਹ ਪਾਲਕ ਦੀ ਵਰਤੋਂ ਕਰ ਸਕਦੀਆਂ ਹਨ। ਪਾਲਕ ਵਿਚ ਵਿਟਾਮਿਨ ਤੇ ਆਇਰਨ ਤੱਤ ਮੌਜੂਦ ਹੁੰਦਾ ਹੈ। ਅਜਿਹੇ ਭੋਜਨ ਪਦਾਰਥ ਸਰੀਰ ਨੂੰ ਊਰਜਾ ਵੀ ਦਿੰਦੇ ਹਨ।





## ਫਲਾਂ ਤੇ ਸਬਜ਼ੀਆਂ ਦੇ ਭਰਪੂਰ ਫ਼ਾਇਦੇ

ਫਲ ਤੇ ਸਬਜ਼ੀਆਂ ਖਾਣਾ ਸਿਹਤ ਲਈ ਵਧੀਆ ਮੰਨਿਆ ਜਾਂਦਾ ਹੈ। ਸਰੀਰ ਨੂੰ ਠੀਕ ਰੱਖਣ ਲਈ ਡਾਕਟਰ ਵੀ ਕਹਿੰਦੇ ਹਨ ਕਿ ਹਰੀਆਂ ਸਬਜ਼ੀਆਂ ਤੇ ਫਲਾਂ ਦਾ ਸੇਵਨ ਕਰਨਾ ਚਾਹੀਦਾ ਹੈ। ਹਰੀਆਂ ਸਬਜ਼ੀਆਂ ਨੂੰ ਆਪਣੀ ਡਾਇਟ 'ਚ ਸਲਾਦ ਦੇ ਰੂਪ 'ਚ ਸ਼ਾਮਲ ਕਰਨਾ ਚਾਹੀਦਾ ਹੈ।

### ਕੇਲਾ

ਹਰ ਕੋਈ ਕੇਲਾ ਖਾਣਾ ਪਸੰਦ ਕਰਦਾ ਹੈ। ਇਸ ਨਾਲ ਦਿਲ, ਬਲੱਡ ਪ੍ਰੈਸ਼ਨ ਕੰਟ੍ਰੋਲ, ਹੱਡੀਆਂ ਮਜ਼ਬੂਤ ਹੁੰਦੀਆਂ ਹਨ।

### ਸੇਬ

ਸੇਬ ਖਾਣ ਨਾਲ ਕਬਜ਼ ਤੋਂ ਰਾਹਤ ਮਿਲਦੀ ਹੈ ਤੇ ਇਸ ਨਾਲ ਫੇਫੜਿਆਂ ਦੀ ਸ਼ਕਤੀ 'ਚ ਮਜ਼ਬੂਤੀ ਆਉਂਦੀ ਹੈ।

### ਸੰਤਰਾ

ਸੰਤਰੇ ਵਿਚਲੇ 'ਵਿਟਾਮਿਨ ਸੀ' ਨਾਲ ਸਰੀਰ ਤੰਦਰੁਸਤ ਤੇ ਕੈਂਸਰ ਦਾ ਖ਼ਤਰਾ ਘੱਟਦਾ ਹੈ।

### ਗਾਜਰ

ਗਾਜਰ ਖਾਣ ਨਾਲ ਮੋਟਾਪਾ ਘੱਟ ਹੁੰਦਾ ਹੈ ਤੇ ਇਸ ਦਾ ਸੇਵਨ ਕਰਨ ਨਾਲ ਕਬਜ਼ ਤੋਂ ਰਾਹਤ ਮਿਲਦੀ ਹੈ। ਜੇ ਕਿਸੇ ਦੀਆਂ ਅੱਖਾਂ ਦੀ ਸ਼ਕਤੀ ਘੱਟ ਹੋਵੇ ਤਾਂ ਡਾਕਟਰ ਜ਼ਿਆਦਾ ਗਾਜਰਾਂ ਖਾਣ ਦੀ ਸਲਾਹ ਦਿੰਦੇ ਹਨ। ਗਾਜਰ ਖਾਣ ਨਾਲ ਸਰੀਰ ਵਿਚਲੇ ਖ਼ੂਨ ਦੀ ਕਮੀ ਵੀ ਪੂਰੀ ਹੁੰਦੀ ਹੈ। ਇਸ ਲਈ ਵੱਧ ਤੋਂ ਵੱਧ ਗਾਜਰ ਖਾਣੀ ਚਾਹੀਦੀ ਹੈ।

### ਅੰਗੂਰ

ਅੰਗੂਰ ਖਾਣ ਨਾਲ ਕਈ ਤਰ੍ਹਾਂ ਦੇ ਲਾਭ ਮਿਲਦੇ ਹਨ ਜਿਵੇਂ ਖ਼ੂਨ ਦਾ ਦੌਰਾ ਵਧੀਆ ਹੋਣਾ, ਕੈਂਸਰ ਤੋਂ ਛੁਟਕਾਰਾ, ਅੱਖਾਂ ਦੇ ਲਈ ਲਾਭਕਾਰੀ।

### ਸਲਾਦ

ਸਲਾਦ ਨੂੰ ਆਪਣੀ ਡਾਇਟ 'ਚ ਜ਼ਰੂਰ ਸ਼ਾਮਲ ਕਰੋ। ਇਹ ਸਿਹਤ ਦੇ ਲਈ ਬਹੁਤ ਹੀ ਫ਼ਾਇਦੇਮੰਦ ਹੈ। ਖਾਣਾ ਖਾਣ ਤੋਂ ਪਹਿਲਾਂ ਜੇ ਸਲਾਦ ਲਿਆ ਜਾਵੇ ਤਾਂ ਇਹ ਭੋਜਨ ਨੂੰ ਚੰਗੀ ਤਰ੍ਹਾਂ ਪਚਾਉਣ 'ਚ ਮਦਦ ਕਰਦੀ ਹੈ।

• ਫ਼ੀਚਰ ਡੈਸਕ

# ਸਿਹਤ ਦਾ ਦੁਸ਼ਮਣ - ਨਸ਼ਾ



ਨਸ਼ਾ ਕਰਨਾ ਨੌਜਵਾਨਾਂ 'ਚ ਸਟਾਈਲ ਜਾਂ ਫੈਸ਼ਨ ਬਣ ਗਿਆ ਹੈ। ਕਦ ਨੌਜਵਾਨ ਹੌਲੀ-ਹੌਲੀ ਇਸ ਦੇ ਆਦੀ ਹੋ ਜਾਂਦੇ ਹਨ, ਉਨ੍ਹਾਂ ਨੂੰ ਵੀ ਇਸ ਗੱਲ ਦਾ ਪਤਾ ਨਹੀਂ ਲੱਗਦਾ ਸ਼ਰਾਬ ਪੀਣ ਜਾਂ ਸਿਗਰਟਨੋਸ਼ੀ ਵਿਚ ਉਨ੍ਹਾਂ ਨੂੰ ਕੋਈ ਵੱਡੀ ਗੱਲ ਨਹੀਂ ਲੱਗਦੀ। ਇਹ ਚੀਜ਼ਾਂ ਉਨ੍ਹਾਂ ਲਈ ਆਮ ਗੱਲ ਹੈ। ਉਹ ਆਪਣੀ ਜ਼ਿੰਦਗੀ ਵਿਚ ਨਸ਼ਿਆਂ ਨੂੰ ਥਾਂ ਦੇ ਕੇ ਖ਼ਰਾਬ ਕਰ ਲੈਂਦੇ ਹਨ ਤੇ ਆਪਣੇ ਆਪ ਨੂੰ ਮੌਤ ਦੇ ਮੂੰਹ 'ਚ ਪਾ ਦਿੰਦੇ ਹਨ।

### ਲੱਛਣ

*ਬੇਚੈਨੀ, ਘਬਰਾਟ ਹੋਣੀ, ਚਿੜਚੜ੍ਹਾਪਨ ਜਾਂ ਗੁੱਸਾ ਆਉਣਾ, ਮਾਨਸਿਕ ਥਕਾਵਟ, ਛੋਟੀਆਂ-ਛੋਟੀਆਂ ਚੀਜ਼ਾਂ ਨੂੰ ਲੈ ਕੇ ਸੋਚੀ ਜਾਣਾ, ਯਾਦਦਾਸ਼ਤ ਕਮਜ਼ੋਰ ਹੋਣੀ, ਤੇਜ਼ ਸਿਰ ਦਰਦ, ਨੀਂਦ ਨਾ ਆਉਣਾ, ਭੁੱਖ ਘੱਟ ਲੱਗਣਾ, ਦਿਲ ਦੀ ਧੜਕਣ ਵੱਧ ਜਾਣਾ, ਜ਼ਿਆਦਾ ਪਸੀਨਾ ਆਉਣਾ, ਬਿਨਾਂ ਕਾਰਨ ਉਲਟੀਆਂ ਆਉਣਾ ਨਸ਼ੇ ਦਾ ਸ਼ਿਕਾਰ ਹੋ ਚੁੱਕੇ ਵਿਅਕਤੀ ਦੀਆਂ ਅਲਾਮਤਾਂ ਹੋ ਸਕਦੀਆਂ ਹਨ।*

### ਖ਼ਤਰਨਾਕ ਹੈ ਨਸ਼ਾਖੋਰੀ

ਨਸ਼ਾ ਮਾਨਸਿਕ ਅਤੇ ਸਰੀਰਕ ਸਿਹਤ, ਦੋਵਾਂ ਉੱਪਰ ਅਸਰ ਪਾਉਂਦਾ ਹੈ। ਜ਼ਿਆਦਾ ਡਰੱਗਜ਼ ਲੈਣ ਨਾਲ ਵਿਅਕਤੀ ਦੀ ਜਾਨ ਤਕ ਜਾ ਸਕਦੀ ਹੈ। ਤੰਬਾਕੂ-ਗੁਟਕੇ ਨਾਲ ਕੈਂਸਰ ਵਰਗੀਆਂ ਖ਼ਤਰਨਾਕ ਬਿਮਾਰੀਆਂ ਹੋ ਸਕਦੀਆਂ ਹਨ। ਡਰੱਗਜ਼ ਸਰੀਰ ਵਿਚ ਕਈ ਕੈਮੀਕਲ ਤਬਦੀਲੀਆਂ ਦਾ ਕਾਰਨ ਬਣਦੀਆਂ ਹਨ। ਨਸ਼ਾ ਵਿਅਕਤੀ ਦੀ ਸੋਚਣ ਸ਼ਕਤੀ ਨੂੰ ਕਮਜ਼ੋਰ ਕਰਦਾ ਹੈ। ਨਸ਼ਾ ਕਰਨ ਵਾਲਾ ਵਿਅਕਤੀ ਆਪਣੇ ਆਪ 'ਤੇ ਕਾਬੂ ਨਹੀਂ ਪਾ ਸਕਦਾ।

### ਲਤ ਲੱਗਣ ਦੀ ਵਜ੍ਹਾ

ਪਰਿਵਾਰ 'ਚ ਜੇ ਕੋਈ ਵਿਅਕਤੀ ਨਸ਼ਾ ਕਰਦਾ ਹੈ ਤਾਂ ਬੱਚੇ ਵੀ ਉਸ ਵੱਲ ਦੇਖ ਕੇ ਇਸ ਦੀ ਵਰਤੋਂ ਸ਼ੁਰੂ ਕਰ ਸਕਦੇ ਹਨ। ਇਸ ਲਈ ਮਾਪਿਆਂ ਦੀ ਅਹਿਮ ਜ਼ਿੰਮੇਵਾਰੀ ਹੈ ਕਿ ਉਹ ਨਸ਼ੇਖੋਰੀ ਤੋਂ ਪਰਹੇਜ਼ਗਾਰ ਰਹਿਣ। ਪਰਿਵਾਰ ਜਾਂ ਰਿਸ਼ਤਿਆਂ 'ਚ ਤ੍ਰੇੜਾਂ ਪਾਉਣ ਲਈ ਵੀ ਵਿਰੋਧੀਆਂ ਵੱਲੋਂ ਨਸ਼ੇ ਦੀ ਲਤ ਲਗਾਈ ਜਾਂਦੀ ਹੈ। ਜ਼ਿਆਦਾ ਪਰੇਸ਼ਾਨੀ ਜਾਂ ਸਟ੍ਰੈਸ ਦੇ ਸ਼ਿਕਾਰ ਬੱਚੇ ਵੀ ਨਸ਼ਾ ਕਰਨਾ ਸ਼ੁਰੂ ਕਰ ਸਕਦੇ ਹਨ। ਅਜਿਹੇ ਬੱਚਿਆਂ ਦੀ ਪਰੇਸ਼ਾਨੀ 'ਚੋਂ ਨਿਕਲਣ 'ਚ ਮਦਦ ਕਰਨੀ ਚਾਹੀਦੀ ਹੈ।

• ਫ਼ੀਚਰ ਡੈਸਕ

# ਭਗਵੰਤ ਮਾਨ ਵੱਲੋਂ ਆੜ੍ਹਤੀਆਂ ਦੀਆਂ ਮੰਗਾਂ ਨੂੰ ਭਾਰਤ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਉਠਾਉਣ ਦਾ ਭਰੋਸਾ

**➢ ਖ਼ਰੀਦ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਦੀ ਕੀਤੀ ਸ਼ਲਾਘਾ ➢ ਹੜ੍ਹਾਂ ਦੇ ਮੱਦੇਨਜ਼ਰ ਸੁਚਾਰੂ ਖ਼ਰੀਦ ਕਾਰਜਾਂ ਲਈ ਆੜ੍ਹਤੀਆਂ ਤੋਂ ਸਹਿਯੋਗ ਦੀ ਕੀਤੀ ਮੰਗ**

**ਚੰਡੀਗੜ੍ਹ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆੜ੍ਹਤੀਆਂ ਦੇ ਹਿੱਤਾਂ ਦੀ ਰਾਖੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਅੱਜ ਕਿਹਾ ਕਿ ਸੂਬਾ ਸਰਕਾਰ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਭਾਰਤ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।

ਇੱਥੇ ਆੜ੍ਹਤੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰੀ ਗੰਭੀਰਤਾ ਨਾਲ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਦੀਆਂ ਜ਼ਿਆਦਾਤਰ ਮੰਗਾਂ ਕੇਂਦਰ ਸਰਕਾਰ ਦੇ ਦਾਇਰੇ ਅਧੀਨ ਆਉਂਦੀਆਂ ਹਨ ਅਤੇ ਜਿਨ੍ਹਾਂ ਵੱਲ ਕੇਂਦਰ ਸਰਕਾਰ ਵੱਲੋਂ ਧਿਆਨ ਨਹੀਂ ਦਿੱਤਾ ਜਾ ਰਿਹਾ। ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਆੜ੍ਹਤੀਆਂ ਦੀ ਆਵਾਜ਼ ਬਣੇਗੀ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਕੇਂਦਰ ਕੋਲ ਜ਼ੋਰਦਾਰ ਢੰਗ ਨਾਲ ਉਠਾਏਗੀ।

ਮੁੱਖ ਮੰਤਰੀ ਨੇ ਕਿਹਾ ਕਿ ਆੜ੍ਹਤੀਆਂ ਦੇ ਕਮਿਸ਼ਨ ਵਿੱਚ ਵਾਧਾ ਕਰਨ ਦਾ ਮਾਮਲਾ ਪਹਿਲਾਂ ਹੀ ਕੇਂਦਰ ਸਰਕਾਰ ਕੋਲ ਉਠਾਇਆ ਜਾ ਚੁੱਕਾ ਹੈ। ਉਨ੍ਹਾਂ ਨੇ ਆੜ੍ਹਤੀਆਂ ਦੀ ਭੂਮਿਕਾ ਨੂੰ ਅਹਿਮੀਅਤ ਨਾ ਦੇਣ ਕਾਰਨ ਕੇਂਦਰ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਆੜ੍ਹਤੀਏ ਖ਼ਰੀਦ ਕਾਰਜਾਂ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਭਗਵੰਤ ਸਿੰਘ ਮਾਨ ਨੇ ਆੜ੍ਹਤੀਆਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਪੂਰੀ ਖ਼ਰੀਦ ਪ੍ਰਕਿਰਿਆ ਦਾ ਥੰਮ੍ਹ ਦੱਸਿਆ।

ਆੜ੍ਹਤੀਆਂ ਦੀ ਅਹਿਮੀਅਤ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆੜ੍ਹਤੀਏ ਕਿਸਾਨਾਂ ਦੇ ਬਿਨਾਂ ਤਨਖਾਹ ਵਾਲੇ ਚਾਰਟਰਡ ਅਕਾਊਂਟੈਂਟ ਹੁੰਦੇ ਹਨ, ਜੋ ਫਸਲ ਦੀ ਪੈਦਾਵਾਰ ਅਤੇ ਵਿੱਤੀ ਲੈਣ-ਦੇਣ ਦੇ ਵਿਸਤ੍ਰਿਤ ਰਿਕਾਰਡ ਰੱਖਦੇ ਹਨ। ਆਪਣੇ ਜੱਦੀ ਜ਼ਿਲ੍ਹੇ ਸੰਗਰੂਰ ਵਿੱਚ ਆੜ੍ਹਤੀਆਂ ਨਾਲ ਆਪਣੇ ਨਿੱਜੀ ਤਜਰਬੇ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਖ਼ਰੀਦ ਪ੍ਰਕਿਰਿਆ ਦਾ ਮਹੱਤਵਪੂਰਨ ਅੰਗ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕੇਂਦਰ ਸਰਕਾਰ ਤਰਫੋਂ ਅਨਾਜ ਖਰੀਦਦੀ ਹੈ



ਅਤੇ ਸਾਉਣੀ ਮੰਡੀਕਰਨ ਸੀਜ਼ਨ 2025-26 ਦੌਰਾਨ ਸੁਚਾਰੂ ਅਤੇ ਨਿਰਵਿਘਨ ਖ਼ਰੀਦ ਪ੍ਰਕਿਰਿਆ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਹਾਲ ਹੀ ਵਿੱਚ ਆਏ ਹੜ੍ਹਾਂ ਕਾਰਨ ਹੋਏ ਭਿਆਨਕ ਨੁਕਸਾਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ 2300 ਤੋਂ ਵੱਧ ਪਿੰਡ ਡੁੱਬ ਗਏ ਹਨ, ਜਿਸ ਨਾਲ 20 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ ਅਤੇ ਪੰਜ ਲੱਖ ਏਕੜ ਰਕਬੇ ਵਿੱਚ ਫਸਲਾਂ ਤਬਾਹ ਹੋ ਗਈਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੁੱਖ ਵਾਲੀ ਗੱਲ ਇਹ ਹੈ ਕਿ ਇਸ ਦੌਰਾਨ 56 ਜਾਨਾਂ ਚਲੀਆਂ ਗਈਆਂ ਅਤੇ ਲਗਪਗ ਸੱਤ ਲੱਖ ਲੋਕ ਬੇਘਰ ਹੋ ਗਏ ਅਤੇ ਬੁਨਿਆਦੀ ਢਾਂਚੇ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ।

ਮੁੱਖ ਮੰਤਰੀ ਨੇ ਕਿਹਾ ਕਿ 3,200 ਸਰਕਾਰੀ ਸਕੂਲ, 19 ਕਾਲਜ, 1,400 ਕਲੀਨਿਕ ਅਤੇ ਹਸਪਤਾਲ ਨੁਕਸਾਨੇ ਗਏ ਹਨ। ਇਸ ਦੇ ਨਾਲ ਹੀ 8,500 ਕਿਲੋਮੀਟਰ ਸੜਕਾਂ ਅਤੇ 2,500 ਪੁਲ ਵੀ ਨੁਕਸਾਨੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਅੰਦਾਜ਼ੇ ਮੁਤਾਬਕ ਲਗਪਗ 13,800 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ, ਹਾਲਾਂਕਿ ਅਸਲ ਅੰਕੜਾ ਇਸ ਤੋਂ ਵੀ ਵੱਧ ਹੋ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਮੇਂ ਸੂਬਾ ਸੰਕਟ ਵਿੱਚ ਹੈ ਅਤੇ ਬਦਕਿਸਮਤੀ ਨਾਲ ਕੇਂਦਰ ਸਰਕਾਰ ਵੱਲੋਂ ਕਿਸੇ ਵੀ ਵਿੱਤੀ ਸਹਾਇਤਾ ਦੀ ਉਮੀਦ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਵਿੱਚ ਸਹਾਇਤਾ ਲਈ ਦੁਨੀਆ ਭਰ ਵਸਦੇ ਪੰਜਾਬੀਆਂ ਤੱਕ ਪਹੁੰਚ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਮਿਸ਼ਨ ਚੜ੍ਹਦੀ ਕਲਾ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਲਗਪਗ 1,000 ਵਿਅਕਤੀਆਂ ਨੇ ਪਹਿਲਾਂ ਹੀ ਇਸ ਨੇਕ ਕਾਰਜ ਲਈ ਆਪਣਾ ਸਮਰਥਨ ਦੇਣ ਦਾ ਵਾਅਦਾ ਕੀਤਾ ਹੈ। ਆੜ੍ਹਤੀਆਂ ਨੂੰ ਮੰਡੀਆਂ ਵਿੱਚ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣ ਦੀ ਅਪੀਲ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਈ ਅਹਿਮ ਕਦਮਾਂ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਆੜ੍ਹਤੀਆਂ ਦੇ ਲਾਇਸੈਂਸਾਂ ਦੀ ਪ੍ਰਮਾਣਿਕਤਾ ਨੂੰ ਪੰਜ ਤੋਂ ਵਧਾ ਕੇ ਦਸ ਸਾਲ ਕੀਤਾ ਜਾਵੇਗਾ ਅਤੇ ਨਵੇਂ ਲਾਇਸੈਂਸ 48 ਘੰਟਿਆਂ ਦੇ ਅੰਦਰ ਜਾਰੀ ਕੀਤੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਮੰਡੀਆਂ ਅਸਲ ਵਿੱਚ ਸਥਾਪਿਤ ਕੀਤੀਆਂ ਗਈਆਂ ਸਨ, ਉਸ ਸਮੇਂ ਆੜ੍ਹਤੀਆ ਨੂੰ ਅਲਾਟ ਕੀਤੀਆਂ ਦੁਕਾਨਾਂ ਦੀ ਉਸਾਰੀ ਨਾ ਕਰਨ ਨਾਲ ਸਬੰਧਤ ਲੰਬਿਤ ਬਕਾਏ, ਜੁਰਮਾਨੇ ਅਤੇ ਵਿਆਜ ਦਾ ਨਿਪਟਾਰਾ ਕਰਨ ਲਈ ਸਰਕਾਰ ਵੱਲੋਂ ਯਕਮੁਸ਼ਤ ਨਿਬੇੜਾ ਯੋਜਨਾ ਸ਼ੁਰੂ ਕੀਤੀ ਜਾਵੇਗੀ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸੂਬੇ ਦੇ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਕਮਾਂਡੋਜ਼ ਨੂੰ ਦਿੱਤੀ ਆਫ਼ਤ ਪ੍ਰਬੰਧਨ, ਫਸਟ ਏਡ, ਫਾਇਰ ਸੇਫਟੀ ਦੀ ਟ੍ਰੇਨਿੰਗ



**ਪਟਿਆਲਾ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

। ਦੁਨੀਆਂ ਨੂੰ ਜ਼ਖਮੀ ਸੈਨਿਕਾਂ ਅਤੇ ਨਾਗਰਿਕਾਂ ਦੀ ਜੰਗਾਂ, ਆਪਦਾਵਾਂ ਸਮੇਂ ਕੀਮਤੀ ਜਾਨਾਂ ਬਚਾਉਣ ਵਾਲੇ ਭਾਈ ਘਨ੍ਹਈਆ ਜੀ ਦੇ ਮਿਸ਼ਨ ਨੂੰ ਸਮਰਪਿਤ ਸਪਤਾਹ ਅਧੀਨ, ਕਿਲਾ ਬਹਾਦਰਗੜ੍ਹ ਵਿਖੇ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਕਮਾਂਡੋਜ਼ ਨੂੰ ਆਫ਼ਤ ਪ੍ਰਬੰਧਨ, ਫਸਟ ਏਡ, ਸੀ ਪੀ ਆਰ, ਜ਼ਖਮੀਆਂ ਦੀ ਸੇਵਾ ਸੰਭਾਲ ਅਤੇ ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ ਬਾਰੇ ਟ੍ਰੇਨਿੰਗ ਦੇਣ ਲਈ ਭਾਰਤ ਸਰਕਾਰ ਦੇ ਆਫ਼ਤ ਪ੍ਰਬੰਧਨ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਨੇ ਤਰ੍ਹਾਂ ਤਰ੍ਹਾਂ ਦੇ ਪ੍ਰੈਕਟਿਕਲ ਕਰਵਾਕੇ ਟ੍ਰੇਨਿੰਗ ਦਿੱਤੀ ਅਤੇ ਦਸਿਆ ਕਿ ਸਾਹ ਬੰਦ ਹੋਣ, ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਬੇਹੋਸ਼ੀ, ਦਿਮਾਗ ਨੂੰ ਆਕਸੀਜਨ ਗੁਲੂਕੋਜ਼ ਦੀ ਸਪਲਾਈ ਬੰਦ ਹੋਣ, ਬਹੁਤ ਖ਼ੂਨ ਨਿਕਲਣ, ਗਲੇ ਜਾਂ ਸਾਹ ਨਾਲੀ ਵਿੱਚ ਬਾਹਰੀ ਚੀਜ, ਖ਼ੂਨ, ਉਲਟੀ, ਝੱਗ, ਜੀਭ ਦੰਦ ਆਦਿ ਦੇ ਜਾਣ ਕਾਰਨ ਪੀੜਤਾਂ ਦੀ ਤੁਰੰਤ ਮੌਤਾਂ ਹੋ ਜਾਂਦੀਆਂ ਹਨ ਇਸ ਲਈ ਫਸਟ ਏਡ, ਸੀ ਪੀ ਆਰ, ਰਿਕਵਰੀ ਪੁਜੀਸ਼ਨ, ਵੈਂਟੀਲੈਟਰ ਬਣਾਉਟੀ ਸਾਹ ਕਿਰਿਆ ਅੰਦਰੂਨੀ ਰਤਵਾਹ ਬੰਦ ਨਾ ਕਰਦੇ ਹੋਏ ਪੀੜਤਾਂ ਨੂੰ ਬਚਾਉਣ ਦੀ ਟ੍ਰੇਨਿੰਗ ਦਿੱਤੀ। ਉਨ ਨੇ ਜੰਗਾਂ, ਭੁਚਾਲ ਅੱਗਾਂ ਲਗਣ, ਗੈਸਾਂ ਲੀਕ ਹੋਣ, ਬਿਜਲੀ ਸ਼ਾਟ ਸਰਕਟ ਸਮੇਂ ਆਪਣੇ ਬਚਾਅ ਲਈ ਜ਼ਮੀਨ ਤੇ ਲੇਟਣ ਅਤੇ ਪੀੜਤਾਂ ਦੀ ਸਹਾਇਤਾ ਕਰਨ ਦੀ ਟ੍ਰੇਨਿੰਗ ਦਿੱਤੀ। ਸਾਬਕਾ ਏ ਡੀ ਐਫ ਓ ਪੰਜਾਬ ਫਾਇਰ ਐਂਡ ਐਮਰਜੈਂਸੀ ਸੇਵਾਵਾਂ ਜਤਿੰਦਰ ਪਾਲ ਅਤੇ ਭਾਰਤ ਭੂਸ਼ਨ ਨੇ ਅੱਗਾਂ ਲਗਣ ਦੇ ਕਾਰਨਾਂ, ਅੱਗਾਂ ਦੀਆਂ ਕਿਸਮਾਂ, ਅੱਗਾਂ ਬੁਝਾਉਣ ਦੇ ਢੰਗ ਤਰੀਕਿਆਂ ਅਤੇ ਸਿਲੰਡਰਾਂ ਬਾਰੇ ਟ੍ਰੇਨਿੰਗ ਦਿੱਤੀ। ਡੀ ਐਸ ਪੀ ਸ਼੍ਰੀ ਹਰਦੀਪ ਸਿੰਘ ਬਡੂੰਗਰ ਨੇ ਕਮਾਂਡੈਂਟ ਵਲੋਂ ਭਾਈ ਘਨ੍ਹਈਆ ਜੀ ਵਲੋਂ ਕੀਤੇ ਕਾਰਜਾਂ ਦੀ ਜਾਣਕਾਰੀ ਦਿੰਦੇ ਅਤੇ ਧੰਨਵਾਦ ਕਰਦੇ ਹੋਏ ਕਿਹਾ ਕਿ ਭਵਿੱਖ ਵਿੱਚ ਆਪਦਾਵਾਂ, ਜੰਗਾਂ ਮਹਾਂਮਾਰੀਆਂ ਅਤੇ ਮੌਸਮੀ ਤਬਦੀਲੀਆਂ ਕਾਰਨ ਹੋਣ ਵਾਲੇ ਜਾਨੀ ਅਤੇ ਮਾਲੀ ਨੁਕਸਾਨਾਂ ਨੂੰ ਰੋਕਣ ਲਈ, ਪੰਜਾਬ ਪੁਲਿਸ ਅਤੇ ਕਮਾਂਡੋਜ਼ ਨੂੰ ਪੀੜਤਾਂ ਦੇ ਮਦਦਗਾਰ ਫ਼ਰਿਸ਼ਤਿਆ ਵਜੋਂ ਤਿਆਰ ਕੀਤਾ ਜਾ ਰਿਹਾ ਹੈ ਜਿਸ ਹਿੱਤ ਕਾਕਾ ਰਾਮ ਵਰਮਾ ਵਰਗੇ ਤਜਰਬੇਕਾਰ, ਵਿਦਵਾਨ, ਗਿਆਨਵਾਨ ਆਫ਼ਤ ਪ੍ਰਬੰਧਨ ਟ੍ਰੇਨਰ ਦੀਆਂ ਸੇਵਾਵਾਂ ਲਈਆਂ ਜਾ ਰਹੀਆਂ ਹਨ। ਇਸ ਮੌਕੇ ਇੱਕ ਲੇਡੀ ਕਮਾਂਡੋ ਨੇ ਦੱਸਿਆ ਕਿ ਉਸ ਦੀ ਬੇਟੀ ਦੇ ਗਲ਼ੇ ਵਿੱਚ ਟਾਫ਼ੀ ਫੱਸ ਗਈ ਪਰ ਉਸਨੇ ਜਿਵੇਂ ਕਾਕਾ ਰਾਮ ਵਰਮਾ ਜੀ ਨੇ ਦੱਸਿਆ ਸੀ ਉਸਨੇ ਬੇਟੀ ਨੂੰ ਮਰਨ ਤੋਂ ਬਚਾਇਆ। ਇੱਕ ਇੰਸਪੈਕਟਰ ਨੇ ਦੱਸਿਆ ਕਿ ਉਸਨੇ ਸੜਕੀ ਹਾਦਸੇ ਦੇ ਪੀੜਤ ਨੂੰ ਰਿਕਵਰੀ ਪੁਜੀਸ਼ਨ ਵਿੱਚ ਲਿਟਾ ਕੇ, ਪਾਣੀ ਨਾ ਪਿਲਾਕੇ, ਹਸਪਤਾਲ ਪਹੁੰਚਾਇਆ ਤਾਂ ਉਸ ਦੀ ਜਾਣ ਬਚ ਗਈ ਇਸ ਲਈ ਇਹ ਟ੍ਰੇਨਿੰਗ, ਇਲਾਜ ਨਾਲੋਂ ਵੀ ਬਹੁਤ ਲਾਭਦਾਇਕ ਹੈ। ਅਤੇ ਹਰੇਕ ਨਾਗਰਿਕ, ਕਰਮਚਾਰੀ ਨੂੰ ਲੈਣੀ ਚਾਹੀਦੀ ਹੈ।

# ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਮਾਤਾ ਕੋਸ਼ਲਿਆ ਹਸਪਤਾਲ ਵਿੱਚ ਰੋਗੀ ਕਲਿਆਣ ਸੰਮਤੀ ਦੀ ਬੈਠਕ



**ਪਟਿਆਲਾ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਨੂੰ ਮਜਬੂਤ ਕਰਨ ਲਈ ਨਿਰੰਤਰ ਉਪਰਾਲਿਆਂ ਨੂੰ ਉਜਾਗਰ ਕਰਦਿਆਂ ਪਟਿਆਲਾ ਸ਼ਹਿਰੀ ਹਲਕੇ ਤੋਂ ਵਿਧਾਇਕ ਸ੍ਰ: ਅਜੀਤਪਾਲ ਸਿੰਘ ਕੋਹਲੀ ਨੇ ਮਾਤਾ ਕੋਸ਼ਲਿਆ ਹਸਪਤਾਲ ਵਿੱਚ ਆਯੋਜਿਤ ਰੋਗੀ ਕਲਿਆਣ ਸਮਿਤੀ ਦੀ ਮੀਟਿੰਗ ਦੌਰਾਨ ਕਿਹਾ ਕਿ ਹਸਪਤਾਲ ਵਿੱਚ ਮਰੀਜਾਂ ਲਈ ਸਹੂਲਤਾਂ ਵਿੱਚ ਲਗਾਤਾਰ ਸੁਧਾਰ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਸਰਕਾਰ ਦੀ ਵਚਨਬੱਧਤਾ ਸਿੱਧੀ ਤਰ੍ਹਾਂ ਲੋਕਾਂ ਤੱਕ ਪੰਹੁਚ ਰਹੀ ਹੈ ਅਤੇ ਹਸਪਤਾਲ ਦੀਆਂ ਸੇਵਾਵਾਂ ਵਿੱਚ ਪਹਿਲਾਂ ਨਾਲੋ ਕਾਫੀ ਸੁਧਾਰ ਆਇਆ ਹੈ ।

ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਰੋਗੀ ਕਲਿਆਣ ਸੰਮਿਤੀ ਵੱਲੋਂ ਹਸਪਤਾਲ ਵਿੱਚ ਨਵਾਂ ਫਾਰਮੈਸੀ ਕਮਰਾ ਅਤੇ ਧਾਤਰੀ ਮਾਵਾਂ ਲਈ ਵਿਸ਼ੇਸ਼ ਕਮਰਾ (ਮਾਵਾਂ ਨੂੰ ਦੁੱਧ ਪਿਲਾਉਣ ਲਈ) ਬਨਾਉਣ ਦੀ ਮਨਜੂਰੀ ਦਿੱਤੀ ਗਈ ਹੈ , ਜਿਸ ਰਾਹੀ ਮਾਵਾਂ ਅਤੇ ਨਵਜਨਮੇ ਬੱਚਿਆਂ ਦੀ ਸਿਹਤ ਸੰਭਾਲ ਵਿੱਚ ਸੁਧਾਰ ਹੋਵੇਗਾ ।

ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਕਿਹਾ ਕਿ ਹਸਪਤਾਲ ਵਿੱਚ ਸਫਾਈ ਪ੍ਰਣਾਲੀ ਵਿੱਚ ਬਹੁਤ ਜਿਆਦਾ ਸੁਧਾਰ ਆਇਆ ਹੈ ਅਤੇ ਪਹਿਲਾਂ ਨਾਲੋਂ ਮਰੀਜਾਂ ਦੀ ਪਹੁੰਚ ਵਿੱਚ ਵੀ ਵਾਧਾ ਹੋਇਆ ਹੈ। ਉਹਨਾਂ ਕਿਹਾ ਕਿ ਹਸਪਤਾਲ ਵਿੱਚ ਸਟਾਫ ਵੀ ਹੋਰ ਮੁਹੱਈਆ ਕਰਵਾਇਆ ਜਾਵੇਗਾ ਅਤੇ ਹੋਰ ਨਵੀਆਂ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਣਗੀਆਂ। ਉਹਨਾਂ ਰੋਗੀ ਕਲਿਆਣ ਸੰਮਤੀ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਵੀ ਕੀਤੀ । ਉਹਨਾਂ ਕਿਹਾ ਕਿ ਹਸਪਤਾਲ ਦੀ ਸਫ਼ਾਈ ਪ੍ਰਣਾਲੀ ਵਿੱਚ ਹੁਣ ਬਹੁਤ ਸੁਧਾਰ ਕੀਤੇ ਗਏ ਹਨ ਅਤੇ ਹੁਣ ਮਰੀਜਾਂ ਲਈ ਹਸਪਤਾਲ ਵਿੱਚ ਪਹੁੰਚਣਾ ਪਹਿਲਾਂ ਨਾਲੋਂ ਕਾਫ਼ੀ ਆਸਾਨ ਹੋਇਆ ਹੈ । ਉਹਨਾਂ ਕਿਹਾ ਕਿ ਹਸਪਤਾਲ ਵਿੱਚ ਸਟਾਫ ਦੀ ਕਮੀ ਨੂੰ ਦੂਰ ਕਰਨ ਲਈ ਹੋਰ ਮੈਡੀਕਲ ਅਤੇ ਸਹਾਇਕ ਕਰਮਚਾਰੀ ਤਾਇਨਾਤ ਕੀਤੇ ਜਾਣਗੇ ਅਤੇ ਭਵਿੱਖ ਵਿੱਚ ਹੋਰ ਨਵੀਆਂ ਸਹੂਲਤਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ ।

ਇਸ ਮੌਕੇ ਸੰਜੇ ਕਮਰਾ, ਡਾ: ਜਸਬੀਰ ਸਿੰਘ ਗਾਂਧੀ , ਸ੍ਰ: ਮਲਕੀਤ ਸਿੰਘ ਮਾਨ, ਸ੍ਰ: ਮਨਜੀਤ ਸਿੰਘ ਜੌੜਾਮਾਜਰਾ, ਡਾ: ਵਿਕਾਸ ਗੋਇਲ, ਐਸ.ਐਮ.ਓ. ਡਾ: ਅਸ਼ਰਫ਼ਜੀਤ ਚਾਹਲ ਅਤੇ ਭਾਰਤ ਗੋਇਲ ਹਾਜਰ ਸਨ ।

# ਜਲ ਸਪਲਾਈ ਸੈਨੀਟੇਸ਼ਨ ਡਵੀਜ਼ਨ ਇੱਕ ਵਿਖੇ ਐਕਸੀਅਨ ਗੁਰਜੋਤ ਕੌਰ ਨੇ ਸੰਭਾਲਿਆ ਚਾਰਜ



**ਪਟਿਆਲਾ, 23 ਸਤੰਬਰ**
**-ਨਿਊਜ਼ਲਾਈਨ ਐਕਸਪ੍ਰੈਸ-**

ਜਲ ਸਪਲਾਈ ਸੈਨੀਟੇਸ਼ਨ ਡਿਵੀਜ਼ਨ ਇੱਕ ਵਿਖੇ ਐਕਸੀਅਨ ਗੁਰਜੋਤ ਕੌਰ ਨੇ ਚਾਰਜ ਸਭਾਲ ਲਿਆ ਹੈ । ਜਿੱਥੇ ਉਹਨਾਂ ਦਾ ਦਫਤਰ ਪਹੁੰਚਣ ਤੇ ਠੇਕੇਦਾਰ ਐਸੋਸੀਏਸ਼ਨ ਦੇ ਆਗੂਆਂ ਨੇ ਫੁੱਲਾਂ ਦੇ ਬੁੱਕੇ ਦੇ ਕੇ ਸਨਮਾਨਿਤ ਕੀਤਾ ਅਤੇ ਵਿਭਾਗ ਅੰਦਰ ਹੋਣ ਵਾਲੇ ਕੰਮਾਂ ਸਬੰਧੀ ਜਾਣੂ ਕਰਵਾਇਆ ਇਸ ਮੌਕੇ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਹਰਪ੍ਰੀਤ ਸਿੰਘ ਕੂਕਾ ਸਮਾਣਾ ਗੁਰਸਰਨ ਸਿੰਘ ਡਕਾਲਾ ਲਿਗਲ ਐਡਵਾਈਜ਼ਰ, ਸੀਨੀਅਰ ਸੀਨੀਅਰ ਮੀਤ ਪ੍ਰਧਾਨ, ਜਸਵੀਰ ਸਿੰਘ ਰੁਪਾਣਾ ਸਾਬਕਾ ਡਇਰੈਕਟਰ ਲੈਂਡਮੋਰਗੇਜ ਬੈਕ ਤੋ ਇਲਾਵਾ ਸੁਪਰਡੈਂਟ ਇੰਦਰਜੀਤ ਸਿੰਘ ਮਹਿਤਾ, ਐਸ ਡੀ ਓ ਵਿਸ਼ਾਲਪੁਰੀ ਆਦ ਵੀ ਹਾਜ਼ਰ ਸਨ ਇਸ ਮੌਕੇ ਪੱਤਰਕਾਰ ਨਾਲ ਗੱਲਬਾਤ ਕਰਦੇ ਹੋਏ ਐਕਸੀਅਨ ਗੁਰਜੋਤ ਕੌਰ ਮੁਹਾਲੀ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਸਕੀਮਾਂ ਤਹਿਤ ਲੋਕਾਂ ਨੂੰ ਸ਼ੁੱਧ ਪੀਣ ਵਾਲਾ ਪਾਣੀ ਮਹੀਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਉਨਾਂ ਕਿਹਾ ਕਿ ਲੋਕਾਂ ਨੂੰ ਚਾਹੀਦਾ ਕਿ ਉਹ ਜਿਆਦਾ ਪਾਣੀ ਦੀ ਵੇਸਟੇਜ ਹੋਣ ਤੋਂ ਬਚਾਉਣਾ ਕਿਉਂਕਿ ਪਾਣੀ ਇੱਕ ਅਨਮੋਲ ਸੋਮਾ ਹੈ ਜਿਸ ਦੀ ਬੱਚਤ ਕਰਨਾ ਸਮੇਂ ਦੀ ਮੁੱਖ ਲੋੜ ਹੈ ।

# ਆਮ ਆਦਮੀ ਪਾਰਟੀ ਵਲੋਂ ਨੰਦ ਲਾਲ ਘੱਗਾ ਨੂੰ ਬਲਾਕ ਘੱਗਾ ਦਾ ਕੋਆਰਡੀਨੇਟਰ ਨਿਯੁਕਤ ਕੀਤਾ

**ਘੱਗਾ, 20 ਸਤੰਬਰ**
**-ਨਿਊਜ਼ਲਾਈਨ ਐਕਸਪ੍ਰੈਸ-**

ਸਬਡਵੀਜ਼ਨ ਪਾਤੜਾਂ ਚ ਪੈਂਦੇ ਕਸਬਾ ਘੱਗਾ ਤੋਂ ਨੰਦ ਲਾਲ ਘੱਗਾ ਨੂੰ ਬਲਾਕ ਘੱਗਾ ਦਾ ਆਮ ਆਦਮੀ ਪਾਰਟੀ ਵਲੋਂ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ ਜਿਸ ਕਰਕੇ ਪਾਰਟੀ ਵਰਕਰਾਂ ਵਿੱਚ ਇੱਕ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ ਪਾਰਟੀ ਵਰਕਰ ਨੰਦ ਲਾਲ ਘੱਗਾ ਨੂੰ ਲਗਾਤਾਰ ਮੁਬਾਰਕਾਂ ਦੇ ਰਹੇ ਹਨ ਨੰਦ ਲਾਲ ਆਮ ਆਦਮੀ ਪਾਰਟੀ ਲਈ ਦਿਨ ਰਾਤ ਇੱਕ ਕਰਕੇ ਕੰਮ ਕਰ ਰਹੇ ਹਨ ਜਿਸ



ਕਰਕੇ ਉਸ ਨੂੰ ਇਹ ਆਹੁਦਾ ਮਿਲਿਆ ਨਗਰ ਪੰਚਾਇਤ ਘੱਗਾ ਦੇ ਪ੍ਰਧਾਨ ਮਿੱਠੂ ਸਿੰਘ ਨੇ ਦੱਸਿਆ ਕਿ ਨੰਦ ਲਾਲ ਨੇ ਨਗਰ ਪੰਚਾਇਤ ਚੋਣਾਂ ਘੱਗਾ ਵਿਚ ਆਪ ਟਿਕਟ ਨਾ ਲੈਕੇ ਆਮ ਆਦਮੀ ਦੇ ਉਮੀਦਵਾਰਾਂ ਲਈ ਦਿਨ ਰਾਤ ਮਿਹਨਤ ਕੀਤੀ ਜਿਸ ਕਰਕੇ ਵੱਡੇ ਬਹੁਮਤ ਨਾਲ ਚੋਣ ਜਿੱਤੀ ਇਹ ਆਹੁਦਾ ਮਿਲਣ ਉਪਰੰਤ ਨੰਦ ਲਾਲ ਘੱਗਾ ਵਲੋਂ ਪਾਰਟੀ ਦੇ ਵਰਕਰ ਸਹਿਬਾਨਾ ਦਾ ਅਤੇ ਹਲਕਾ ਸ਼ੁਤਰਾਣਾ ਤੋਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦਾ ਧੰਨਵਾਦ ਕੀਤਾ।

# ਹਾਕੀ 'ਚ ਅੰਡਰ 19 ਲੜਕਿਆ ਦੀ ਪਟਿਆਲਾ 1 ਟੀਮ ਰਹੀ ਜੇਤੂ



**ਪਟਿਆਲਾ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਵਿਖੇ ਚੱਲ ਰਹੀਆਂ 69ਵੀਆਂ ਜ਼ਿਲ੍ਹਾ ਸਕੂਲ ਖੇਡਾਂ ਵਿੱਚ ਰੋਜ਼ਾਨਾ ਸੈਂਕੜੇ ਖਿਡਾਰੀਆਂ ਵੱਲੋਂ ਆਪਣੀ ਖੇਡ ਪ੍ਰਤਿਭਾ ਦੇ ਜੌਹਰ ਦਿਖਾਏ ਜਾ ਰਹੇ ਹਨ। ਅੱਜ ਹੋਏ ਮੁਕਾਬਲਿਆਂ ਸਬੰਧੀ ਵੇਰਵੇ ਦਿੰਦਿਆਂ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਹਾਕੀ ਦੇ ਲੜਕਿਆਂ ਦੇ ਮੁਕਾਬਲੇ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ।

ਉਨ੍ਹਾਂ ਦੱਸਿਆ ਕਿ ਅੰਡਰ 14 ਲੜਕਿਆਂ ਦੇ ਹਾਕੀ ਮੁਕਾਬਲਿਆਂ ਵਿੱਚ ਪਟਿਆਲਾ 3 ਜ਼ੋਨ ਨੇ ਪਹਿਲਾਂ, ਰਾਜਪੁਰਾ ਜ਼ੋਨ ਨੇ ਦੂਜਾ, ਪਾਤੜਾਂ ਜ਼ੋਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ 17 ਲੜਕਿਆਂ ਦੇ ਹਾਕੀ ਮੁਕਾਬਲਿਆਂ ਵਿੱਚ ਪਾਤੜਾਂ ਜ਼ੋਨ ਨੇ ਪਹਿਲਾਂ, ਪਟਿਆਲਾ 2 ਜ਼ੋਨ ਨੇ ਦੂਜਾ ਤੇ ਰਾਜਪੁਰਾ ਜ਼ੋਨ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ 19 ਦੇ ਮੁਕਾਬਲਿਆਂ ਵਿੱਚ ਪਟਿਆਲਾ 1 ਜ਼ੋਨ ਨੇ ਪਹਿਲਾਂ, ਰਾਜਪੁਰਾ ਜ਼ੋਨ ਨੇ ਦੂਜਾ ਤੇ ਪਾਤੜਾਂ ਜ਼ੋਨ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਨੇ ਪੋਲੋ ਗਰਾਊਂਡ ਵਿਖੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਤੇ ਖੇਡ ਕਨਵੀਨਰ ਰਾਜ ਕੁਮਾਰ ਪ੍ਰਿੰਸੀਪਲ ਨੋਗਾਵਾਂ,ਦਵਿੰਦਰ ਸਿੰਘ ਜ਼ੋਨਲ ਸਕੱਤਰ ਪਾਤੜਾਂ, ਰਾਜਵੀਰ ਸਿੰਘ ਕੋਚ, ਗੁਰਵਿੰਦਰ ਸਿੰਘ ਕੋਚ, ਪੁਸ਼ਪਾ ਕੋਚ, ਸ਼ਸ਼ੀ ਮਾਨ ਜ਼ੋਨਲ ਸਕੱਤਰ ਪਟਿਆਲਾ 3, ਰਜਿੰਦਰ ਸੈਣੀ ਜ਼ੋਨਲ ਸਕੱਤਰ ਰਾਜਪੁਰਾ, ਕਰਮਜੀਤ ਕੌਰ, ਹਰਦੀਪ ਕੌਰ, ਯਾਦਵਿੰਦਰ ਕੌਰ, ਹਰਜੀਤ ਸਿੰਘ, ਦਵਿੰਦਰ ਸਿੰਘ, ਬਲਜੀਤ ਸਿੰਘ, ਰਜਨੀਸ਼ ਕੋਚ, ਗੁਰਪਿਆਰ ਸਿੰਘ, ਪਰਮਿੰਦਰ ਸਿੰਘ ਮਾਨ, ਰਾਜਿੰਦਰ ਸਿੰਘ ਚਾਨੀ, ਗੁਰਪ੍ਰੀਤ ਸਿੰਘ ਝੰਡਾ, ਰਾਕੇਸ਼ ਕੁਮਾਰ ਲਚਕਾਣੀ ਤੇ ਜਸਵਿੰਦਰ ਸਿੰਘ ਗੱਜੂਮਾਜਰਾ ਹਾਜ਼ਰ ਸਨ।

# ਪਰਾਲੀ ਸਾੜਨ ਦੀ ਰੋਕਥਾਮ ਲਈ ਡਿਪਟੀ ਕਮਿਸ਼ਨਰ ਵੱਲੋਂ ਹਦਾਇਤਾਂ ਜਾਰੀ

**ਪਟਿਆਲਾ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪਰਾਲੀ ਸਾੜਨ ਦੀ ਰੋਕਥਾਮ ਅਤੇ ਨਿਗਰਾਨੀ ਲਈ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਹਦਾਇਤਾਂ ਜਾਰੀ ਕੀਤੀਆਂ ਕਿ ਕਿਸਾਨਾਂ ਵਿੱਚ ਜਾਗਰੁਕਤਾ ਵਧਾਈ ਜਾਵੇ ਅਤੇ ਉਹਨਾਂ ਨੂੰ ਪਰਾਲੀ ਦੀ ਆਧੁਨਿਕ ਸੰਭਾਲ ਬਾਰੇ ਵੀ ਜਾਣੂ ਕਰਵਾਇਆ ਜਾਵੇ। ਉਹਨਾਂ ਕਿਹਾ ਕਿ ਸੁਪਰ ਐਸ.ਐਮ.ਐਸ ਮਸ਼ੀਨਾਂ ਅਤੇ ਸੁਪਰ ਸੀਡਰ ਮਸ਼ੀਨਾਂ ਦੀ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਨਾ ਸਾੜਨ ਸਬੰਧੀ ਨੋਡਲ ਅਧਿਕਾਰੀ, ਤਹਿਸੀਲਦਾਰ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ,ਸਹਾਇਕ ਰਜਿਸਟਰਾਰ, ਖੇਤੀਬਾੜੀ ਅਫ਼ਸਰ ਅਤੇ ਪੁਲਿਸ ਅਧਿਕਾਰੀ ਪਿੰਡਾਂ ' ਚ ਜਾ ਕੇ ਕਿਸਾਨਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਗੇ ਅਤੇ ਕਿਸਾਨਾਂ ਨੂੰ ਜਾਗਰੂਕ ਕਰਨਗੇ। ਉਹਨਾਂ ਸਾਰੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਹਨਾਂ ਨੂੰ ਪਰਾਲੀ ਦੇ ਵਿਕਲਪ ਬਾਰੇ ਜਾਣਕਾਰੀ ਦਿੱਤੀ ਜਾਵੇ ਅਤੇ ਉਹਨਾਂ ਨੂੰ ਦੱਸਿਆ ਜਾਵੇ ਕਿ ਹਵਾ ਪ੍ਰਦੂਸ਼ਣ ਨੂੰ ਰੋਕਣ ਅਤੇ ਜਨਤਕ ਸਿਹਤ ਦੀ ਰੱਖਿਆ ਲਈ ਕਿਸਾਨਾਂ ਦਾ ਸਹਿਯੋਗ ਬਹੁਤ ਜਰੂਰੀ ਹੈ। ਇਸ ਮੌਕੇ ਉਹਨਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਸਿਮਰਪ੍ਰੀਤ ਕੌਰ ਐਸ.ਡੀ.ਐਮ. ਅਸ਼ੋਕ ਕੁਮਾਰ, ਮੁੱਖ ਖੇਤੀਬਾੜੀ ਅਫ਼ਸਰ ਡਾ: ਜਸਵਿੰਦਰ ਸਿੰਘ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਸਨ ।

# ਮੱਛਰਾਂ ਦੀ ਪੈਦਾਵਾਰ ਰੋਕਣ ਲਈ ਸਿਹਤ ਵਿਭਾਗ ਦੀਆਂ ਟੀਮਾਂ ਨੇ ਪਾਣੀ ਦੇ ਖੜ੍ਹੇ ਸਰੋਤਾਂ ਦੀ ਕੀਤੀ ਚੈਕਿੰਗ

**ਪਟਿਆਲਾ, 23 ਸਤੰਬਰ**
**-ਨਿਊਜ਼ਲਾਈਨ ਐਕਸਪ੍ਰੈਸ-**

ਸਿਵਲ ਸਰਜਨ ਡਾ੍ਹਜਗਪਾਲਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੇਂਗੂ ਤੋਂ ਬਚਾਅ ਲਈ ਹਰੇਕ ਸ਼ੁੱਕਰਵਾਰ ਮਨਾਏ ਜਾ ਰਹੇ ਡਰਾਈ-ਡੇਅ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਗਲੀ / ਮੁਹੱਲਿਆਂ ਵਿਚ ਘਰ ਘਰ ਜਾ ਕੇ ਪਾਣੀ ਦੇ ਖੜ੍ਹੇ ਸਰੋਤਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਨਰਸਿੰਗ ਵਿਦਿਆਰਥਣਾਂ ਅਤੇ ਆਸ਼ਾ ਵਰਕਰਾਂ ਵੱਲੋਂ ਵੀ ਭਾਗ ਲਿਆ ਗਿਆ।

ਸਿਵਲ ਸਰਜਨ ਨੇ ਆਖਿਆ ਕਿ ਪਟਿਆਲਾ ਦੇ ਸਾਰੇ ਹਸਪਤਾਲਾਂ ਵਿੱਚ ਲੋੜੀਂਦੀਆਂ ਹਰੇਕ ਤਰ੍ਹਾਂ ਦੀਆਂ ਦਵਾਈਆਂ ਮੌਜੂਦ ਹਨ ਤੇ ਸਾਰੇ ਇਲਾਕਿਆਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਚੌਕਸੀ ਨਾਲ ਕੰਮ ਕਰ ਰਹੀਆਂ ਹਨ। ਜਿਨ੍ਹਾਂ ਪੇਂਡੂ ਇਲਾਕਿਆਂ ਵਿੱਚ ਪਾਣੀ ਆਇਆ ਹੈ ਉੱਥੇ ਵੀ ਮੈਡੀਕਲ ਕੈਂਪ ਲਗਾਤਾਰ ਦਿਨ ਰਾਤ ਲਾਏ ਜਾ ਰਹੇ ਹਨ ਤੇ ਐਂਬੂਲੈਂਸਾਂ ਦੀ ਸੇਵਾ ਵੀ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਆਖਿਆ ਕਿ ਪਾਣੀ ਨੂੰ ਕਿਤੇ ਖੜ੍ਹਾ ਨਾ ਹੋਣ ਦਿੱਤਾ ਜਾਵੇ ਤੇ ਜੇ ਕਿਤੇ ਪਾਣੀ ਖੜ੍ਹਾ ਰਹਿ ਵੀ ਜਾਂਦਾ ਹੈ ਤਾਂ ਪਾਣੀ ਦੇ ਖੜ੍ਹੇ



ਸਰੋਤਾਂ ਵਿੱਚ ਕਾਲਾ ਤੇਲ ਪਾ ਦਿੱਤਾ ਜਾਵੇ। ਉਨ੍ਹਾਂ ਦੱਸਿਆ ਕਿ ਹੁਣ ਮੀਂਹ ਘਟਣ ਤੋਂ ਬਾਅਦ ਮੱਛਰਾਂ ਦੀ ਪੈਦਾਵਾਰ ਜ਼ਿਆਦਾ ਹੋ ਸਕਦੀ ਹੈ ਇਸ ਲਈ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਦੇ ਇਲਾਜ ਸਬੰਧੀ ਪ੍ਰਬੰਧ ਕਰ ਲਏ ਗਏ ਹਨ। ਉਨ੍ਹਾਂ ਆਖਿਆ ਕਿ ਇਸ ਮੌਸਮ ਵਿੱਚ ਮੱਛਰਾਂ ਤੋਂ ਬਚਣ ਲਈ ਪੂਰੀ ਬਾਹਾਂ ਦੇ ਕੱਪੜੇ ਪਾਉਣੇ ਚਾਹੀਦੇ ਹਨ ਤੇ ਖੁਦ ਨੂੰ ਢੱਕ ਕੇ ਰੱਖਣਾ ਚਾਹੀਦਾ ਹੈ। ਸਿਵਲ ਸਰਜਨ ਨੇ ਅੱਗੇ ਕਿਹਾ ਕਿ ਭਾਵੇਂ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਸਰਗਰਮੀ ਨਾਲ ਪਿੰਡਾਂ ਤੇ ਸ਼ਹਿਰਾਂ ਵਿੱਚ ਕੰਮ ਕਰ ਰਹੀਆਂ ਹਨ ਪਰ ਫਿਰ ਵੀ ਜੇ ਕਿਸੇ ਨੂੰ ਤੇਜ਼ ਬੁਖਾਰ, ਸਿਰਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਮਹਿਸੂਸ ਹੁੰਦਾ ਹੈ ਤੇ ਸਾਰੇ ਸ਼ਰੀਰ ਵਿੱਚ ਦਰਦ ਹੁੰਦਾ ਹੈ ਤਾਂ ਬਿਨਾ ਦੇਰ ਕੀਤਿਆਂ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾ ਕੇ ਡੇਂਗੂ ਸਬੰਧੀ ਜਾਂਚ ਕਰਵਾਈ ਜਾਵੇ।

ਜਿਲ੍ਹਾ ਐਪੀਡੇਮੋਲੋਜਿਸਟ ਡਾ੍ਹਸੁਮੀਤ ਸਿੰਘ ਨੇ ਆਖਿਆ ਕਿ ਇਸ ਵਾਰੀ ਸਮੁੱਚੇ ਪਟਿਆਲਾ ਜਿਲ੍ਹੇ ਵਿੱਚ ਹੁਣ ਤੱਕ 125 ਡੇਂਗੂ ਦੇ ਕੇਸ ਪਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਹਫਤੇ ਜਿਲ੍ਹੇ ਭਰ ਦੇ 807663 ਘਰਾਂ ਵਿਚ ਪਹੁੰਚ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ 807 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਹੁਣ ਤੱਕ ਸਿਹਤ ਟੀਮਾਂ ਵੱਲੋਂ ਡਰਾਈ ਡੇਅ ਮੁਹਿੰਮ ਤਹਿਤ 41721 ਘਰਾਂ ਦਾ ਸਰਵੇ ਕੀਤਾ ਜਾ ਚੁੱਕਾ ਹੈ, ਜਿਨ੍ਹਾਂ ਵਿੱਚ 7076 ਥਾਂਵਾ ਤੇ ਮਿਲੇ ਲਾਰਵਾ ਨੂੰ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ ਹੈ ਅਤੇ ਸਬੰਧਤ ਪਰਿਵਾਰਾਂ ਨੂੰ ਅਗਾਂਹ ਲਈ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ।

# ਸੱਪ ਦੇ ਡੰਗਣ ਬਾਰੇ ਜਾਗਰੂਕਤਾ ਫੈਲਾਉਣ ਲਈ ਮਨਾਇਆ ਵਿਸ਼ੇਸ਼ ਹ.ਫਤਾ

**ਪਟਿਆਲਾ, 23 ਸਤੰਬਰ**
**-ਨਿਊਜ਼ਲਾਈਨ ਐਕਸਪ੍ਰੈਸ-**



ਸੱਪ ਦੇ ਡੰਗਣ ਤੋਂ ਬਾਅਦ ਸੱਭ ਤੋਂ ਵੱਡਾ ਇਲਾਜ ਜਾਗਰੂਕਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਪਟਿਆਲਾ ਡਾ੍ਹ ਜਗਪਾਲਇੰਦਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸੱਪ ਦੇ ਡੰਗਣ ਬਾਰੇ ਜਾਗਰੂਕਤਾ ਫੈਲਾਉਣ ਲਈ ਵਿਸ਼ੇਸ਼ ਹਫਤਾ ਮਨਾਇਆ ਗਿਆ। ਇਸ ਤਹਿਤ 15 ਤੋਂ 19 ਸਤੰਬਰ ਤੱਕ ਪਟਿਆਲਾ ਦੇ ਸਾਰੇ ਸਿਹਤ ਅਦਾਰਿਆਂ ਵਿੱਚ ਉਚੇਚੇ ਤੌਰ ਉੱਤੇ ਲੋਕਾਂ ਨੂੰ ਸੱਪ ਦੇ ਡੰਗਣ ਸਬੰਧੀ ਜਾਗਰੂਕ ਕਰਨ ਲਈ ਕੈਂਪ ਲਾਏ ਗਏ।

ਉਨ੍ਹਾਂ ਦੱਸਿਆ ਕਿ ਸੱਪ ਦੇ ਡੰਗਣ ਉੱਤੇ ਲੋਕ ਘਬਰਾ ਜਾਂਦੇ ਹਨ ਤੇ ਜਿਸ ਕਾਰਨ ਜ਼ਹਿਰ ਤੇਜ਼ੀ ਨਾਲ ਸ਼ਰੀਰ ਵਿੱਚ ਫੈਲਣ ਲੱਗਦਾ ਹੈ। ਉਨ੍ਹਾਂ ਆਖਿਆ ਕਿ ਇੱਥੇ ਹੀ ਸਾਨੂੰ ਥੋੜ੍ਹਾ ਹੌਸਲੇ ਤੋਂ ਕੰਮ ਲੈਣਾ ਚਾਹੀਦਾ ਹੈ ਤੇ ਸੱਪ ਦੇ ਡੰਗਣ ਉੱਤੇ ਪਹਿਲੇ 60 ਮਿੰਟਾਂ ਵਿੱਚ ਮਰੀਜ਼ ਨੂੰ ਫਰਸਟ ਏਡ ਦਿੱਤੀ ਜਾਣੀ ਚਾਹੀਦੀ ਹੈ।ਸੱਪ ਦੇ ਡੰਗਣ ਉੱਤੇ ਹਰ ਹਾਲਾਤ ਵਿੱਚ ਮਰੀਜ਼ ਨੂੰ ਸ਼ਾਂਤ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਡਰ ਨਾਲ ਦਿਲ ਦੀ ਧੜਕਨ ਵੱਧ ਜਾਂਦੀ ਹੈ ਜਿਸ ਨਾਲ ਜ਼ਹਿਰ ਤੇਜ਼ੀ ਨਾਲ ਸ਼ਰੀਰ ਵਿੱਚ ਫੈਲ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਸੱਪ ਦੇ ਡੰਗਣ ਵਾਲੀ ਥਾਂ ਨੂੰ ਸਥਿਰ ਰੱਖਣਾ ਚਾਹੀਦਾ ਹੈ ਤੇ ਸੱਪ ਦੇ ਡੱਸ ਵਾਲੀ ਥਾਂ ਨੂੰ ਸਾਫ ਕੱਪੜੇ ਨਾਲ ਢਕਿਆ ਜਾਣਾ ਚਾਹੀਦਾ ਹੈ।ਜ਼ਖਮ ਨੂੰ ਕੱਸ ਕੇ ਨਹੀਂ ਬੰਨ੍ਹਣਾ ਚਾਹੀਦਾ। ਕਿਸੇ ਵੀ ਤਰ੍ਹਾਂ ਦੀ ਦਵਾਈ, ਜੜੀ ਬੂਟੀ, ਬਰਫ, ਤੇਲ ਜਾਂ ਗਰਮ ਪਾਣੀ ਦੀ ਵਰਤੋਂ ਨਹੀਂ ਕੀਤੀ ਜਾਣੀ ਚਾਹੀਦੀ।ਘਰੇਲੂ ਇਲਾਜ ਵਿੱਚ ਸਮਾਂ ਬਰਬਾਦ ਨਹੀਂ ਕਰਨਾ ਚਾਹੀਦਾ ਤੇ ਜਿੰਨੀ ਜਲਦੀ ਹੋ ਸਕੇ ਮਰੀਜ਼ ਨੂੰ ਨੇੜਲੇ ਸਿਵਲ ਹਸਪਤਾਲ ਲਿਜਾਇਆ ਜਾਣਾ ਚਾਹੀਦਾ।

ਇਸ ਮੌਕੇ ਜ਼ਿਲ੍ਹਾ ਐਪਿਡੇਮੋਲੋਜਿਸਟ ਡਾ੍ਹ ਦਿਵਜੋਤ ਸਿੰਘ ਨੇ ਦੱਸਿਆ ਕਿ ਹੜ੍ਹਾਂ ਤੋਂ ਬਾਅਦ ਅਤੇ ਬਰਸਾਤ ਦਾ ਮੌਸਮ ਹੋਣ ਕਾਰਣ ਸੱਪਾਂ ਦਾ ਖੱਡਾਂ ਵਿੱਚੋਂ ਨਿਕਲ ਕੇ ਬਾਹਰ ਆਉਣਾ ਆਮ ਹੈ। ਜਿਸ ਕਾਰਨ ਇਸ ਮੌਸਮ ਵਿੱਚ ਸੱਪ ਦੇ ਡੰਗੇ ਦੇ ਕੇਸ ਆਮ ਦੇਖਣ ਨੂੰ ਮਿਲਦੇ ਹਨ। ਉਨ੍ਹਾਂ ਆਖਿਆ ਕਿ ਸੱਪ ਦੇ ਡੰਗਣ ਤੋਂ ਤੁਰੰਤ ਐਂਬੂਲੈਂਸ 108 ਨੂੰ ਕਾਲ ਕਰਕੇ ਮਰੀਜ਼ ਨੂੰ ਤੁਰੰਤ ਹਸਪਤਾਲ ਲੈ ਕੇ ਜਾਓ। ਡੰਗ ਮਾਰੀ ਹੋਈ ਥਾਂ ਨੂੰ ਨਾ ਹੀ ਕੱਟਿਆ ਜਾਵੇ ਤੇ ਨਾ ਹੀ ਮੂੰਹ ਨਾਲ ਜ਼ਹਿਰ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ ਜਾਵੇ। ਡਾਕਟਰੀ ਸਲਾਹ ਤੋਂ ਬਗੈਰ ਕਿਸੇ ਕਿਸਮ ਦੀ ਦਵਾਈ ਦੀ ਵਰਤੋਂ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਖੇਤਾਂ, ਜੰਗਲਾਂ ਅਤੇ ਘਾਹ ਵਾਲੀਆ ਥਾਵਾਂ ਤੇ ਬਾਹਰ ਜਾਣ ਵੇਲੇ ਬੰਦ ਜੁੱਤਿਆਂ, ਲੰਬੇ ਬੂਟ ਅਤੇ ਪੈਂਟਾਂ ਪਾਈਆਂ ਜਾਣ। ਰਾਤ ਨੂੰ ਬਾਹਰ ਜਾਣ ਵੇਲੇ ਹਮੇਸ਼ਾਂ ਟਾਰਚ ਜਾਂ ਮੋਬਾਈਲ ਦੀ ਲਾਈਟ ਦੀ ਵਰਤੋਂ ਕੀਤੀ ਜਾਵੇ। ਫਰਸ਼ ਉੱਤੇ ਸੌਣ ਤੋਂ ਗੁਰੇਜ਼ ਕੀਤਾ ਜਾਵੇ। ਘਰ ਦੇ ਆਲੇ ਦੁਆਲੇ ਨੂੰ ਸਾਫ ਸੁਥਰਾ ਅਤੇ ਘਰ ਵਿੱਚ ਸਮਾਨ ਨੂੰ ਤਰਤੀਬ ਅਨੁਸਾਰ ਰੱਖਿਆ ਜਾਵੇ। ਸੱਪਾਂ ਦੀ ਓਟ ਘੱਟ ਕਰਨ ਲਈ ਘਰਾਂ ਦੇ ਨੇੜੇ ਘਾਹ, ਝਾੜੀਆਂ ਨੂੰ ਕੱਟ ਕੇ ਰੱਖਿਆ ਜਾਵੇ।ਉਨ੍ਹਾਂ ਅੱਗੇ ਦੱਸਿਆ ਕਿ ਸੱਪ ਦੇ ਡੰਗ ਮਾਰੇ ਦੇ ਇਲਾਜ ਲਈ ਐਂਟੀ ਸਨੇਕ ਵੈਨਮ ਜਿਲ੍ਹੇ ਦੇ ਰਾਜਿੰਦਰਾ ਹਸਪਤਾਲ, ਮਾਤਾ ਕੁਸ਼ਲਿਆ ਹਸਪਤਾਲ ਅਤੇ ਸਬ ਡਵੀਜ਼ਨ ਹਸਪਤਾਲ ਨਾਭਾ, ਸਮਾਣਾ, ਰਾਜਪੁਰਾ, BDXG ਕਮਿਉਨਿਟੀ ਸਿਹਤ ਕੇਂਦਰਾ ਵਿਖੇ ਉਪਲਬਧ ਹੈ।ਇਸਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ।

# ਪਸ਼ੂਆਂ ਲਈ ਵੈਟਰਨਰੀ ਪੋਲੀਕਲਿਨਿਕ 'ਚ ਐਕਸ ਰੇ ਦੀ ਸਹੂਲਤ ਸ਼ੁਰੂ; ਪਟਿਆਲਾ ਬਣਿਆ ਸਹੂਲਤ ਦੇਣ ਵਾਲਾ ਸੂਬੇ ਦਾ ਪਹਿਲਾ ਜ਼ਿਲ੍ਹਾ

**➢ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪਟਿਆਲਾ ਵੈਟਰਨਰੀ ਪੋਲੀਕਲਿਨਿਕ 'ਚ 56 ਲੱਖ ਰੁਪਏ ਦੀ ਐਕਸ-ਰੇ ਮਸ਼ੀਨ ਦਾ ਉਦਘਾਟਨ ➢ ਪਸ਼ੂਆਂ ਦੀਆਂ ਬਿਮਾਰੀਆਂ ਦੀ ਪਛਾਣ ਕਰਨ 'ਚ ਸਹਾਈ ਹੋਵੇਗੀ ਡਿਜੀਟਲ ਐਕਸ-ਰੇ ਮਸ਼ੀਨ : ਗੁਰਮੀਤ ਸਿੰਘ ਖੁੱਡੀਆਂ**

**ਪਟਿਆਲਾ, 23 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਪਸ਼ੂ ਪਾਲਣ, ਖੇਤੀਬਾੜੀ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਪਟਿਆਲਾ ਤੋਂ ਸਰਕਾਰੀ ਵੈਟਰਨਰੀ ਪੋਲੀਕਲਿਨਿਕ 'ਚ ਸੂਬੇ ਦੀ ਪਹਿਲੀ ਪਸ਼ੂਆਂ ਲਈ ਡਿਜ਼ੀਟਲ ਐਕਸ ਰੇ ਦੀ ਸਹੂਲਤ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਦੇ ਨਾਲ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤਜਿੰਦਰ ਮਹਿਤਾ ਵੀ ਮੌਜੂਦ ਸਨ।

ਇਸ ਮੌਕੇ ਉਨ੍ਹਾਂ ਕਿਹਾ ਕਿ ਪਟਿਆਲਾ ਦੇ ਸਰਕਾਰੀ ਵੈਟਰਨਰੀ ਪੋਲੀਕਲਿਨਿਕ 'ਚ 56 ਲੱਖ ਰੁਪਏ ਦੀ ਆਧੁਨਿਕ 800 ਐਮ.ਏ.ਐਸ. ਐਕਸ-ਰੇ ਮਸ਼ੀਨ ਲਗਾਈ ਗਈ ਹੈ ਜੋ ਕਿ ਸੂਬੇ 'ਚ ਸਭ ਤੋਂ ਪਹਿਲੀ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਇਹ ਮਸ਼ੀਨ ਸੂਬੇ ਦੇ ਹੋਰਨਾਂ ਸਰਕਾਰੀ ਵੈਟਰਨਰੀ ਪੋਲੀਕਲਿਨਿਕ ਵਿੱਚ ਵੀ ਲਗਾਈ ਜਾਵੇਗੀ।

ਪਸ਼ੂ ਪਾਲਣ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਰਾਜ ਭਰ ਦੇ ਵੈਟਰਨਰੀ ਹਸਪਤਾਲਾਂ ਅਤੇ ਪੋਲੀਕਲਿਨਿਕ ਨੂੰ ਆਧੁਨਿਕ ਸਿਹਤ ਸਹੂਲਤਾਂ ਨਾਲ ਲੈਸ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਮਸ਼ੀਨ ਪਸ਼ੂਆਂ ਦੀ ਸਾਹ ਸੰਬੰਧੀ ਸਮੱਸਿਆਵਾਂ, ਹੱਡੀਆਂ ਦੀਆਂ ਬਿਮਾਰੀਆਂ, ਪੇਟ ਦੇ ਕੈਂਸਰ ਅਤੇ ਹੋਰ ਕਿਸਮਾਂ ਦੇ ਕੈਂਸਰ ਦੀ ਸਹੀ ਅਤੇ ਸਮੇਂ ਸਿਰ ਪਛਾਣ ਕਰਨ ਵਿੱਚ ਬਹੁਤ ਮਦਦਗਾਰ ਸਾਬਤ ਹੋਵੇਗੀ।

ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਹ ਮਸ਼ੀਨ ਰੇਡੀਏਸ਼ਨ ਥੈਰੇਪੀ ਰਾਹੀਂ ਕੈਂਸਰ ਦੇ ਇਲਾਜ ਲਈ ਵੀ ਵਰਤੀ ਜਾ ਸਕਦੀ ਹੈ, ਜੋ ਕਿ ਪੰਜਾਬ ਦੇ ਵੈਟਰਨਰੀ ਸਿਹਤ ਪ੍ਰਣਾਲੀ ਲਈ ਇੱਕ ਮਹੱਤਵਪੂਰਨ ਉਪਲਬਧੀ ਹੈ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪਸ਼ੂ ਪਾਲਣਾ ਪੰਜਾਬ ਦੀ ਅਰਥਵਿਵਸਥਾ ਦਾ ਅਟੁੱਟ ਹਿੱਸਾ ਹੈ।



ਪਸ਼ੂ ਪਾਲਣ ਸੇਵਾਵਾਂ ਨੂੰ ਮਜ਼ਬੂਤ ਕਰਨ ਨਾਲ ਪਸ਼ੂਆਂ ਦੀ ਸਿਹਤ ਵਿੱਚ ਸੁਧਾਰ ਆਵੇਗਾ ਅਤੇ ਦੁੱਧ ਦੀ ਪੈਦਾਵਾਰ ਵਿੱਚ ਵਾਧਾ ਹੋਵੇਗਾ, ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ।

ਉਨ੍ਹਾਂ ਦੱਸਿਆ ਕਿ ਪਟਿਆਲਾ ਦੇ ਵੈਟਰਨਰੀ ਪੋਲੀਕਲਿਨਿਕ ਵਿਖੇ ਆਈ.ਪੀ.ਡੀ. ਦੀ ਸਹੂਲਤ ਵੀ ਮੌਜੂਦ ਹੈ ਜਿਸਦੇ ਰਹਿੰਦੀਆਂ ਇਲਾਜ ਅਧੀਨ ਪਸ਼ੂ/ ਕੁੱਤਾ ਜਾਂ ਬਿੱਲੀ ਨੂੰ ਰਾਤ ਦੇ ਸਮੇਂ ਵੀ ਹਸਪਤਾਲ ਵਿੱਚ ਦਾਖਲ ਰੱਖਿਆ ਜਾ ਸਕਦਾ ਹੈ। ਇਹ ਪੰਜਾਬ ਸਰਕਾਰ ਦੀ ਨਿਵੇਕਲੀ ਪਹਿਲ ਕਦਮੀ ਹੈ ਕਿ ਪਸ਼ੂ ਪਾਲਕ ਆਪਣੇ ਪਸ਼ੂ ਨਾਲ ਹਸਪਤਾਲ ਵਿੱਚ ਹੀ ਰਹਿ ਸਕਦੇ ਹਨ, ਜਿਸ ਨਾਲ ਪਸ਼ੂ ਨੂੰ ਇਲਾਜ ਲਈ/ ਓਪਰੇਸ਼ਨ ਉਪਰੰਤ ਵਾਰ ਵਾਰ ਹਸਪਤਾਲ ਲਿਆਉਣ ਦਾ ਖਰਚਾ ਵੀ ਬਚਦਾ ਹੈ।

ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੈਰ ਰਸਮੀ ਗੱਲਬਾਤ ਕਰਦਿਆਂ ਕਿਹਾ ਕਿ ਹੜ੍ਹਾਂ ਕਾਰਨ ਪੰਜਾਬ ਦਾ ਵੱਡਾ ਨੁਕਸਾਨ ਹੋਇਆ ਹੈ ਅਤੇ ਹਾਲੇ ਤੱਕ ਤਕਰੀਬਨ 20 ਹਜ਼ਾਰ ਕਰੋੜ ਰੁਪਏ ਦਾ ਅਨੁਮਾਨ ਲਗਾਇਆ ਗਿਆ ਹੈ ਅਤੇ 5 ਹਜ਼ਾਰ ਏਕੜ 'ਚ ਫ਼ਸਲ ਤਬਾਹ ਹੋਈ ਹੈ। ਉਨ੍ਹਾਂ ਦੱਸਿਆ ਕਿ 2500 ਦੇ ਕਰੀਬ ਮਰੇ ਪਸ਼ੂਆਂ ਦੀ ਸ਼ਨਾਖਤ ਹੋ ਚੁੱਕੀ ਹੈ ਤੇ ਹਾਲੇ ਹੋਰ ਸ਼ਨਾਖਤ ਕੀਤੀ ਜਾ ਰਹੀ ਹੈ, ਕਿਉਂਕਿ ਹਾਲੇ ਕਈ ਥਾਵਾਂ 'ਤੇ ਹਾਲੇ ਪਾਣੀ ਖੜ੍ਹਾਂ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਡਾਇਰੈਕਟਰ ਪਸ਼ੂ ਪਾਲਣ ਡਾ. ਪਰਮਜੀਤ ਸਿੰਘ ਵਾਲੀਆਂ, ਡਿਪਟੀ ਡਾਇਰੈਕਟਰ ਡਾ. ਬਿਕਰਮਜੀਤ ਸਿੰਘ, ਡਿਪਟੀ ਡਾਇਰੈਕਟਰ, ਰੌਣੀ ਫਾਰਮ ਡਾ. ਰਾਜੀਵ ਗੌਰਵਰ, ਅਸਿਸਟੈਂਟ ਡਾਇਰੈਕਟਰ ਡਾ. ਸੋਨਿੰਦਰ ਕੌਰ, ਡਾ. ਰਜਨੀਕ ਭੌਰਾ, ਡਾ. ਕੰਵਰ ਅਨੂਪ ਕਲੇਰ, ਡਾ. ਜਗਵਿੰਦਰ ਕੌਰ, ਡਾ. ਗਗਨਦੀਪ ਥਾਪਰਵਾਲ, ਡਾ. ਗੁਰਪ੍ਰੀਤ ਸਿੰਘ, ਡਾ. ਸੰਜੂ ਸਿੰਗਲਾ, ਡਾ. ਰਵੀ ਸਿੰਗਲਾ, ਡਾ. ਜਸਵਿੰਦਰ ਸਿੰਘ, ਡਾ. ਵਨੀਤ ਮਲਹੋਤਰਾ, ਡਾ. ਜਗਪ੍ਰੀਤ ਸਿੰਘ ਅਤੇ ਵਿਭਾਗ ਦੇ ਹੋਰ ਅਧਿਕਾਰੀਆਂ ਵੀ ਮੌਜੂਦ ਸਨ ।

# ਸਿੱਖ ਰਾਜ ਕਿਵੇਂ



ਸਿੱਖ ਪੰਥ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ

ਜਗਤ ਜਲੰਦਾ ਠਾਰਨ ਵਾਸਤੇ ਗੁਰੂ ਨਾਨਕ ਦੇਵ ਜੀ ਨੇ 15 ਅਪ੍ਰੈਲ 1469 ਈ: (ਵਿਸਾਖ ਸੁਦੀ 3, 1526 ਬਿਕ੍ਰਮੀ) ਨੂੰ ਅਵਤਾਰ ਧਾਰਿਆ। ਆਪ ਨੇ ਦੇਸ਼ ਦੇ ਡਿੱਗੇ ਹੋਏ ਜੀਵਨ ਨੂੰ ਹਰ ਪਹਿਲੂ ਤੋਂ ਉੱਚਾ ਚੁੱਕਿਆ, ਨਿਰੰਕਾਰ ਦੇ ਸਿਮਰਨ ਦੀ ਨਵੀਂ ਲਟਕ ਲਾਈ, ਧਰਮ ਤੇ ਸਮਾਜ ਦੀਆਂ ਕੁਰੀਤੀਆਂ ਨੂੰ ਦੂਰ ਕੀਤਾ ਤੇ ਨਾਲ ਹੀ ਸਮੇਂ ਦੀ ਹਕੂਮਤ ਉਤੇ ਵੀ ਬੜੇ ਖੁੱਲ੍ਹੇ ਤੇ ਖਰੇ ਸ਼ਬਦਾਂ ਵਿਚ ਨੁਕਤਾਚੀਨੀ ਕੀਤੀ। ਰਾਜ-ਕਰਮਚਾਰੀਆਂ ਦੇ ਚਲਨ ਬਾਰੇ ਆਪ ਨੇ ਰਾਏ ਪ੍ਰਗਟ ਕੀਤੀ : 'ਕਾਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ।'

ਜਿਥੇ ਹਜ਼ੂਰ ਰੂਹਾਨੀਅਤ ਦੇ ਮਾਲਿਕ ਸਨ, ਉਥੇ ਧਰਮ, ਰਾਜਨੀਤੀ ਦੇ ਵੀ ਸੱਚੇ ਪ੍ਰਚਾਰਕ ਸਨ। ਗਰੀਬਾਂ ਦਾ ਦਰਦ ਰੱਖਣ ਵਾਲੇ ਮਹਾਰਾਜ ਦੁਖੀ ਪਰਜਾ ਨੂੰ ਕਸਾਈ ਰਾਜਿਆਂ ਦੇ ਵੱਸ ਪਿਆ ਦੇਖ ਕੇ ਕਿਵੇਂ ਸਹਾਰ ਸਕਦੇ ਸਨ ? ਸੋ ਆਪ ਨੇ ਇਕ ਅਜਿਹੇ ਪੰਥ ਦੀ ਨੀਂਹ ਧਰੀ, ਜੋ ਦੇਸ਼ ਵਿਚ ਧਰਮ ਦਾ ਰਾਜ ਕਾਇਮ ਕਰ ਸਕੇ।

ਇਸ ਪੰਥ ਦਾ ਪ੍ਰਚਾਰ ਸਾਰੇ ਦੇਸ਼ ਵਿਚ ਖਿੱਲਰ ਗਿਆ ਤਾਂ ਤੀਜੇ ਗੁਰੂ ਅਮਰਦਾਸ ਜੀ ਨੇ ਸਾਰੇ ਮੁਲਕ ਨੂੰ ਬਾਈ ਹਿੱਸਿਆਂ ਵਿਚ ਵੰਡਿਆ ਤੇ ਹਰ ਹਿੱਸੇ ਵਿਚ ਪ੍ਰਚਾਰ ਵਾਸਤੇ ਇਕ-ਇਕ ਆਗੂ ਥਾਪਿਆ। ਇਸ ਸਿਲਸਿਲੇ ਨੂੰ 'ਬਾਈ ਮੰਜੀਆਂ' ਵੀ ਕਹਿੰਦੇ ਹਨ। ਨੀਤੀ ਨਿਪੁੰਨ ਬਾਦਸ਼ਾਹ ਅਕਬਰ ਗੁਰੂ ਘਰ ਦਾ ਸ਼ਰਧਾਲੂ ਸੀ। ਉਹ ਲਾਹੌਰ ਤੋਂ ਦਿੱਲੀ ਨੂੰ ਜਾਂਦਾ ਹੋਇਆ ਗੁਰੂ ਜੀ ਦੇ ਦਰਸ਼ਨ ਨੂੰ ਗਿਆ ਤੇ ਕਿਹਾ, 'ਹਜ਼ੂਰ, ਕੋਈ ਸੇਵਾ ਬਖਸ਼ੋ।' ਤਾਂ ਮਹਾਰਾਜ ਨੇ ਕਿਹਾ, 'ਇਸ ਸਾਲ ਪੰਜਾਬ ਦਾ ਮਾਮਲਾ ਮਾਫ਼ ਕਰ ਦਿਹ, ਕਿਉਂਕਿ ਜਿਨਸਾਂ ਦੇ ਭਾਉ ਗਿਰਨ ਕਰਕੇ ਜ਼ਿਮੀਂਦਾਰਾਂ ਨੂੰ ਬੜੀ ਤੰਗੀ ਹੋ ਜਾਵੇਗੀ।' ਅਕਬਰ ਨੇ ਮਾਮਲਾ ਮਾਫ਼ ਕਰ ਦਿੱਤਾ ਤੇ ਆਪਣੀ ਰਾਏ ਪ੍ਰਗਟ ਕੀਤੀ ਕਿ 'ਗੁਰੂ ਗਰੀਬਾਂ ਦਾ ਦੋਸਤ ਹੈ।' ਇਸ ਘਟਨਾ ਦਾ ਇਹ ਅਸਰ ਹੋਇਆ ਕਿ ਪੰਜਾਬ ਦੇ ਜੱਟਾਂ ਵਿਚ ਸਿੱਖੀ ਬਹੁਤ ਵਧ ਗਈ। ਗੁਰੂ ਅਰਜਨ ਦੇਵ ਜੀ ਨੇ ਸਿੱਖੀ (ਪੰਥ) ਨੂੰ ਸਹੀ ਅਰਥਾਂ ਵਿਚ ਜਥੇਬੰਦ ਕੀਤਾ। ਆਪਣੇ ਪਿਤਾ ਜੀ ਦਾ ਆਰੰਭ ਕੀਤਾ ਹੋਇਆ ਅੰਮ੍ਰਿਤਸਰ ਹਰਿਮੰਦਰ ਸਾਹਿਬ ਪੂਰਨ ਕੀਤਾ, ਬਾਈ ਸੂਬਿਆਂ ਦੇ ਪ੍ਰਚਾਰ ਤੇ ਉਗਰਾਹੀ ਨੂੰ ਠੀਕ ਕੀਤਾ ਤੇ ਸਭ ਤੋਂ ਵੱਡਾ ਕੰਮ 'ਗੁਰੂ ਗ੍ਰੰਥ' ਸਾਹਿਬ ਦੀ ਬੀੜ ਪੂਰੀ ਕਰਨ ਦਾ ਕੀਤਾ। ਹੁਣ ਸਿੱਖ ਇਕ ਪੂਰੀ ਤਰ੍ਹਾਂ ਜਥੇਬੰਦ ਧਰਮ (ਮਜ਼੍ਹਬ-ਫਿਰਕਾ) ਸੀ।

ਸਿੱਖਾਂ ਕੋਲ ਚਾਰ ਚੀਜ਼ਾਂ ਆਪਣੀਆਂ ਸਨ : 1. ਆਪਣਾ ਧਰਮ ਗ੍ਰੰਥ, 2. ਆਪਣਾ ਧਰਮ ਮੰਦਿਰ, 3. ਆਪਣਾ ਧਰਮ ਆਗੂ ਤੇ 4. ਆਪਣੀ ਸਾਂਝੀ ਗੋਲਕ (ਫੰਡ ਜਾਂ ਖਜ਼ਾਨਾ)। ਇਸ ਵੇਲੇ ਸਿੱਖੀ ਫਕੀਰਾਂ ਦੀ ਟੋਲੀ ਨਹੀਂ ਰਹੀ ਸੀ, ਸਗੋਂ ਵਿਹਾਰਕ ਬੰਦਿਆਂ ਦਾ ਇਕ ਅਟੁੱਟ ਲੜੀ ਵਿਚ ਪਰੋਇਆ ਹੋਇਆ ਪੰਥ ਸੀ। ਉਨ੍ਹਾਂ ਵਿਚ ਵਾਹੀਵਾਨ ਜ਼ਿਮੀਂਦਾਰ, ਦੁਕਾਨਦਾਰ, ਵਪਾਰੀ, ਸ਼ਸਤਰਧਾਰੀ, ਸਿਪਾਹੀ, ਧਰਮ ਪ੍ਰਚਾਰਕ, ਮੁੱਕਦੀ ਗੱਲ, ਵੱਡੇ ਤੋਂ ਵੱਡਾ ਤੇ ਛੋਟੇ ਤੋਂ ਛੋਟਾ, ਹਰ ਤਰ੍ਹਾਂ ਦੇ ਆਦਮੀ ਸਨ। ਉਹ ਇਕ ਨਿਰੰਕਾਰ ਨੂੰ ਪੂਜਦੇ ਤੇ ਧਰਤੀ 'ਤੇ ਇਕ ਗੁਰੂ ਅਰਜਨ ਦੇਵ ਜੀ ਦਾ ਹੁਕਮ ਮੰਨਦੇ ਸਨ। ਇਸ ਵੇਲੇ ਗੁਰਗੱਦੀ ਦੀ ਸ਼ਾਨ ਫਕੀਰਾਂ ਵਾਲੀ ਨਹੀਂ, ਮਹਾਰਾਜਿਆਂ ਵਾਲੀ ਸੀ। ਗੁਰੂ ਅਰਜਨ ਦੇਵ ਜੀ ਆਪ ਬੜੇ ਸਾਦਾ ਰਹਿੰਦੇ ਸਨ ਪਰ ਗੁਰਗੱਦੀ ਦੀ ਸ਼ਾਨ ਵਾਸਤੇ ਸ਼ਾਹੀ ਮੰਦਿਰ, ਰੇਸ਼ਮੀ ਤੰਬੂ, ਹਾਥੀ, ਘੋੜੇ ਸਭ ਕੁਝ ਸੀ। ਇਥੋਂ ਤੱਕ ਸਿੱਖੀ ਨੇ ਤਰੱਕੀ ਕੀਤੀ ਕਿ ਇਹ ਪੰਥ ਤੁਅੱਸਬੀ ਜਹਾਂਗੀਰ ਦੀਆਂ ਅੱਖਾਂ ਵਿਚ ਰੜਕਣ ਲੱਗ ਪਿਆ। ਅੰਤ ਉਸ ਧੱਕੇਖੋਰ ਬਾਦਸ਼ਾਹ ਦੇ ਹੁਕਮ ਨਾਲ ਗੁਰੂ ਅਰਜਨ ਦੇਵ ਜੀ 30 ਮਈ 1606 ਈ: ਜੇਠ ਸੁਦੀ ਚਾਰ, ਦੋ ਹਾੜ੍ਹ 1663 ਬਿ: ਨੂੰ ਸ਼ਹੀਦ ਕਰ ਦਿੱਤੇ ਗਏ।

ਫਿਰ ਬਲੀ ਯੋਧੇ ਗੁਰੂ ਹਰਿਗੋਬਿੰਦ ਸਾਹਿਬ ਜੀ ਗੁਰਗੱਦੀ 'ਤੇ ਬੈਠੇ। ਉਹ ਪੀਰਾਂ ਦੇ ਪੀਰ ਤੇ ਰਾਜਿਆਂ ਦੇ ਮਹਾਰਾਜ ਸਨ। ਉਨ੍ਹਾਂ ਦੇ ਸਿਰ 'ਤੇ ਸੁਨਹਿਰੀ ਕਲਗੀ, ਗਾਤਰੇ, ਦੋ ਤਲਵਾਰਾਂ ਤੇ ਹੱਥ ਉਤੇ ਸੁੰਦਰ ਬਾਜ਼ ਹੁੰਦਾ ਸੀ। ਆਪ ਅਕਾਲ ਤਖ਼ਤ ਉਤੇ ਸ਼ਾਹੀ ਪੁਸ਼ਾਕ ਪਹਿਨ ਕੇ ਬਾਦਸ਼ਾਹੀ ਤਖ਼ਤ ਸਜਾ ਕੇ ਦਰਬਾਰ ਲਗਾਉਂਦੇ ਸਨ। ਮੁਗਲ-ਸ਼ਾਹੀ ਦੇ ਅੰਦਰ-ਅੰਦਰ ਹੀ ਸਿੱਖਾਂ ਦਾ ਪੰਚਾਇਤੀ ਰਾਜ ਕਾਇਮ ਹੋ ਚੁੱਕਾ ਸੀ। ਅੰਮ੍ਰਿਤਸਰ ਉਨ੍ਹਾਂ ਦੀ ਰਾਜਧਾਨੀ ਸੀ ਤੇ ਗੁਰੂ ਹਰਿਗੋਬਿੰਦ ਸਾਹਿਬ ਉਨ੍ਹਾਂ ਦੇ 'ਸੱਚੇ ਪਾਤਸ਼ਾਹ'। ਅਕਾਲ ਤਖ਼ਤ ਤੋਂ 'ਸੱਚੇ ਪਾਤਸ਼ਾਹ' ਦੀ ਮੋਹਰ ਥੱਲੇ ਹੁਕਮਨਾਮੇ ਜਾਰੀ ਹੋਇਆ ਕਰਦੇ ਸਨ। ਸਿੱਖ ਘੋੜਿਆਂ 'ਤੇ ਚੜ੍ਹਦੇ, ਤਲਵਾਰਾਂ ਲਿਸ਼ਕਾਉਂਦੇ, ਤੀਰਾਂ ਦੇ ਨਿਸ਼ਾਨੇ ਸਿੱਖਦੇ ਤੇ ਜੰਗਲਾਂ ਵਿਚ ਸ਼ਾਹੀ ਹਾਕਮਾਂ ਵਾਂਗ ਸ਼ਿਕਾਰ ਖੇਡਦੇ ਸਨ। ਛੇਵੇਂ ਗੁਰੂ ਜੀ ਨੇ ਸਿੱਖਾਂ ਨੂੰ ਪੂਰੇ ਸਿਪਾਹੀ ਬਣਾ ਦਿੱਤਾ ਸੀ। ਰਾਜ ਕਰਮਚਾਰੀਆਂ ਨੇ ਸਿੱਖਾਂ ਦੀ ਫੌਜੀ ਤਾਕਤ ਨੂੰ ਦਬਾਉਣਾ ਚਾਹਿਆ ਤੇ ਗੱਲੇ-ਕੱਥੇ ਲੜਾਈ ਵਾਸਤੇ ਬਹਾਨੇ ਟੋਲ੍ਹਣ ਲੱਗੇ।

ਸੱਚੀ ਸਰਕਾਰ ਦੀ ਕਮਾਨ ਥੱਲੇ ਸਿੱਖ ਵੀ ਇਸ ਕੰਮ ਲਈ ਤਿਆਰ ਹੋ ਚੁੱਕੇ ਸਨ, ਸੋ 1628 ਤੋਂ 1634 ਈ: ਤੱਕ ਸ਼ਾਹੀ ਸੈਨਾ ਨਾਲ ਗੁਰੂ ਹਰਿਗੋਬਿੰਦ ਸਾਹਿਬ ਜੀ ਦੀਆਂ ਚਾਰ ਲੜਾਈਆਂ ਹੋਈਆਂ ਤੇ ਚੌਹਾਂ ਵਿਚ ਹੀ ਗੁਰੂ ਸਾਹਿਬ ਨੂੰ ਪੂਰੀ ਫਤਹਿ ਪ੍ਰਾਪਤ ਹੋਈ। ਸ਼ਾਹੀ ਸੈਨਾ ਬਹੁਤੀ, ਸਣੇ ਜਰਨੈਲਾਂ, ਮਾਰੀ ਜਾਂਦੀ ਰਹੀ ਤੇ ਰਹਿੰਦੀ ਨੱਸ ਜਾਂਦੀ ਰਹੀ।

ਔਰੰਗਜ਼ੇਬ ਦਾ ਸਮਾਂ ਆਇਆ ਤਾਂ ਮੁਗਲਾਂ ਦੀ ਧੱਕੇਸ਼ਾਹੀ ਹੱਦੋਂ ਵਧ ਗਈ। ਮੁਲਾਣਿਆਂ ਨੂੰ ਖੁਸ਼ ਕਰਨ ਬਦਲੇ ਉਸ ਨੇ ਹਿੰਦੂਆਂ ਤੇ ਸਿੱਖਾਂ ਉਤੇ ਜ਼ੁਲਮ ਕਰਨੇ ਸ਼ੁਰੂ ਕਰ ਦਿੱਤੇ, ਮੰਦਿਰ ਢਾਹੁਣੇ ਆਰੰਭ ਦਿੱਤੇ, ਪਾਠ-ਪੂਜਾ ਬੰਦ ਤੇ ਸ਼ਬਦ ਕੀਰਤਨ ਦੀ ਮਨਾਹੀ ਕਰ ਦਿੱਤੀ। ਇਸ ਜ਼ੁਲਮ ਦੇ ਹੜ੍ਹ ਨੂੰ ਰੋਕਣ ਵਾਸਤੇ ਗੁਰੂ ਤੇਗ ਬਹਾਦਰ ਜੀ ਨੇ ਆਪਣਾ-ਆਪ ਪੇਸ਼ ਕੀਤਾ ਜੋ ਔਰੰਗਜ਼ੇਬ ਦੇ ਹੁਕਮ ਨਾਲ 11 ਨਵੰਬਰ 1675 ਈ: (12 ਮੱਘਰ, ਮੱਘਰ ਸੁਦੀ 5, 1732 ਬਿ:) ਨੂੰ ਦਿੱਲੀ ਵਿਚ ਸ਼ਹੀਦ ਕਰ ਦਿੱਤੇ ਗਏ। ਗੁਰੂ ਸਾਹਿਬ ਦੀ ਸ਼ਹੀਦੀ ਨੇ ਦੇਸ਼ ਭਰ ਦੇ ਸਿੱਖਾਂ ਦੇ ਦਿਲਾਂ ਵਿਚ ਜੋਸ਼ ਤੇ ਗੁੱਸੇ ਦੀ ਅੱਗ ਬਾਲ ਦਿੱਤੀ। ਉਹ ਮਰਨ-ਮਾਰਨ ਦੀ ਧਾਰ ਕੇ ਛੇਵੇਂ ਪਾਤਸ਼ਾਹ ਦੇ ਸਮੇਂ ਦੀਆਂ ਜਿੱਤਾਂ ਨੂੰ ਯਾਦ ਕਰਦੇ ਹੋਏ ਦਸਵੇਂ ਗੁਰੂ ਦੇ ਝੰਡੇ ਹੇਠ 'ਕੱਠੇ ਹੋਣ ਲੱਗੇ। ਦਸਮੇਸ਼ ਜੀ ਨੇ ਵੀ ਸੋਚ ਲਿਆ ਕਿ ਹੁਣ ਤਲਵਾਰ ਉਠਾਏ ਬਿਨਾਂ ਨਿਭਾਉ ਔਖਾ ਹੈ। ਸੋ ਮਹਾਰਾਜ ਨੇ ਧੱਕੇਸ਼ਾਹੀ ਨਾਲ ਟੱਕਰ ਲੈਣ ਵਾਸਤੇ ਬੜੇ ਖੁੱਲ੍ਹੇ ਪੈਮਾਨੇ ਉਤੇ ਫੌਜੀ ਤਿਆਰੀਆਂ ਆਰੰਭ ਦਿੱਤੀਆਂ। ਪਹਾੜੀਏ ਹਿੰਦੂ ਰਾਜੇ ਬਦੋਬਦੀ ਸਿੱਖਾਂ ਦੇ ਰਾਹ ਵਿਚ ਆ ਅੜੇ, ਸੋ ਮਜਬੂਰਨ ਸਿੱਖਾਂ ਨੂੰ ਉਨ੍ਹਾਂ ਨਾਲ ਲੜਨਾ ਪਿਆ। ਕਦੇ ਲੜਾਈ, ਕਦੇ ਸੁਲ੍ਹਾ ਤੇ ਕਦੇ ਦੋਵਾਂ ਧਿਰਾਂ ਨੇ ਰਲ ਕੇ ਸ਼ਾਹੀ ਸੈਨਾ ਨਾਲ ਵੀ ਟੱਕਰ ਲਈ।

ਸਿੱਖ ਇਕ ਤਕੜੀ ਫੌਜੀ ਤਾਕਤ ਬਣ ਗਏ ਸਨ। ਹੁਣ ਮਹਾਰਾਜ ਨੇ ਉਨ੍ਹਾਂ ਦੀ ਪ੍ਰੀਖਿਆ ਕਰਨੀ ਚਾਹੀ। ਦੁਨੀਆ ਦੇ ਇਤਿਹਾਸ ਵਿਚ ਇਹ ਅਨੋਖੀ ਪ੍ਰੀਖਿਆ ਸੀ। ਭਰੇ ਦੀਵਾਨ ਅੰਦਰ, ਹੱਥ ਵਿਚ ਚਮਕਦੀ ਤਲਵਾਰ ਲੈ ਕੇ ਹਜ਼ੂਰ ਨੇ ਸਿਰ ਮੰਗੇ। ਸਿੱਖੀ ਇਮਤਿਹਾਨ ਵਿਚ ਪਾਸ ਹੋਈ, ਪੰਜਾਂ ਸਿੱਖਾਂ ਨੇ ਸੀਸ ਭੇਟਾ ਕੀਤੇ। ਇਸ ਤਰ੍ਹਾਂ ਗੁਰੂ ਨਾਨਕ ਦੇ ਚਲਾਏ ਹੋਏ ਪੰਥ ਨੂੰ ਦਸਵੇਂ ਗੁਰੂ ਨੇ ਪੂਰਨਤਾ ਬਖਸ਼ੀ। ਪੰਜਾਂ ਪਿਆਰਿਆਂ ਨੂੰ ਅੰਮ੍ਰਿਤ ਛਕਾਇਆ ਤੇ ਉਨ੍ਹਾਂ ਤੋਂ ਆਪ ਛਕਿਆ। ਉਨ੍ਹਾਂ ਨੂੰ 'ਸਿੰਘ' ਬਣਾਇਆ ਤੇ ਆਪ 'ਸਿੰਘ' ਬਣੇ। ਇਸੇ ਦਿਨ (ਵਿਸਾਖ 1, 1756 ਬਿ:=30 ਮਾਰਚ, 1699 ਈ:) ਹਜ਼ਾਰਾਂ ਸਿੱਖ ਅੰਮ੍ਰਿਤ ਛਕ ਕੇ ਸਿੰਘ ਬਣ ਗਏ। ਸ੍ਰੀ ਕੇਸਗੜ੍ਹ ਵਿਚ ਤਖ਼ਤ ਉਤੇ ਖਲੋ ਕੇ ਗੁਰੂ ਗੋਬਿੰਦ ਸਿੰਘ ਜੀ ਨੇ ਕਿਹਾ, 'ਮੇਰੇ ਰੂਪ, ਬਹਾਦਰ ਸਿੰਘੋ। ਹੁਣ ਅਸੀਂ 'ਵਾਹਿਗੁਰੂ ਜੀ ਕਾ ਖਾਲਸਾ' ਬਣੇ ਹਾਂ, ਤਾਂ 'ਵਾਹਿਗੁਰੂ ਜੀ ਕੀ ਫ਼ਤਹਿ' ਵੀ ਹੋਵੇਗੀ। ਇਹ ਅਕਾਲੀ ਪੰਥ ਸਾਜਣ ਵਾਸਤੇ ਹੀ ਅਕਾਲ ਪੁਰਖ ਨੇ ਮੈਨੂੰ ਭੇਜਿਆ ਸੀ। ਖਾਲਸਾ ਜੀ! ਤੁਸੀਂ ਅੱਜ ਤੋਂ ਅਕਾਲ ਪੁਰਖ ਦੇ ਪੁੱਤਰ, ਵਾਹਿਗੁਰੂ ਦਾ ਰੂਪ, ਚੁਰਾਸੀ ਤੋਂ ਉੱਚੇ, ਜੰਮਣ-ਮਰਨ ਤੋਂ ਰਹਿਤ ਤੇ ਸਾਰੀ ਧਰਤੀ ਦੇ ਬਾਦਸ਼ਾਹ ਹੋ। ਤੁਹਾਡਾ ਜਨਮ ਖੰਡੇ ਦੀ ਧਾਰ ਵਿਚੋਂ ਹੋਇਆ ਹੈ, ਸੋ ਸ਼ਸਤਰ ਤੁਹਾਡੀ ਖੇਡ ਹੈ, ਲੜਨਾ ਤੁਹਾਡਾ ਕਰਮ ਹੈ ਤੇ ਧਰਮ ਦਾ ਰਾਜ ਕਰਨਾ ਤੁਹਾਡਾ ਹੱਕ ਹੈ। ਇਨਸਾਨ ਇਨਸਾਨ ਬਰਾਬਰ ਹੈ, ਜਾਤ-ਪਾਤ ਭਰਮ ਹੈ, ਊਚ-ਨੀਚ ਭੁਲੇਖਾ ਹੈ, ਦੁਨੀਆ ਚੁਰਾਸੀ ਦਾ ਗੇੜ ਹੈ ਤੇ ਖਾਲਸਾ ਸਭ ਤੋਂ ਉੱਚਾ ਹੈ। ਤੁਸੀਂ ਸਭ 'ਭਾਈ' ਹੋ। ਗੁਰਮਤਾ ਤੁਹਾਡੇ ਵਾਸਤੇ ਅਕਾਲੀ ਹੁਕਮ ਹੈ। ਤੁਸੀਂ ਵਾਹਿਗੁਰੂ ਦੇ ਚੁਣੇ ਹੋਏ ਸੰਤ-ਸਿਪਾਹੀ ਹੋ ਤੇ ਆਉਣ ਵਾਲੇ ਸਮੇਂ ਲਈ ਤੁਸੀਂ ਦੇਸ਼ ਦੇ ਬਾਦਸ਼ਾਹ ਹੋ। ਮੈਂ ਡਾਢਿਆਂ ਦੇ ਹੰਕਾਰ ਤੋੜਾਂਗਾ ਤੇ ਗਰੀਬਾਂ ਨੂੰ ਦੇਸ਼ ਦੀ ਬਾਦਸ਼ਾਹੀ ਦਿਆਂਗਾ। ਦੇਸ਼ ਤੁਹਾਡਾ ਹੈ, ਤੁਸੀਂ ਹੀ ਦੇਸ਼ ਦੇ ਬਾਦਸ਼ਾਹ ਹੋ...।'

# ਗੁਜਰਾਂਵਾਲਾ 'ਚ ਮੌਜੂਦ ਹੈ ਮਹਾਰਾਜਾ ਰਣਜੀਤ ਸਿੰਘ ਦੀ ਜੱਦੀ ਹਵੇਲੀ



ਹਵੇਲੀ ਦੀ ਦੇਖ-ਰੇਖ ਕਰਨ ਵਾਲੇ ਮੁਹੰਮਦ ਕਾਸਿਮ ਰਫ਼ੀਕ ਦੇ ਨਾਲ ਲੇਖਕ




ਮਹਾਰਾਜਾ ਦੀ ਗੁਜਰਾਂਵਾਲਾ ਵਾਲੀ ਜੱਦੀ ਹਵੇਲੀ ਦੇ ਕਮਰੇ ਦੇ ਬਾਹਰ ਲੱਗੀ ਸਿਲ੍ਹ

ਸਿੱਖ ਰਾਜ ਨਾਲ ਸੰਬੰਧਿਤ ਇਕ ਪ੍ਰਮੁੱਖ ਯਾਦਗਾਰ ਮਹਾਰਾਜਾ ਰਣਜੀਤ ਸਿੰਘ ਦੀ ਜੱਦੀ ਹਵੇਲੀ ਜਿਸ ਨੇ ਅੱਜ ਵੀ ਪਾਕਿਸਤਾਨ ਦੇ ਸ਼ਹਿਰ ਗੁਜਰਾਂਵਾਲਾ ਵਿਚ ਆਪਣੀ ਹੋਂਦ ਬਰਕਰਾਰ ਰੱਖੀ ਹੋਈ ਹੈ। ਗੁਜਰਾਂਵਾਲਾ ਦੀ ਮੱਛੀ ਮੰਡੀ ਦੇ ਨਾਲ ਲਗਦੀ ਪੁਰਾਣੀ ਸਬਜ਼ੀ ਮੰਡੀ ਦੇ ਬਿਲਕੁਲ ਮੱਥੇ 'ਤੇ ਮੌਜੂਦ ਇਸ ਹਵੇਲੀ ਨੂੰ ਹਾਲਾਂਕਿ ਪਾਕਿਸਤਾਨ ਸਰਕਾਰ ਦੇ ਆਰਕੋਲਾਜੀ ਵਿਭਾਗ ਨੇ ਆਪਣੇ ਅਧੀਨ ਕਰਕੇ ਸੁਰੱਖਿਅਤ ਇਮਾਰਤਾਂ ਦੀ ਸੂਚੀ 'ਚ ਸ਼ਾਮਿਲ ਕੀਤਾ ਹੋਇਆ ਹੈ ਪਰ ਪੂਰੀ ਤਰ੍ਹਾਂ ਨਾਲ ਸੇਵਾ ਸੰਭਾਲ ਨਾ ਹੋਣ ਕਰਕੇ ਇਹ ਆਪਣੀ ਖੂਬਸੂਰਤੀ ਤੋਂ ਮਹਿਰੂਮ ਹੁੰਦੀ ਜਾ ਰਹੀ ਹੈ।

ਕਿਸੇ ਦੀਵਾਨਖਾਨੇ ਵਾਂਗ ਦਿਖਾਈ ਦਿੰਦੀ ਇਸ ਦੋ ਮੰਜ਼ਿਲਾ ਹਵੇਲੀ ਵਿਚ ਬਹੁਤ ਸਾਰੇ ਕਮਰੇ ਬਣੇ ਹੋਏ ਹਨ। ਉਪਰਲੀ ਮੰਜ਼ਿਲ ਦੇ ਹੀ ਇਕ ਕਮਰੇ ਵਿਚ ਮਹਾਰਾਜਾ ਰਣਜੀਤ ਸਿੰਘ ਦਾ ਜਨਮ ਹੋਣਾ ਮੰਨਿਆ ਜਾਂਦਾ ਹੈ। ਇਸ ਕਮਰੇ ਦੇ ਬਾਹਰ ਮੱਥੇ 'ਤੇ ਇਕ ਪੱਥਰ ਦੀ ਸਿਲ੍ਹ ਲੱਗੀ ਹੋਈ ਹੈ, ਜਿਸ ਉੱਪਰ ਅੰਗਰੇਜ਼ੀ ਤੇ ਉਰਦੂ ਵਿਚ ਉਕਰਿਆ ਹੋਇਆ ਹੈ-'ਮਹਾਰਾਜਾ ਰਣਜੀਤ ਸਿੰਘ-ਜਨਮ 2 ਨਵੰਬਰ 1780'।

ਡਿਸਟ੍ਰਿਕਟ ਗਜ਼ਟੀਅਰ ਗੁਜਰਾਂਵਾਲਾ ਦੀ ਦੂਜੀ ਐਡੀਸ਼ਨ, ਜੋ 10 ਮਾਰਚ 1895 ਨੂੰ ਗੁਜਰਾਂਵਾਲਾ ਦੇ ਡਿਪਟੀ ਕਮਿਸ਼ਨਰ ਮਾਈਕਲ ਐਫ. ਉਡਵਾਇਰ (ਬਾਅਦ ਵਿਚ ਲੈਫਟੀਨੈਂਟ ਗਵਰਨਰ ਪੰਜਾਬ ਬਣਿਆ) ਨੇ ਪ੍ਰਕਾਸ਼ਿਤ ਕਰਵਾਈ ਦੇ ਸਫਾ 16 'ਤੇ ਲਿਖਿਆ ਹੈ-'ਸੰਨ 1891 'ਚ ਗੁਜਰਾਂਵਾਲਾ ਦੇ ਡਿਪਟੀ ਕਮਿਸ਼ਨਰ ਮਿ: ਡੀ. ਸੀ. ਜੇ. ਐਬਟਸਨ ਨੇ ਗੁਜਰਾਂਵਾਲਾ ਦੇ ਇਕ ਨਾਮੀ ਸਰਦਾਰ ਪਾਸੋਂ ਮਹਾਰਾਜਾ ਰਣਜੀਤ ਸਿੰਘ ਦੀ ਜੱਦੀ ਹਵੇਲੀ ਜਿਸ ਵਿਚ ਮਹਾਰਾਜਾ ਅਤੇ ਉਨ੍ਹਾਂ ਦੇ ਪਿਤਾ ਸ: ਮਹਾਂ ਸਿੰਘ ਦਾ ਜਨਮ ਹੋਇਆ ਸੀ, ਦੇ ਬਾਹਰ ਮਹਾਰਾਜਾ ਦੇ ਜਨਮ ਸਬੰਧੀ ਇਕ ਪੱਥਰ ਦੀ ਸਿਲ੍ਹ ਲਗਵਾ ਦਿੱਤੀ। ਇਹ ਵਿਸ਼ੇਸ਼ ਤੌਰ 'ਤੇ ਉਸ ਕਮਰੇ ਦੇ ਬਾਹਰ ਲਗਾਈ ਗਈ, ਜਿਥੇ ਰਣਜੀਤ ਸਿੰਘ ਦਾ ਜਨਮ ਹੋਇਆ ਸੀ।

ਖਾਲਸਾ ਰਾਜ ਦੀ ਸਮਾਪਤੀ ਤੋਂ ਬਾਅਦ ਬ੍ਰਿਟਿਸ਼ ਇਸ ਹਵੇਲੀ ਨੂੰ ਪੁਲਿਸ ਥਾਣੇ ਵਜੋਂ ਇਸਤੇਮਾਲ ਕਰਦੇ ਰਹੇ। ਦੇਸ਼ ਦੀ ਵੰਡ ਤੋਂ ਬਾਅਦ ਇਹ ਹਵੇਲੀ ਭਾਰਤ ਤੋਂ ਗਏ ਕੁਝ ਮੁਸਲਮਾਨ ਸ਼ਰਨਾਰਥੀ ਪਰਿਵਾਰਾਂ ਨੂੰ ਮਿਲ ਗਈ। ਬਾਅਦ ਵਿਚ ਕੁਝ ਵਰ੍ਹੇ ਪਹਿਲਾਂ ਹੀ ਆਰਕੋਲਾਜੀ ਵਿਭਾਗ ਪਾਕਿਸਤਾਨ ਨੇ ਉਨ੍ਹਾਂ ਪਾਸੋਂ ਹਵੇਲੀ ਨੂੰ ਖਾਲੀ ਕਰਵਾ ਲਿਆ। ਵਿਭਾਗ ਦੇ ਅਧਿਕਾਰੀ ਸਾਲ ਵਿਚ ਇਕ-ਦੋ ਵਾਰ ਹੀ ਇਥੇ ਆਉਂਦੇ ਹਨ। ਇਸ ਲਈ ਇਸ ਹਵੇਲੀ ਦੇ ਰੱਖ-ਰਖਾਵ ਵੱਲ ਇਸ ਦੇ ਨਾਲ ਲਗਦੇ ਘਰ ਦੇ ਚੌਧਰੀ ਰਫ਼ੀਕ ਮੁਹੰਮਦ 'ਅੰਮ੍ਰਿਤਸਰੀ' ਦੇ ਸਪੁੱਤਰ ਮੁਹੰਮਦ ਕਾਸਿਮ ਰਫ਼ੀਕ ਤੇ ਇਕ ਹੋਰ ਸੱਜਣ ਸਫ਼ੀਰ ਭੱਟ ਹੀ ਜ਼ਿਆਦਾ ਤਵੱਜੋਂ ਦੇ ਰਹੇ ਹਨ।

ਪਿਛਲੀ ਵਾਰ ਜਦੋਂ ਪਾਕਿਸਤਾਨ ਯਾਤਰਾ 'ਤੇ ਗਿਆ ਤਾਂ ਮੈਨੂੰ ਦੋ ਦਿਨ ਇਸ ਹਵੇਲੀ ਵਿਚ ਰਹਿਣ ਦਾ ਮੌਕਾ ਮਿਲਿਆ। ਚੌਧਰੀ ਰਫੀਕ ਕਿਉਂਕਿ ਅੰਮ੍ਰਿਤਸਰ ਦੇ ਹੁਸੈਨਪੁਰਾ ਇਲਾਕੇ ਤੋਂ ਹੀ ਗਏ ਸਨ, ਇਸ ਲਈ ਉਨ੍ਹਾਂ ਨੂੰ ਜਦੋਂ ਪਤਾ ਲੱਗਾ ਕਿ ਮੈਂ ਵੀ ਅੰਮ੍ਰਿਤਸਰੀ ਹਾਂ ਤਾਂ ਉਨ੍ਹਾਂ ਚੰਗੀ ਖਾਤਰਦਾਰੀ ਕੀਤੀ। ਉਨ੍ਹਾਂ ਮੈਨੂੰ ਹਵੇਲੀ ਦੇ ਸਾਹਮਣੇ ਦੋ ਵੱਡੇ ਖੂਹ ਵੀ ਵਿਖਾਏ ਜੋ ਕਦੇ ਸ: ਮਹਾਂ ਸਿੰਘ ਵੱਲੋਂ ਬਣਵਾਏ ਗਏ ਹੋਣਗੇ। ਹੁਣ ਉਨ੍ਹਾਂ 'ਤੇ ਸਬਜ਼ੀ ਵਾਲਿਆਂ ਆਰਜ਼ੀ ਤੌਰ 'ਤੇ ਫੱਟੇ ਲਗਾ ਕੇ ਬੰਦ ਕਰ ਦਿੱਤੇ ਹਨ।

ਕਾਸਿਮ ਰਫ਼ੀਕ ਨੇ ਮੈਨੂੰ ਹਵੇਲੀ ਵਿਚ ਮੌਜੂਦ ਉਹ ਸੁਰੰਗਾਂ ਵੀ ਵਿਖਾਈਆਂ ਜੋ ਸ: ਮਹਾਂ ਸਿੰਘ ਦੁਆਰਾ ਬਣਵਾਏ ਹਜ਼ੂਰੀ ਬਾਗ ਤੱਕ ਜਾਂਦੀਆਂ ਹਨ। ਇਨ੍ਹਾਂ ਸੁਰੰਗਾਂ ਵਾਲੇ ਕਮਰੇ 'ਤੇ ਹਮੇਸ਼ਾ ਦੋ ਤਾਲੇ ਲੱਗੇ ਰਹਿੰਦੇ ਹਨ। ਕਾਸਿਮ ਨੇ ਦੱਸਿਆ ਕਿ ਆਰਕੋਲਾਜੀ ਵਿਭਾਗ ਦੁਆਰਾ ਹਵੇਲੀ ਨੂੰ ਖਾਲੀ ਕਰਾਉਣ ਤੋਂ ਬਾਅਦ ਉਨ੍ਹਾਂ ਦੇ ਖੁਦ ਇਥੇ ਨਾ ਆਉਣ ਕਰਕੇ ਇਹ ਹਵੇਲੀ ਜੁਆਰੀਆਂ ਤੇ ਨਸ਼ੇੜੀਆਂ ਦਾ ਅੱਡਾ ਬਣ ਚੁੱਕੀ ਸੀ, ਜਿਸ ਨੂੰ ਉਨ੍ਹਾਂ ਇਲਾਕੇ ਦੇ ਕੁਝ ਸੂਝਵਾਨ ਨੌਜਵਾਨਾਂ ਦੀ ਮਦਦ ਨਾਲ ਵੱਡਾ ਹੱਲਾ ਮਾਰ ਕੇ ਉਨ੍ਹਾਂ ਤੋਂ ਮੁਕਤ ਕਰਵਾਇਆ ਹੈ। ਹੁਣ ਹਵੇਲੀ ਦੇ ਅੰਦਰ ਕਿਸੇ ਵੀ ਬਾਹਰੀ ਬੰਦੇ ਨੂੰ ਜਾਣ ਦੀ ਮਨਜ਼ੂਰੀ ਨਹੀਂ ਹੈ। ਕਾਸਿਮ ਅਤੇ ਸਫ਼ੀਰ ਭੱਟ ਨੇ ਭਾਵੇਂ ਹਿੰਮਤ ਕਰਕੇ ਹਵੇਲੀ ਨੂੰ ਸਾਫ-ਸੁਥਰਾ ਰੱਖਿਆ ਹੋਇਆ ਹੈ ਪਰ ਹਵੇਲੀ ਦੇ ਪਿੱਛੇ ਹਜ਼ੂਰੀ ਬਾਗ ਵਾਲੇ ਪਾਸੇ ਗੰਦਗੀ ਦੇ ਵੱਡੇ-ਵੱਡੇ ਢੇਰ ਲੱਗੇ ਹੋਏ ਹਨ ਅਤੇ ਇਸ ਹਵੇਲੀ ਦੇ ਨਾਲ ਲਗਦੇ ਮਹਾਰਾਜਾ ਦੇ ਮਹਿਲ ਦੀਆਂ ਸਭ ਦੀਵਾਰਾਂ ਵਿਚ ਵੱਡੀਆਂ-ਵੱਡੀਆਂ ਤਰੇੜਾਂ ਪੈ ਚੁੱਕੀਆਂ ਹਨ। ਸਬਜ਼ੀ ਮੰਡੀ ਦੇ ਸਾਹਮਣੇ ਮੇਨ ਬਾਜ਼ਾਰ ਵਿਚ ਮਹਾਰਾਜਾ ਦੇ ਨਾਨਕਿਆਂ ਦੇ ਘਰ ਹਨ, ਜਿਨ੍ਹਾਂ ਵਿਚੋਂ ਇਕ ਨੂੰ ਮੌਲਵੀ ਯਾਸੀਨ ਦੀ ਮਸੀਤ ਤੇ ਇਕ ਨੂੰ ਅੰਨ੍ਹਿਆਂ ਦੀ ਮਸੀਤ ਵਿਚ ਤਬਦੀਲ ਕਰ ਲਿਆ ਗਿਆ ਹੈ।

**ਸੁਰਿੰਦਰ ਕੋਛੜ**

# ਸ਼ਬਦ ਵਿਚਾਰ

ਬਬੈ ਬਾਜੀ ਖੇਲਣ ਲਾਗਾ
ਚਉਪੜਿ ਕੀਤੇ ਚਾਰਿ ਜੁਗਾ॥
ਰਾਗੁ ਆਸਾ ਮਹਲਾ ੧ ਪਟੀ ਲਿਖੀ
ਬਬੈ ਬਾਜੀ ਖੇਲਣ ਲਾਗਾ
ਚਉਪੜਿ ਕੀਤੇ ਚਾਰਿ ਜੁਗਾ॥
ਜੀਅ ਜੰਤ ਸਭ ਸਾਰੀ ਕੀਤੇ
ਪਾਸਾ ਢਾਲਣਿ ਆਪਿ ਲਗਾ॥ ੨੬॥
(ਅੰਗ 433-34)

ਪਦ ਅਰਥ : ਚਉਪੜਿ-ਚੌਪੜ ਕਪੜੇ ਦਾ ਬਣਿਆ ਹੋਇਆ ਚਾਰ ਪੱਲਿਆਂ ਵਾਲਾ ਹੁੰਦਾ ਹੈ, ਜਿਸ 'ਤੇ ਖਾਨੇ ਬਣੇ ਹੋਏ ਹੁੰਦੇ ਹਨ ਅਤੇ ਇਨ੍ਹਾਂ ਖਾਨਿਆਂ ਵਿਚ ਨਰਦਾਂ ਨੂੰ ਰੱਖ ਕੇ ਖੇਡ ਖੇਡੀ ਜਾਂਦੀ ਹੈ। ਸਾਰੀ-ਨਰਦਾਂ ਜੋ ਚੌਪੜ ਦੀ ਬਾਜ਼ੀ ਖੇਡਣ ਵੇਲੇ ਮੋਟੇ ਕੱਪੜੇ ਉੱਪਰ ਬਣੇ ਖਾਨਿਆਂ ਵਿਚ ਰੱਖੀਆਂ ਜਾਂਦੀਆਂ ਹਨ। ਪਾਸਾ-ਹਾਥੀ ਦੰਦ ਦਾ ਬੁਣਿਆ ਹੋਇਆ ਚਾਰ ਕੋਨਿਆਂ ਵਾਲਾ ਟੋਟਾ ਜਿਸ ਦੀ ਮੋਟਾਈ ਲਗਭਗ ਅੱਧੀ ਇੰਚ ਹੁੰਦੀ ਹੈ ਅਤੇ ਲੰਬਾਈ ਅੱਧੀ ਜਾਂ ਪੌਣੀ ਇੰਚ ਤੋਂ ਲੈ ਕੇ ਕੋਈ ਤਿੰਨ ਇੰਚ ਤੱਕ ਹੁੰਦੀ ਹੈ। ਇਸ ਦੇ ਚੌਹੀਂ ਪਾਸੀਂ ਛੋਟੀਆਂ-ਛੋਟੀਆਂ ਬਿੰਦੀਆਂ ਹੁੰਦੀਆਂ ਹਨ। ਇਸ ਪਾਸਾ ਨੂੰ ਹਿਲਾ ਕੇ ਸੁੱਟਿਆ ਜਾਂਦਾ ਹੈ ਤਾਂ ਇਸ ਦਾ ਜਿਹੜਾ ਪਾਸਾ ਉੱਪਰ ਆਉਂਦਾ ਹੈ, ਉਸ 'ਤੇ ਲਿਖੀਆਂ ਬਿੰਦੀਆਂ ਅਨੁਸਾਰ ਖਾਨਿਆਂ ਵਿਚ ਪਈਆਂ ਨਰਦਾਂ ਦੀ ਚਾਲ ਚੱਲੀਦੀ ਹੈ।

ਚੌਪੜ ਦੀ ਖੇਡ ਦੀਆਂ ਉਦਾਹਰਨਾਂ ਦੇ ਕੇ ਗੁਰੂ ਜੀ ਮਨੁੱਖ ਨੂੰ ਸਮਝਾ ਰਹੇ ਹਨ ਕਿ ਚਾਰੇ ਜੁਗਾਂ ਵਿਚ ਪ੍ਰਮਾਤਮਾ ਨੇ ਚੌਪੜ ਦੇ ਚਾਰ ਪੱਲਿਆਂ ਵਿਚ ਸਾਰੇ ਜੀਵਾਂ ਨੂੰ ਮਾਨੋ ਨਰਦਾਂ ਬਣਾਇਆ ਹੈ। ਇਸ ਜਗਤ ਖੇਡ ਵਿਚ ਪ੍ਰਭੂ ਆਪ ਹੀ ਪਾਸਾ ਸੁੱਟਣ ਵਾਲਾ ਹੈ, ਜਿਸ ਵਿਚ ਕਈ ਨਰਦਾਂ ਤਾਂ ਪੁੱਗ ਜਾਂਦੀਆਂ ਹਨ ਅਤੇ ਕਈ ਖਾਨਿਆਂ ਵਿਚ ਹੀ ਪਈਆਂ ਰਹਿ ਜਾਂਦੀਆਂ ਹਨ ਭਾਵ ਕਈ ਪ੍ਰਾਣੀ ਤਾਂ ਇਸ ਚੌਪੜ ਅਰਥਾਤ ਜਗਤ ਖੇਡ ਵਿਚੋਂ ਸਫਲ ਹੋ ਜਾਂਦੇ ਹਨ ਪਰ ਕਈ ਘੁੰਮਣਘੇਰੀਆਂ ਵਿਚ ਹੀ ਪਏ ਰਹਿੰਦੇ ਹਨ।

ਜਗਤ ਗੁਰੂ ਬਾਬੇ ਦਾ ਰਾਗੁ ਆਸਾ ਵਿਚ ਹੀ ਇਕ ਹੋਰ ਬੜਾ ਸੁੰਦਰ ਕਥਨ ਹੈ ਕਿ ਜਦੋਂ ਮਦਾਰੀ ਤਮਾਸ਼ਾ ਦਿਖਾਉਂਦਾ ਹੈ ਤਾਂ ਉਸ ਨੂੰ ਦੇਖ-ਦੇਖ ਕੇ ਲੋਕ ਬੜੇ ਖੁਸ਼ ਹੁੰਦੇ ਹਨ ਪਰ ਇਹ ਤਮਾਸ਼ਾ ਥੋੜ੍ਹੀ ਦੇਰ ਵਿਚ ਖਤਮ ਹੋ ਜਾਂਦਾ ਹੈ। ਇਸੇ ਤਰ੍ਹਾਂ ਇਸ ਸੰਸਾਰ ਖੇਡ ਮਾਨੋ ਤਮਾਸ਼ੇ ਦੀ ਤਰ੍ਹਾਂ ਹੈ, ਜਿਥੇ ਕੁਝ ਸਮੇਂ ਲਈ ਇਸ ਖੇਡ ਤਮਾਸ਼ੇ ਨੂੰ ਦੇਖੀਦਾ ਹੈ, ਜਿਸ ਨੂੰ ਖਤਮ ਹੋਣ ਲੱਗਿਆਂ ਚਿਰ ਨਹੀਂ ਲਗਦਾ :

ਨਟੂਐ ਸਾਂਗੁ ਬਣਾਇਆ ਬਾਜੀ ਸੰਸਾਰਾ॥
ਖਿਨੁ ਪਲੁ ਬਾਜੀ ਦੇਖੀਐ ਉਝਰਤ ਨਹੀਂ ਬਾਰਾ॥ (422)

ਨਟੂਐ-ਮਦਾਰੀ। ਖਿਨੁ ਪਲੁ-ਥੋੜ੍ਹੇ ਸਮੇਂ ਵਿਚ। ਉਝਰਤ-ਉਝੜਦਿਆਂ, ਖਤਮ ਹੁੰਦਿਆਂ। ਬਾਰਾ-ਦੇਰੀ, ਚਿਰ।

ਆਪ ਜੀ ਦਾ ਹੋਰ ਕਥਨ ਹੈ :

ਹਉਮੈ ਚਉਪੜਿ ਖੇਲਣਾ ਝੂਠੇ ਅਹੰਕਾਰਾ॥
ਸਭੁ ਜਗੁ ਹਾਰੈ ਸੋ ਜਿਣੈ ਗੁਰ ਸਬਦੁ ਵੀਚਾਰਾ॥ (ਅੰਗ 422)

ਜਿਣੈ-ਜਿੱਤਦੇ ਹਨ, ਸਫਲ ਹੁੰਦੇ ਹਨ। ਭਾਵ ਇਹ ਸੰਸਾਰ (ਚੌਪੜ) ਹਉਮੈ ਨਾਲ ਭਰਿਆ ਹੋਇਆ ਹੈ ਅਤੇ ਇਸ ਵਿਚਲੇ ਮਨੁੱਖ (ਨਰਦਾਂ) ਝੂਠ ਅਤੇ ਅਹੰਕਾਰ ਦੀ ਖੇਡ ਖੇਡ ਰਹੇ ਹਨ ਅਰਥਾਤ ਝੂਠ ਅਤੇ ਅਹੰਕਾਰ ਵਿਚ ਗ੍ਰਸੇ ਹੋਏ ਹਨ, ਜਿਸ ਸਦਕਾ ਸਾਰਾ ਸੰਸਾਰ ਮਨੁੱਖਾ ਜੀਵਨ ਦੀ ਬਾਜ਼ੀ ਹਾਰ ਰਿਹਾ ਹੈ। ਕੇਵਲ ਉਹ ਮਨੁੱਖ ਹੀ ਇਥੋਂ ਜੀਵਨ ਦੀ ਬਾਜ਼ੀ ਜਿੱਤ ਕੇ ਜਾਂਦੇ ਹਨ ਜੋ ਗੁਰੂ ਦੇ ਸ਼ਬਦ ਦੀ ਵਿਚਾਰ ਕਰਦੇ ਹਨ, ਗੁਰੂ ਦੇ ਸ਼ਬਦ ਅਨੁਸਾਰ ਜੀਵਨ ਨੂੰ ਢਾਲਦੇ ਹਨ।

ਗੁਰ ਪੰਚਮ ਪਾਤਸ਼ਾਹ ਰਾਗੁ ਬਸੰਤੁ ਵਿਚ ਦ੍ਰਿੜ੍ਹ ਕਰਵਾ ਰਹੇ ਹਨ ਕਿ ਹੇ ਭਾਈ, ਧਰਮ ਵਾਲੇ ਅਥਵਾ ਨੇਕ ਕੰਮਾਂ ਨੂੰ ਤੁਸੀਂ ਚੌਪੜ ਦੀ ਖੇਲ ਬਣਾਵੋ ਅਤੇ ਉੱਚ ਆਚਰਨ ਨੂੰ ਨਰਦਾਂ। ਅਜਿਹੀਆਂ ਉੱਚ-ਆਚਰਨ ਨਰਦਾਂ ਸਦਕਾ ਆਪਣੇ ਮਨ ਅੰਦਰਲੇ ਕਾਮ, ਕ੍ਰੋਧ, ਲੋਭ, ਮੋਹ ਆਦਿ ਵਿਕਾਰਾਂ ਨੂੰ ਆਪਣੇ ਕਾਬੂ ਵਿਚ ਰੱਖੋ। ਅਜਿਹੀ ਖੇਡ ਜੇਕਰ ਤੁਸੀਂ ਆਪਣੇ ਜੀਵਨ ਵਿਚ ਖੇਡੋਗੇ ਤਾਂ ਪ੍ਰਮਾਤਮਾ ਨੂੰ ਪਿਆਰੇ ਲੱਗੋਗੇ :

ਕਰਮ ਧਰਮ ਤੁਮ੍ ਚਉਪੜਿ ਸਾਜਹੁ
ਸਤੁ ਕਰਹੁ ਤੁਮ੍ ਸਾਰੀ॥
ਕਾਮੁ ਕ੍ਰੋਧੁ ਲੋਭੁ ਮੋਹੁ ਜੀਤਹੁ
ਐਸੀ ਖੇਲ ਹਰਿ ਪਿਆਰੀ॥ (ਅੰਗ 1185)

ਸਾਜਹੁ-ਬਣਾਵੋ। ਸਤੁ-ਉੱਚਾ ਆਚਰਨ। ਸਾਰੀ-ਨਰਦ। ਐਸੀ-ਅਜਿਹੀ।

ਪ੍ਰਭੂ ਦੇ ਕੌਤਕਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ-

ਹਰਿ ਆਪੇ ਖੇਲੈ ਆਪੇ ਦੇਖੈ
ਹਰਿ ਆਪੇ ਰਚਨੁ ਰਚਾਇਆ॥ (ਅੰਗ 1185)

ਭਾਵ ਪ੍ਰਭੂ ਆਪ ਹੀ ਜਗਤ ਰਚਨਾ ਦੀ ਲੀਲਾ ਰਚਾਉਣ ਵਾਲਾ ਹੈ ਅਤੇ ਆਪ ਹੀ ਇਸ ਨੂੰ ਭੋਗਣ ਵਾਲਾ ਹੈ। ਪ੍ਰੰਤੂ ਜੋ ਗੁਰੂ ਦੇ ਦਰਸਾਏ ਹੋਏ ਮਾਰਗ ਅਨੁਸਾਰ ਜੀਵਨ ਖੇਡ ਖੇਡਦੇ ਹਨ ਅਰਥਾਤ ਨੇਕ ਧਰਮ ਕਰਦੇ ਹਨ, ਉਹ ਗੁਰਮੁਖ ਜਨਜੀਵਨ ਦੀ ਬਾਜ਼ੀ ਜਿੱਤ ਕੇ ਦਰਗਾਹੇ ਅਪੜਦੇ ਹਨ-

ਜਨ ਨਾਨਕ ਗੁਰਮੁਖਿ ਜੋ ਨਰੁ ਖੇਲੈ
ਸੋ ਜਿਣਿ ਬਾਜੀ ਘਰਿ ਆਇਆ॥
(ਅੰਗ 1185)

ਸੋ-ਉਹ। ਜਿਣਿ-ਜਿਤ ਕੇ। ਘਰਿ-ਪ੍ਰਭੂ ਦੇ ਦਰ 'ਤੇ।

ਕਹੁ ਕਬੀਰ ਜਨ ਕਬਹੁ ਨ ਹਾਰਹਿ
ਢਾਲਿ ਜੁ ਜਾਨਹਿ ਪਾਸਾ॥ (ਅੰਗ 793)

ਰਾਗੁ ਮਾਰੂ ਵਿਚ ਗੁਰੂ ਨਾਨਕ ਦੇਵ ਜੀ ਦੇ ਪਾਵਨ ਬਚਨ ਹਨ-

ਰਾਜੰ ਰੰਗੰ ਰੂਪੰ ਮਾਲੰ ਜੋਬਨੁ ਤੇ ਜੁਆਰੀ॥
ਹੁਕਮੀ ਬਾਧੇ ਪਾਸੈ ਖੇਲਹਿ ਚਉਪੜਿ ਏਕਾ ਸਾਰੀ॥ (ਅੰਗ 1015)

ਏਕਾ ਸਾਰੀ-ਇਕ ਮਾਇਆ ਰੂਪੀ ਨਰਦ।

ਭਾਵ ਜਿਹੜੇ ਰਾਜ-ਭਾਗ, ਰੰਗਰਲੀਆਂ, ਰੂਪ, ਮਾਲ-ਧਨ, ਜਵਾਨੀ ਆਦਿ ਨਾਲ ਹੀ ਮੋਹ ਪਾਈ ਰੱਖਦੇ ਹਨ, ਉਹ ਸਮਝੋ ਜੁਆਰੀਏ ਹਨ ਜੋ ਸਭ ਕੁਝ ਹਾਰ ਕੇ ਜੂਏਖਾਨੇ 'ਚੋਂ ਤੁਰ ਜਾਂਦੇ ਹਨ। ਇਹੋ ਹਾਲ ਮਨੁੱਖ ਦਾ ਹੈ ਜੋ ਸਭ ਕੁਝ ਹਾਰ ਕੇ ਜੁਆਰੀਏ ਵਾਂਗ ਖਾਲੀ ਹੱਥ ਤੁਰ ਜਾਂਦਾ ਹੈ। ਅਸਲ ਵਿਚ ਇਨ੍ਹਾਂ ਦੇ ਵੀ ਕੋਈ ਵੱਸ ਵਾਲੀ ਗੱਲ ਨਹੀਂ। ਉਹ ਜਗਤ ਰੂਪੀ ਚੌਪੜ ਦੀ ਖੇਡ ਵਿਚ ਇਕ ਮਾਇਆ ਨੂੰ ਹੀ ਨਰਦ ਸਮਝੀ ਬੈਠੇ ਹਨ, ਜੋ ਕਦੀ ਨਾਲ ਨਹੀਂ ਨਿਭਦੀ।

ਸਿਰੀਰਾਗੁ ਵਿਚ ਗੁਰੂ ਨਾਨਕ ਦੇਵ ਜੀ ਦੇ ਅਨਮੋਲ ਬਚਨ ਹਨ ਕਿ-

ਤੁਧੁ ਸੰਸਾਰੁ ਉਪਾਇਆ॥
ਸਿਰੇ ਸਿਰਿ ਧੰਧੇ ਲਾਇਆ॥
ਵੇਖਹਿ ਕੀਤਾ ਆਪਣਾ
ਕਰਿ ਕੁਦਰਤਿ ਪਾਸਾ ਢਾਲਿ ਜੀਉ॥
(ਅੰਗ 71)

ਪਾਸਾ ਢਾਲਿ-ਚੌਪੜ ਦੀਆਂ ਨਰਦਾਂ ਸੁੱਟ ਕੇ।

ਇਸ ਲਈ ਗੁਰਮੁਖ ਪਿਆਰਿਓ, ਵਾਹਿਗੁਰੂ ਅੱਗੇ ਸਦਾ ਇਹੋ ਅਰਦਾਸ ਕਰਨੀ ਚਾਹੀਦੀ ਹੈ-

ਤੂੰ ਪ੍ਰਭ ਦਾਤਾ ਦਾਨਿ ਮਤਿ ਪੂਰਾ ਹਮ ਥਾਰੇ ਭੇਖਾਰੀ ਜੀਉ॥
ਮੈ ਕਿਆ ਮਾਗਉ ਕਿਛੁ ਥਿਰੁ ਨ ਰਹਾਈ ਹਰਿ ਦੀਜੈ ਨਾਮੁ ਪਿਆਰੀ ਜੀਉ॥
(ਰਾਗੁ ਸੋਰਠਿ ਮਹਲਾ ੧, ਅੰਗ 597)

ਥਾਰੇ-ਤੇਰੇ। ਥਿਰੁ-ਟਿਕਣ ਵਾਲੀ।

**ਸਾਧੂ ਸਿੰਘ ਗੋਬਿੰਦਪੁਰੀ**

# ਸਿੱਖ ਕੌਮ ਦਾ ਅਨਮੋਲ ਹੀਰਾ-ਇਤਿਹਾਸਕਾਰ ਕਰਮ ਸਿੰਘ ਹਿਸਟੋਰੀਅਨ



ਇਤਿਹਾਸਕਾਰ ਕਰਮ ਸਿੰਘ ਹਿਸਟੋਰੀਅਨ ਦਾ ਨਾਂਅ ਇਤਿਹਾਸ ਦੇ ਪੰਨਿਆਂ 'ਤੇ ਸੁਨਹਿਰੀ ਅੱਖਰਾਂ ਵਿਚ ਅੰਕਿਤ ਹੋ ਚੁੱਕਾ ਹੈ, ਕਿਉਂਕਿ ਉਨ੍ਹਾਂ ਨੇ ਸਿੱਖ ਇਤਿਹਾਸ ਦੀ ਖੋਜ ਲਈ ਅਜਿਹੇ ਔਝੜ ਰਾਹ ਵੀ ਦੇਖੇ, ਜਿਨ੍ਹਾਂ 'ਤੇ ਤੁਰਨ ਨਾਲ ਉਨ੍ਹਾਂ ਦੇ ਧਰਮ, ਈਮਾਨ ਤੇ ਜਾਨ ਨੂੰ ਵੀ ਖਤਰਾ ਖੜ੍ਹਾ ਹੋ ਸਕਦਾ ਸੀ ਪਰ ਉਨ੍ਹਾਂ ਦੀ ਲਗਨ, ਮਿਹਨਤ ਤੇ ਸਿਰੜ ਨੇ ਇਤਿਹਾਸ ਦੀ ਖੋਜ ਵੱਲ ਤੋਰੀ ਰੱਖਿਆ। ਸ: ਕਰਮ ਸਿੰਘ ਹਿਸਟੋਰੀਅਨ ਦਾ ਜਨਮ 22 ਮਾਰਚ ਸੰਨ 1884 ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਇਤਿਹਾਸਕ ਪਿੰਡ ਝਬਾਲ ਵਿਚ ਹੋਇਆ। ਆਪ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਮਕਾਲੀ ਤੇ ਸੱਚੇ ਸਿੱਖ ਚੌਧਰੀ ਲੰਗਾਹ ਦੇ ਖਾਨਦਾਨ ਵਿਚੋਂ ਹਕੀਕਤ ਸਿੰਘ ਦੇ ਪੋਤਰੇ ਤੇ ਸ: ਝੰਡਾ ਸਿੰਘ ਦੇ ਸਪੁੱਤਰ ਸਨ। ਕਰਮ ਸਿੰਘ ਦੇ ਪਿਤਾ ਸ: ਝੰਡਾ ਸਿੰਘ ਨੂੰ ਅੰਗਰੇਜ਼ੀ ਫੌਜ ਵਿਚ ਨੌਕਰੀ ਕਰਨ ਕਰਕੇ ਚੱਕ ਨੰਬਰ 29 ਜਨੂਬੀ ਸਰਗੋਧਾ (ਪਾਕਿਸਤਾਨ ਵਿਚ) ਦੋ ਮੁਰੱਬੇ ਜ਼ਮੀਨ ਦੇ ਮਿਲੇ ਸਨ। ਮੁਢਲੀ ਸਿੱਖਿਆ ਝਬਾਲ ਤੋਂ ਪਾਸ ਕਰਕੇ ਮਿਡਲ ਤੱਕ ਦੀ ਪੜ੍ਹਾਈ ਖਾਲਸਾ ਕਾਲਜ ਸਕੂਲ, ਅੰਮ੍ਰਿਤਸਰ ਅਤੇ ਦਸਵੀਂ ਤਰਨ ਤਾਰਨ ਤੋਂ ਪਾਸ ਕੀਤੀ। ਸੰਨ 1902 ਵਿਚ ਖਾਲਸਾ ਕਾਲਜ ਅੰਮ੍ਰਿਤਸਰ ਵਿਚ ਐਫ. ਐਸ. ਸੀ. ਵਿਚ ਦਾਖਲ ਹੋ ਗਏ। ਇਹ ਸਿੰਘ ਸਭਾ ਲਹਿਰ ਦੇ ਉਭਾਰ ਦਾ ਸਮਾਂ ਸੀ। ਇਤਿਹਾਸ ਦੀ ਖੋਜ ਲਈ ਕਰਮ ਸਿੰਘ ਨੇ ਪੜ੍ਹਾਈ ਦੇ ਆਖਰੀ ਸਾਲ ਦੇ ਇਮਤਿਹਾਨ ਛੱਡ ਕੇ ਖੋਜ ਲਈ ਕੰਮ ਕਰਨਾ ਆਰੰਭ ਕਰ ਦਿੱਤਾ।

ਕਰਮ ਸਿੰਘ ਨੇ ਇਤਿਹਾਸ ਦੀ ਖੋਜ ਦੌਰਾਨ ਗੁਰੂ ਨਾਨਕ ਸਾਹਿਬ ਦੀ ਮੱਕਾ, ਮਦੀਨਾ ਅਤੇ ਬਗਦਾਦ ਦੀ ਯਾਤਰਾ ਦੀ ਖੋਜ ਲਈ ਇਨ੍ਹਾਂ ਸਥਾਨਾਂ 'ਤੇ ਜਾਣ ਦਾ ਫੈਸਲਾ ਕੀਤਾ। ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਆਪ ਭਾਈ ਤਖਤ ਸਿੰਘ ਨੂੰ ਫਿਰੋਜ਼ਪੁਰ ਜਾ ਕੇ ਮਿਲੇ। ਭਾਈ ਤਖਤ ਸਿੰਘ ਦਾ ਇਸਤਰੀ ਵਿੱਦਿਆ ਦੇ ਖੇਤਰ ਵਿਚ ਪਾਇਆ ਯੋਗਦਾਨ ਭੁਲਾਇਆ ਨਹੀਂ ਜਾ ਸਕਦਾ। ਉਨ੍ਹੀਂ ਦਿਨੀਂ ਮੱਕੇ ਦੀ ਯਾਤਰਾ ਸਿਰਫ ਹਾਜੀ ਦੇ ਭੇਸ ਵਿਚ ਹੀ ਹੋ ਸਕਦੀ ਸੀ, ਗ਼ੈਰ-ਮੁਸਲਮਾਨ ਦੇ ਉਥੇ ਜਾਣ 'ਤੇ ਪੂਰਨ ਤੌਰ 'ਤੇ ਪਾਬੰਦੀ ਸੀ। ਭਾਈ ਤਖ਼ਤ ਸਿੰਘ ਨੇ ਕਰਮ ਸਿੰਘ ਨੂੰ ਕੁਝ ਮਾਇਆ ਵੀ ਦਿੱਤੀ ਤੇ ਹਾਜੀਆਂ ਵਾਲਾ ਭੇਸ ਬਣਾ ਦਿੱਤਾ। ਆਪ ਮੁਸਲਮਾਨੀ ਭੇਸ ਧਾਰਨ ਕਰਕੇ ਕਰਾਚੀ ਜਾ ਪਹੁੰਚੇ, ਉਥੇ ਹਾਜੀਆਂ ਦੇ ਜਥੇ ਦੇ ਮੁਖੀ ਨੂੰ ਮਿਲੇ ਤੇ ਉਸ ਨਾਲ ਮੇਲ-ਜੋਲ ਤੇ ਮਿੱਤਰਤਾ ਲੋੜ ਤੋਂ ਵੱਧ ਵਧਾ ਲਈ। ਜਥਾ ਬਗਦਾਦ ਪਹੁੰਚ ਗਿਆ। ਆਪ ਪੱਕੇ ਨਿਤਨੇਮੀ ਸਨ ਤੇ ਸਵੇਰ ਸਾਰ ਜਪੁਜੀ ਸਾਹਿਬ ਦਾ ਪਾਠ ਕਰਦਿਆਂ ਦੇਖ ਕੇ ਕੁਝ ਕੁ ਹਾਜੀਆਂ ਨੂੰ ਕਰਮ ਸਿੰਘ ਉੱਪਰ ਸ਼ੱਕ ਪੈ ਗਿਆ। ਉਹ ਕਹਿਣ ਲੱਗੇ ਕਿ ਤੂੰ ਮੁਸਲਮਾਨ ਨਹੀਂ ਹੈਂ, ਜੇ ਮੁਸਲਮਾਨ ਹੈਂ ਤਾਂ ਸੁੰਨਤ ਦਿਖਾ। ਕਰਮ ਸਿੰਘ ਲਈ ਕਸੂਤੀ ਸਥਿਤੀ ਉਤਪੰਨ ਹੋ ਗਈ। ਮੁਸਲਮਾਨਾਂ ਨੇ ਕਿਹਾ ਕਿ ਜੁੰਮੇ ਵਾਲੇ ਦਿਨ ਪਰਸੋਂ ਤੇਰੀ ਸੁੰਨਤ ਕੀਤੀ ਜਾਵੇਗੀ। ਇਸ ਮਾਮਲੇ 'ਤੇ ਹਾਜੀਆਂ ਦਾ ਮੁਖੀ ਵੀ ਕਰਮ ਸਿੰਘ ਦੀ ਕੋਈ ਮਦਦ ਨਾ ਕਰ ਸਕਿਆ। ਆਪ ਦਾ ਕਾਲਜ ਦੇ ਦਿਨਾਂ ਦੇ ਇਕ ਮੁਸਲਮਾਨ ਸਾਥੀ ਦਾ ਚਾਚਾ ਬਗਦਾਦ ਵਿਚ ਪੁਲਿਸ ਅਫਸਰ ਲੱਗਾ ਸੀ। ਉਹ ਦਾਦਨ ਖਾਨ (ਪੰਜਾਬ) ਦਾ ਵਸਨੀਕ ਸੀ। ਇਤਿਹਾਸ ਵਿਚ ਉਸ ਦਾ ਨਾਂਅ ਮੁਹੰਮਦ ਆਜ਼ਾਦ ਆਫਿੰਦੀ ਦੱਸਿਆ ਗਿਆ ਹੈ। ਕਰਮ ਸਿੰਘ ਉਸ ਅਫਸਰ ਨੂੰ ਮਿਲੇ ਤੇ ਸਾਰੀ ਮੁਸ਼ਕਿਲ ਦੱਸੀ। ਪੁਲਿਸ ਅਫਸਰ ਨੇ ਕਰਮ ਸਿੰਘ ਨੂੰ ਰਾਤ ਆਪਣੇ ਘਰ ਠਹਿਰਾਇਆ ਤੇ ਪੂਰੇ ਹਾਜੀਆਂ ਦੇ ਜਥੇ ਨੂੰ ਕਰਮ ਸਿੰਘ ਨੂੰ ਕੁਝ ਕਹਿਣ ਤੋਂ ਸਖਤ ਤਾੜਨਾ ਕੀਤੀ। ਕਰਮ ਸਿੰਘ ਮੱਕੇ ਤੱਕ ਤਾਂ ਨਾ ਅੱਪੜ ਸਕੇ, ਸਗੋਂ ਬਗਦਾਦ ਵਿਚ ਹੀ ਗੁਰੂ ਨਾਨਕ ਸਾਹਿਬ ਦੇ ਸਥਾਨਾਂ ਸਬੰਧੀ ਖੋਜ ਪੜਤਾਲ ਕਰਕੇ ਵਾਪਸ ਆ ਗਏ।

ਪਟਿਆਲਾ ਸਟੇਟ ਦੇ ਮੁੱਖ ਮੰਤਰੀ ਸਰ ਜੋਗਿੰਦਰ ਸਿੰਘ ਨੇ ਕਰਮ ਸਿੰਘ ਨੂੰ 'ਸਟੇਟ ਹਿਸਟੋਰੀਅਨ' ਮੁਕੱਰਰ ਕਰਕੇ ਆਪਣੇ ਰਾਜ ਦਰਬਾਰ ਵਿਚ ਨੌਕਰੀ ਦੇ ਦਿੱਤੀ ਪਰ ਕੁਝ ਸਮੇਂ ਬਾਅਦ ਹੀ ਕਰਮ ਸਿੰਘ ਨੇ ਆਜ਼ਾਦ ਤੌਰ 'ਤੇ ਨਿਰਪੱਖ ਇਤਿਹਾਸ ਲਿਖਣ ਦੀ ਚਾਹਨਾ ਕਾਰਨ ਇਹ ਨੌਕਰੀ ਛੱਡ ਦਿੱਤੀ। ਆਪ ਨੇ ਇਤਿਹਾਸ ਦੀ ਖੋਜ ਦੇ ਨਾਲ-ਨਾਲ ਪਟਿਆਲਾ ਕੋਲ ਜ਼ਮੀਨ ਲੈ ਕੇ ਖੇਤੀ ਕਰਨੀ ਸ਼ੁਰੂ ਕਰ ਦਿੱਤੀ ਤੇ ਇਸ ਤੋਂ ਬਾਅਦ ਯੂ. ਪੀ. ਵਿਚ ਨੈਨੀਤਾਲ ਕੋਲ ਤਿੰਨ ਹਜ਼ਾਰ ਵਿੱਘੇ ਜ਼ਮੀਨ ਲੈ ਲਈ ਤੇ ਆਪਣੀ ਰਿਹਾਇਸ਼ ਨਯਾ ਗਾਉਂ ਪਿੰਡ ਵਿਚ ਰੱਖੀ। ਕੁਝ ਸਮੇਂ ਬਾਅਦ ਸ: ਕਰਮ ਸਿੰਘ ਬਿਮਾਰ ਪੈ ਗਏ। ਬੇਪ੍ਰਵਾਹੀ ਕਾਰਨ ਤਪਦਿਕ ਹੋ ਗਿਆ। ਇਸ ਤੋਂ ਬਾਅਦ ਮਲੇਰੀਆ ਹੋ ਗਿਆ। ਬਿਮਾਰੀ ਵਧਦੀ ਹੀ ਗਈ ਤੇ 10 ਸਤੰਬਰ 1930 ਨੂੰ ਕੌਮ ਦਾ ਇਹ ਹੀਰਾ ਅਚਾਨਕ ਹੀ ਸਦੀਵੀ ਵਿਛੋੜਾ ਦੇ ਗਿਆ। ਉਨ੍ਹਾਂ ਦੇ ਲੜਕਿਆਂ ਦੇ ਪਰਿਵਾਰ ਇਸ ਸਮੇਂ ਰਾਜਪੁਰਾ (ਪਟਿਆਲਾ), ਬੱਸੀ ਪਠਾਣਾਂ (ਫਤਹਿਗੜ੍ਹ ਸਾਹਿਬ) ਅਤੇ ਅਜੀਤ ਨਗਰ ਵਿਖੇ ਰਹਿ ਰਹੇ ਹਨ, ਜਿਥੋਂ ਜਾ ਕੇ ਛਾਣਬੀਣ ਕਰਨ ਤੋਂ ਬਾਅਦ ਇਨ੍ਹਾਂ ਸਤਰਾਂ ਦੇ ਲੇਖਕ ਨੂੰ ਸ: ਕਰਮ ਸਿੰਘ ਹਿਸਟੋਰੀਅਨ ਬਾਰੇ ਚੋਖੀ ਜਾਣਕਾਰੀ ਮਿਲੀ।

-ਗੁਰਪ੍ਰੀਤ ਸਿੰਘ ਤਲਵੰਡੀ,
ਪਿੰਡ ਤੇ ਡਾਕ: ਤਲਵੰਡੀ ਖੁਰਦ
(ਲੁਧਿਆਣਾ)। 98144-51414.

# ਗੁਰਦੁਆਰਾ ਪਾਤਸ਼ਾਹੀ ਨੌਵੀਂ ਢਿਲਵਾਂ (ਬਰਨਾਲਾ)



ਗੁਰਦੁਆਰਾ ਪਾਤਸ਼ਾਹੀ ਨੌਵੀਂ ਢਿਲਵਾਂ ਦਾ ਬਾਹਰੀ ਦ੍ਰਿਸ਼

ਮਾਲਵੇ ਦੀ ਧਰਤੀ ਗੁਰੂਆਂ-ਪੀਰਾਂ ਦੀ ਵਰਸੋਈ ਹੋਈ ਪਵਿੱਤਰ ਧਰਤੀ ਹੈ। ਸ਼ਾਇਦ ਹੀ ਮਾਲਵੇ ਦਾ ਅਜਿਹਾ ਕੋਈ ਪਿੰਡ ਹੋਵੇ, ਜਿੱਥੇ ਸਾਡੇ ਗੁਰੂ ਸਾਹਿਬਾਨਾਂ ਨੇ ਆਪਣੇ ਪਵਿੱਤਰ ਚਰਨ ਨਾ ਪਾਏ ਹੋਣ। ਜ਼ਿਲ੍ਹਾ ਬਰਨਾਲਾ ਦੀ ਤਹਿਸੀਲ ਤਪਾ ਮੰਡੀ ਤਹਿਤ ਪੈਂਦੇ ਪਿੰਡ ਢਿਲਵਾਂ ਵਿਖੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸੁਸ਼ੋਭਿਤ ਹੈ। ਇਤਿਹਾਸਕਾਰਾਂ ਅਨੁਸਾਰ ਦੱਸਿਆ ਜਾਂਦਾ ਹੈ ਕਿ ਸਿੱਖਾਂ ਦੇ ਨੌਵੇਂ ਗੁਰੂ ਤੇਗ ਬਹਾਦਰ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਚੱਲ ਕੇ ਆਪਣੀ ਮਾਲਵੇ ਦੀ ਯਾਤਰਾ ਸਮੇਂ ਪਿੰਡ ਮੂਲੋਵਾਲ ਸੇਖਾ, ਹੰਡਿਆਇਆ ਅਤੇ ਸੋਹੀਆਣਾ ਪਿੰਡਾਂ ਵਿਚ ਹੁੰਦੇ ਹੋਏ ਸੰਨ 1665 ਈ: ਨੂੰ ਇਸ ਪਵਿੱਤਰ ਧਰਤੀ 'ਤੇ ਆ ਬਿਰਾਜੇ ਸਨ। ਇਸ ਪਿੰਡ ਨੂੰ ਵਸਾਉਣ ਵਾਲਾ ਭਾਈ ਮੱਦੋ ਜੋ ਪਿੰਡ ਸੁਰ ਸਿੰਘ ਵਾਲਾ, ਤਹਿ: ਪੱਟੀ (ਅੰਮ੍ਰਿਤਸਰ) ਤੋਂ ਆ ਕੇ ਇਥੇ ਵਸਿਆ ਹੋਇਆ ਸੀ, ਨੇ ਨੌਵੇਂ ਪਾਤਸ਼ਾਹ ਦੀ ਬੜੀ ਸੇਵਾ ਕੀਤੀ ਅਤੇ ਇਥੇ ਕੁਝ ਸਮਾਂ ਠਹਿਰਨ ਦੀ ਅਰਜ਼ੋਈ ਕੀਤੀ। ਭਾਈ ਮੱਦੋ ਦੀ ਬੇਨਤੀ ਸਵੀਕਾਰ ਕਰਦਿਆਂ ਗੁਰੂ ਸਾਹਿਬ ਮਾਲਵੇ ਵਿਚ ਸਭ ਤੋਂ ਵੱਧ ਸਮਾਂ ਇਸ ਸੁਭਾਗੇ ਅਸਥਾਨ 'ਤੇ ਰਹੇ ਸਨ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਇਲਾਕੇ ਦੇ ਲੋਕਾਂ ਨੂੰ ਪ੍ਰਭੂ ਭਗਤੀ ਨਾਲ ਜੋੜਨ ਤੋਂ ਇਲਾਵਾ ਉਨ੍ਹਾਂ ਦੀਆਂ ਸਮਾਜਿਕ ਮੁਸ਼ਕਿਲਾਂ ਵੀ ਹੱਲ ਕਰਿਆ ਕਰਦੇ ਸਨ।

ਇਸੇ ਅਸਥਾਨ 'ਤੇ ਹੀ ਗੁਰੂ ਸਾਹਿਬ ਨੇ ਪਾਣੀ ਦੀ ਕਿੱਲਤ ਦੂਰ ਕਰਨ ਲਈ ਖੂਹ ਖੁਦਵਾਏ, ਸਰੋਵਰ ਬਣਾਏ ਅਤੇ ਬਾਹਰੋਂ ਗਊਆਂ ਮੰਗਵਾ ਕੇ ਲੋਕਾਂ ਵਿਚ ਵੰਡੀਆਂ ਤੇ ਦੁੱਧ ਦੀ ਸਮੱਸਿਆ ਦਾ ਹੱਲ ਕੀਤਾ। ਇਹ ਪਵਿੱਤਰ ਅਸਥਾਨ ਸਾਨੂੰ ਗੁਰਬਾਣੀ ਦੇ ਨਾਲ ਜੁੜਨ ਦੇ ਨਾਲ-ਨਾਲ ਸਮਾਜ ਭਲਾਈ ਦੇ ਕਾਰਜ ਕਰਨ ਦਾ ਵੀ ਸੰਦੇਸ਼ ਦਿੰਦਾ ਹੈ।

# ਰਾਮਲੀਲਾ ਰਾਹੀਂ ਸੱਭਿਆਚਾਰ ਅਤੇ ਸਮਾਜਿਕ ਸੰਦੇਸ਼ਾਂ ਦਾ ਪ੍ਰਚਾਰ: ਇੰਦਰਰਾਜ ਸਿੰਘ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 23 ਸਤੰਬਰ। ਦਿੱਲੀ ਸਰਕਾਰ ਦੀ ਰਾਮਲੀਲਾ ਕਮੇਟੀ ਦੇ ਚੇਅਰਮੈਨ ਅਤੇ ਸਮਾਜ ਭਲਾਈ ਮੰਤਰੀ ਰਵਿੰਦਰ ਇੰਦਰਾਜ ਨੇ ਪੂਜਨੀਕ ਸੰਤਾਂ ਅਤੇ ਵੱਡੀ ਗਿਣਤੀ ਵਿੱਚ ਮੌਜੂਦ ਸ਼ਰਧਾਲੂਆਂ ਦੇ ਅਸ਼ੀਰਵਾਦ ਵਿਚਕਾਰ ਪਹਿਲੇ ਵਿਸ਼ਾਲ 'ਸਨਾਤਨ ਸੰਸਕਾਰ ਰਾਮਲੀਲਾ ਉਤਸਵ' ਦਾ ਉਦਘਾਟਨ ਕੀਤਾ। ਸੈਕਟਰ-23 ਦੇ ਡੀਡੀਏ ਰਾਮਲੀਲਾ ਗਰਾਊਂਡ ਵਿੱਚ ਆਯੋਜਿਤ ਇਸ ਸ਼ਾਨਦਾਰ ਸਮਾਗਮ ਵਿੱਚ, ਰੋਹਿਣੀ, ਸਾਧਵੀ ਪ੍ਰਾਚੀ, ਅਜੈ ਭਾਈ ਜੀ ਅਤੇ ਦੇਸ਼ ਭਰ ਦੇ ਸੰਤਾਂ ਦੇ ਨਾਲ-ਨਾਲ ਦੁਰਗਾ ਪੂਜਾ ਕਮੇਟੀ ਦੇ ਚੇਅਰਮੈਨ ਅਤੇ ਵਾਤਾਵਰਣ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਵੀ ਰਾਮਲੀਲਾ ਦਾ ਆਨੰਦ ਮਾਣਿਆ। ਪਰੰਪਰਾ ਤੋਂ ਭਵਿੱਖ ਤੱਕ ਥੀਮ 'ਤੇ ਆਯੋਜਿਤ ਇਸ ਰਾਮਲੀਲਾ ਵਿੱਚ 100 ਤੋਂ ਵੱਧ ਕਲਾਕਾਰ ਪ੍ਰਦਰਸ਼ਨ ਕਰ ਰਹੇ ਹਨ। ਪਹਿਲੇ ਦਿਨ, ਰਾਵਣ ਦੀ ਤਪੱਸਿਆ, ਕੁਬੇਰ ਤੋਂ ਲੰਕਾ ਦੀ ਜਿੱਤ, ਨਾਰਦ ਦਾ ਭਰਮ ਅਤੇ ਰਾਵਣ-ਵੇਦਵਤੀ ਸੰਵਾਦ ਵਰਗੇ ਦ੍ਰਿਸ਼ ਪੇਸ਼ ਕੀਤੇ ਗਏ। ਮੰਚ ਨੇ ਸ਼ਰਧਾਲੂਆਂ ਨੂੰ ਆਤਮ-ਬੋਧ ਦੇ ਥੀਮ 'ਤੇ ਆਚਰਣ, ਵਿਚਾਰਾਂ ਅਤੇ ਵਿਵਹਾਰ ਦਾ ਗਿਆਨ ਵੀ ਪ੍ਰਦਾਨ ਕੀਤਾ। ਧਾਰਮਿਕ ਸਮਾਗਮਾਂ ਲਈ ਅੱਧੀ ਰਾਤ ਤੱਕ ਲਾਊਡਸਪੀਕਰਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਦਾ ਸਵਾਗਤ ਕਰਦੇ ਹੋਏ, ਸਥਾਪਿਤ ਮਾਪਦੰਡਾਂ ਅਨੁਸਾਰ, ਰਵਿੰਦਰ ਇੰਦਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ਼੍ਰੀਮਤੀ ਰੇਖਾ ਗੁਪਤਾ ਨੇ ਇਹ ਯਕੀਨੀ ਬਣਾਇਆ ਹੈ ਕਿ ਧਾਰਮਿਕ ਸੰਗੀਤ, ਨਵਰਾਤਰੀ ਅਤੇ ਰਾਮਲੀਲਾ ਸਮਾਗਮ ਸ਼ਰਧਾਲੂਆਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨ ਅਤੇ ਕਿਸੇ ਵੀ ਵਿਘਨ ਤੋਂ ਬਚਣ। ਇਸ ਸਮਾਗਮ ਦਾ ਉਦੇਸ਼ ਨਵੀਂ ਪੀੜ੍ਹੀ ਨੂੰ ਧਰਮ, ਸੱਭਿਆਚਾਰ ਅਤੇ ਪਰੰਪਰਾਵਾਂ ਨਾਲ ਜੋੜਨਾ ਅਤੇ ਉਨ੍ਹਾਂ ਵਿੱਚ ਆਪਣੀ ਬ੍ਰਹਮ ਵਿਰਾਸਤ ਪ੍ਰਤੀ




ਮਾਣ ਦੀ ਭਾਵਨਾ ਪੈਦਾ ਕਰਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੇਵਾ ਪੰਦਰਵਾੜੇ ਨੂੰ ਕੇਂਦਰ ਵਿੱਚ ਰੱਖ ਕੇ, ਇਸ ਪਲੇਟਫਾਰਮ ਤੋਂ ਸਤਿਕਾਰਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਾਅਦੇ, ਨਸ਼ਾ ਮੁਕਤ ਭਾਰਤ ਮੁਹਿੰਮ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ। ਇਸ ਦੇ ਨਾਲ ਹੀ, ਵਿਕਸਤ ਦਿੱਲੀ ਸੰਕਲਪ ਵੱਲ ਸਥਾਨਕ, ਸਵਦੇਸ਼ੀ ਉਤਪਾਦਾਂ ਲਈ ਵੋਕਲ, ਸਫਾਈ, ਪਾਣੀ ਸੰਭਾਲ ਅਤੇ ਹਰੀ ਦਿੱਲੀ ਵਰਗੇ ਸਮਾਜਿਕ ਸੰਦੇਸ਼ਾਂ ਨੂੰ ਵੀ ਵਿਆਪਕ ਤੌਰ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਮੌਕੇ ਵਾਤਾਵਰਣ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਰਾਮਲੀਲਾ ਸਿਰਫ਼ ਇੱਕ ਧਾਰਮਿਕ ਸਮਾਗਮ ਨਹੀਂ ਹੈ; ਇਹ ਸਾਡੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਸਮਾਜਿਕ ਕਦਰਾਂ-ਕੀਮਤਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ। ਇਹ ਸ਼ਾਨਦਾਰ ਰਾਮਲੀਲਾ ਨਾ ਸਿਰਫ਼ ਸ਼ਰਧਾਲੂਆਂ ਨੂੰ ਜੋੜੇਗੀ ਬਲਕਿ ਸਮਾਜ ਨੂੰ ਸਕਾਰਾਤਮਕ ਅਤੇ ਪ੍ਰੇਰਨਾਦਾਇਕ ਸੰਦੇਸ਼ ਵੀ ਦੇਵੇਗੀ।

### ਜੀਦਾ ਧਮਾਕਾ ਮਾਮਲੇ 'ਚ ਫ਼ੌਜ ਨੇ ਆਪਰੇਸ਼ਨ ਕੀਤਾ ਮੁਕੰਮਲ

ਬਠਿੰਡਾ 23 ਸਤੰਬਰ। ਇੱਥੋਂ ਦੇ ਜੀਦਾ ਪਿੰਡ 'ਚ ਹੋਏ ਧਮਾਕਾ ਮਾਮਲੇ 'ਚ ਫ਼ੌਜ ਦੀ ਖ਼ਾਸ ਬੰਬ ਡਿਫਿਊਜ਼ ਟੀਮ ਵੱਲੋਂ 2 ਦਿਨ ਚੱਲਿਆ ਆਪਰੇਸ਼ਨ ਅੱਜ ਮੁਕੰਮਲ ਹੋ ਗਿਆ। ਦਿੱਲੀ ਤੋਂ ਬੁਲਾਈ ਗਈ ਫ਼ੌਜ ਦੀ ਬੰਬ ਡਿਫਿਊਜ਼ ਯੂਨਿਟ ਨੇ ਦੋਸ਼ੀ ਗੁਰਪ੍ਰੀਤ ਸਿੰਘ ਦੇ ਘਰ ਵਿੱਚੋਂ ਮਿਲੇ ਸਾਰੇ ਵਿਸਫੋਟਕ ਪਦਾਰਥਾਂ ਨੂੰ ਸੁਰੱਖਿਅਤ ਤਰੀਕੇ ਨਾਲ ਨਸ਼ਟ ਕਰ ਦਿੱਤਾ ਹੈ। ਜਾਣਕਾਰੀ ਮੁਤਾਬਕ ਘਰ ਵਿੱਚੋਂ ਵਿਸਫੋਟਕ ਸਮਗਰੀ ਦੀ ਵੱਡੀ ਮਾਤਰਾ ਮਿਲਣ ਕਰਕੇ ਆਪਰੇਸ਼ਨ ਇੱਕ ਦਿਨ 'ਚ ਸੰਭਵ ਨਹੀਂ ਹੋ ਸਕਿਆ। ਫ਼ੌਜ ਦੀ ਟੀਮ ਨੇ ਬੀਤੇ ਦਿਨ ਆਪਰੇਸ਼ਨ ਸ਼ੁਰੂ ਕੀਤਾ ਸੀ, ਜੋ ਅੱਜ ਖ਼ਤਮ ਹੋਇਆ। ਘਰ ਦੇ ਇੱਕ ਕਮਰੇ 'ਚ ਸਭ ਤੋਂ ਜ਼ਿਆਦਾ ਵਿਸਫੋਟਕ ਮਿਲਿਆ, ਜਿਸ ਨੂੰ ਬਾਹਰ ਕੱਢਣ ਅਤੇ ਨਸ਼ਟ ਕਰਨ 'ਚ ਕਾਫ਼ੀ ਸਮਾਂ ਲੱਗਿਆ। ਪੁਲਸ ਅਤੇ ਫ਼ੌਜ ਦੇ ਅਧਿਕਾਰੀਆਂ ਨੂੰ ਇਹ ਖ਼ਦਸ਼ਾ ਸੀ ਕਿ ਘਰ ਦੇ ਹੋਰ ਹਿੱਸਿਆਂ 'ਚ ਵੀ ਵਿਸਫੋਟਕ ਲੁਕੋਇਆ ਹੋ ਸਕਦਾ ਹੈ। ਇਸ ਕਰਕੇ ਟੀਮ ਨੇ ਘਰ ਦੇ ਹਰੇਕ ਕਮਰੇ, ਛੱਤ ਅਤੇ ਹੋਰ ਹਿੱਸਿਆਂ ਦੀ ਬਾਰੀਕੀ ਨਾਲ ਤਲਾਸ਼ੀ ਲਈ। ਪੂਰੀ ਤਲਾਸ਼ੀ ਤੋਂ ਬਾਅਦ ਹੀ ਆਪਰੇਸ਼ਨ ਨੂੰ ਖ਼ਤਮ ਕਰਾਰ ਦਿੱਤਾ ਗਿਆ। ਇਸ ਤੋਂ ਪਹਿਲਾਂ ਜਲੰਧਰ ਤੋਂ ਬੁਲਾਈ ਗਈ ਬੰਬ ਡਿਫਿਊਜ਼ ਟੀਮ ਨੇ ਵੀ ਮੌਕੇ 'ਤੇ ਆਪਣਾ ਕੰਮ ਕੀਤਾ ਸੀ ਪਰ ਵੱਡੀ ਮਾਤਰਾ 'ਚ ਪਦਾਰਥ ਮਿਲਣ ਕਰਕੇ ਦਿੱਲੀ ਤੋਂ ਫ਼ੌਜ ਦੀ ਖ਼ਾਸ ਟੀਮ ਨੂੰ ਬੁਲਾਇਆ ਗਿਆ।

## ਪੰਜਾਬ ਰੋਡਵੇਜ਼ ਵਾਲਿਆਂ ਨੇ ਕਰ 'ਤਾ ਚੱਕਾ ਜਾਮ, ਇਸ ਕਰਕੇ ਭਖ ਗਿਆ ਮਾਮਲਾ

ਅਬੋਹਰ 23 ਸਤੰਬਰ। ਕੱਲ੍ਹ ਪੰਜਾਬ ਰੋਡਵੇਜ਼ ਦੇ ਇਕ ਕੰਡਕਟਰ ਦੀ ਕਿਸੇ ਹੋਰ ਕੰਪਨੀ ਦੇ ਕਰਮਚਾਰੀਆਂ ਵੱਲੋਂ ਕੀਤੀ ਗਈ ਕੁੱਟਮਾਰ ਅਤੇ ਬੇਅਦਬੀ ਕਰਨ ਦੇ ਵਿਰੋਧ 'ਚ ਅੱਜ ਰੋਡਵੇਜ਼ ਬੱਸ ਕਰਮਚਾਰੀਆਂ ਨੇ ਅਬੋਹਰ ਮਲੋਟ ਚੌਕ ਜਾਮ ਕਰ ਦਿੱਤਾ। ਲੱਗਭਗ ਇਕ ਘੰਟੇ ਤੱਕ ਜਾਮ ਕਾਰਨ ਲੋਕਾਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸਿਟੀ ਥਾਣਾ ਨੰਬਰ 1 ਦੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਪ੍ਰਦਰਸ਼ਨਕਾਰੀਆਂ ਨੂੰ ਸਮਝਾ ਕੇ ਜਾਮ ਖੁਲ੍ਹਵਾਇਆ। ਜਾਣਕਾਰੀ ਦਿੰਦੇ ਹੋਏ ਗੁਰਭੇਜ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਪਿੰਡ ਉਸਮਾਨਖੇੜਾ ਨੇ ਦੱਸਿਆ ਕਿ ਉਹ ਇਕ ਸਰਕਾਰੀ ਰੋਡਵੇਜ਼ ਬੱਸ 'ਚ ਕੰਡਕਟਰ ਹੈ। ਕੱਲ੍ਹ ਸਵੇਰੇ 8:30 ਵਜੇ ਜਦੋਂ ਉਹ ਆਪਣੀ ਬੱਸ ਬੱਸ ਸਟੈਂਡ ਤੋਂ ਕੱਢ ਰਿਹਾ ਸੀ ਤਾਂ ਨਾਰਦਰਨ ਬੱਸ ਦੇ ਕੰਡਕਟਰ ਯਾਤਰੀਆਂ ਨੂੰ ਮੁਕਤਸਰ ਅਤੇ ਮੋਗਾ ਜਾਣ ਲਈ ਕਹਿ ਰਹੇ ਸਨ। ਇਸ ਦੌਰਾਨ ਜਦੋਂ ਉਸ ਨੇ ਉਨ੍ਹਾਂ ਨੂੰ ਰੋਕਿਆ ਕਿਉਂਕਿ ਉਸ ਦੀ ਬੱਸ ਦੇ ਜਾਣ ਦਾ ਸਮਾਂ ਸੀ ਤਾਂ ਨਾਰਦਰਨ ਕੰਪਨੀ ਦੇ ਕਰਮਚਾਰੀਆਂ ਨੇ ਉਸ ਨੂੰ ਫੜ ਲਿਆ, ਉਸ ਦੀ ਕੁੱਟਮਾਰ ਕੀਤੀ ਅਤੇ ਉਸ ਦੇ ਕੇਸਾਂ ਦੀ ਬੇਅਦਬੀ ਕੀਤੀ। ਉਸ ਨੇ ਸਿਟੀ ਪੁਲਸ ਸਟੇਸ਼ਨ ਨੰਬਰ 1 'ਚ ਸ਼ਿਕਾਇਤ ਦਰਜ ਕਰਵਾਈ। ਅੱਜ ਪੁਲਸ ਨੇ ਗੁਰਭੇਜ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮਲੋਟ ਵਾਸੀ ਇੰਦਰਜੀਤ ਸਿੰਘ ਪੁੱਤਰ ਗੁਰਪ੍ਰੇਮ ਸਿੰਘ, ਤਰਮਾਲਾ ਵਾਸੀ ਸਤਪਾਲ ਸਿੰਘ ਕੰਡਕਟਰ ਅਤੇ ਰਾਜਾਂਵਾਲੀ ਵਾਸੀ ਰਾਜਿੰਦਰ ਕੁਮਾਰ ਵਿਰੁੱਧ ਮਾਮਲਾ ਦਰਜ ਕੀਤਾ ਪਰ ਗੁਰਭੇਜ ਸਿੰਘ ਨੇ ਕਿਹਾ ਕਿ ਉਸ ਦੇ ਮਾਮਲਿਆਂ ਪ੍ਰਤੀ ਕੀਤੀ ਗਈ ਬੇਅਦਬੀ ਨੂੰ ਧਿਆਨ 'ਚ ਰੱਖਦੇ ਹੋਏ ਨਾ ਤਾਂ ਐੱਫ. ਆਈ. ਆਰ. ਦਰਜ ਕੀਤੀ ਗਈ ਅਤੇ ਨਾ ਹੀ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਜਿਸ 'ਤੇ ਅੱਜ ਉਨ੍ਹਾਂ ਨੇ ਸਾਰੇ ਰੋਡਵੇਜ਼ ਬੱਸ ਡਰਾਈਵਰਾਂ ਦੇ ਸਮਰਥਨ ਨਾਲ ਧਰਨਾ ਦਿੱਤਾ। ਇਸ ਮੌਕੇ ਜਦੋਂ ਲੋਕ ਲਗਭਗ ਇਕ ਘੰਟੇ ਤੱਕ ਜਾਮ ਕਾਰਨ ਪ੍ਰੇਸ਼ਾਨ ਹੋਏ ਤਾਂ ਸਿਟੀ ਪੁਲਸ ਸਟੇਸ਼ਨ ਨੰਬਰ 1 ਦੇ ਇੰਚਾਰਜ ਪਰਮਜੀਤ ਕੁਮਾਰ ਅਤੇ ਟ?ਰੈਫਿਕ ਇੰਚਾਰਜ ਮੌਕੇ 'ਤੇ ਪਹੁੰਚੇ। ਥਾਣਾ ਇੰਚਾਰਜ ਨੇ ਕਿਹਾ ਕਿ ਕੱਲ੍ਹ ਇਸ ਮਾਮਲੇ 'ਚ ਕੁਝ ਭੰਬਲਭੂਸਾ ਸੀ। ਹੁਣ ਇਹ ਹੱਲ ਹੋ ਗਿਆ ਹੈ ਅਤੇ ਮੁਲਜ਼ਮਾਂ ਵਿਰੁੱਧ ਢੁਕਵੀਂ ਕਾਰਵਾਈ ਕੀਤੀ ਜਾਵੇਗੀ। ਇਹ ਸਮਝਾਉਣ 'ਤੇ ਗੁੱਸੇ 'ਚ ਆਏ ਬੱਸ ਡਰਾਈਵਰਾਂ ਨੇ ਜਾਮ ਹਟਾ ਦਿੱਤਾ।

### ਬੇਜ਼ੁਬਾਨਾਂ ਨਾਲ ਬੇਰਹਿਮੀ ! ਗਾਂ ਦੀਆਂ ਅੱਖਾਂ 'ਤੇ ਪੱਟੀ ਬੰਨ੍ਹੀ

ਨੈਸ਼ਨਲ ਡੈਸਕ 23 ਸਤੰਬਰ। ਹਰਿਆਣਾ ਦੇ ਸਿਰਸਾ ਜ਼ਿਲ੍ਹੇ ਦੇ ਜਮਾਲ ਪਿੰਡ ਨੇੜੇ ਜਾਨਵਰਾਂ ਦੀ ਬੇਰਹਿਮੀ ਦਾ ਇੱਕ ਮਾਮਲਾ ਸਾਹਮਣੇ ਆਇਆ ਹੈ। ਪਿੰਡ ਵਾਸੀਆਂ ਨੇ ਇੱਕ ਗਾਂ ਨੂੰ ਨਹਿਰ ਵਰਗੇ ਨਾਲੇ 'ਚ ਦਰਦ ਨਾਲ ਤੈਰਦੀ ਦੇਖਿਆ, ਜਿਸਦੀਆਂ ਅੱਖਾਂ 'ਤੇ ਪੱਟੀ ਬੰਨ੍ਹੀ ਹੋਈ ਸੀ। ਇਸ ਦ੍ਰਿਸ਼ ਨੇ ਸਾਰੇ ਪਿੰਡ ਵਾਸੀਆਂ ਨੂੰ ਹੈਰਾਨ ਕਰ ਦਿੱਤਾ ਅਤੇ ਮੰਨਿਆ ਕਿ ਕਿਸੇ ਨੇ ਜਾਣਬੁੱਝ ਕੇ ਰਾਤ ਨੂੰ ਗਾਂ ਨੂੰ ਨਾਲੇ ਵਿੱਚ ਸੁੱਟ ਦਿੱਤਾ ਹੈ। ਮੌਕੇ 'ਤੇ ਮੌਜੂਦ ਲੋਕਾਂ ਨੇ ਤੁਰੰਤ ਗਾਂ ਨੂੰ ਬਚਾਇਆ। ਰਿਪੋਰਟਾਂ ਅਨੁਸਾਰ, ਪਿੰਡ ਵਾਸੀ ਪ੍ਰੇਮ ਕੁਮਾਰ, ਅਜੈ ਜਿਆਣੀ ਅਤੇ ਓਮ ਪ੍ਰਕਾਸ਼, ਜੋ ਕਿ ਨੋਹਰ ਰੋਡ 'ਤੇ ਲੰਘ ਰਹੇ ਸਨ, ਨੇ ਪਹਿਲਾਂ ਗਾਂ ਨੂੰ ਪਾਣੀ ਵਿੱਚ ਤੈਰਦੇ ਦੇਖਿਆ। ਧਿਆਨ ਨਾਲ ਜਾਂਚ ਕਰਨ 'ਤੇ ਉਨ੍ਹਾਂ ਨੂੰ ਪਤਾ ਲੱਗਾ ਕਿ ਇਹ ਅੱਖਾਂ 'ਤੇ ਪੱਟੀ ਬੰਨ੍ਹੀ ਹੋਈ ਸੀ। ਉਨ੍ਹਾਂ ਨੇ ਅਲਾਰਮ ਵਜਾਇਆ, ਜਿਸ ਨਾਲ ਸਥਾਨਕ ਲੋਕਾਂ ਨੂੰ ਮਦਦ ਲਈ ਆਉਣ ਲਈ ਕਿਹਾ ਗਿਆ। ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਸਥਾਨਕ ਲੋਕਾਂ ਨੇ ਗਾਂ ਨੂੰ ਨਾਲੇ ਵਿੱਚੋਂ ਬਾਹਰ ਕੱਢਿਆ। ਜਿਵੇਂ ਹੀ ਅੱਖਾਂ 'ਤੇ ਪੱਟੀ ਹਟਾਈ ਗਈ, ਇਹ ਘਬਰਾਹਟ ਵਿੱਚ ਆਲੇ-ਦੁਆਲੇ ਦੇਖਣ ਲੱਗੀ। ਪਿੰਡ ਵਾਸੀਆਂ ਨੇ ਫਿਰ ਗਾਂ ਨੂੰ ਮਹਾਰਿਸ਼ੀ ਦਯਾਨੰਦ ਸਰਸਵਤੀ ਗਊਸ਼ਾਲਾ ਕਮੇਟੀ ਨੂੰ ਸੌਂਪ ਦਿੱਤਾ। ਕਮੇਟੀ ਦੇ ਮੈਂਬਰ ਵਿਜੇ ਕੁਮਾਰ, ਜਗਤਪਾਲ ਅਤੇ ਹੋਰਾਂ ਨੇ ਭਰੋਸਾ ਦਿੱਤਾ ਕਿ ਗਾਂ ਦੀ ਸਹੀ ਦੇਖਭਾਲ ਕੀਤੀ ਜਾਵੇਗੀ। ਕਮੇਟੀ ਮੈਂਬਰਾਂ ਨੇ ਕਿਹਾ ਕਿ ਇਹ ਘਟਨਾ ਨਾ ਸਿਰਫ਼ ਅਣਮਨੁੱਖੀ ਹੈ ਸਗੋਂ ਸਾਡੇ ਸਮਾਜ ਦੀ ਸੰਵੇਦਨਸ਼ੀਲਤਾ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਪਿੰਡ ਦੇ ਸਰਪੰਚ ਦੇ ਪ੍ਰਤੀਨਿਧੀ ਓਮਪ੍ਰਕਾਸ਼ ਡੂਡੀ ਨੇ ਵੀ ਇਸ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਇੱਕ ਮਾਸੂਮ ਜਾਨਵਰ ਦੀਆਂ ਅੱਖਾਂ 'ਤੇ ਪੱਟੀ ਬੰਨ੍ਹ ਕੇ ਉਸਨੂੰ ਮਾਰਨ ਦੇ ਇਰਾਦੇ ਨਾਲ ਨਾਲੇ ਵਿੱਚ ਸੁੱਟਣਾ ਇੱਕ ਸ਼ਰਮਨਾਕ ਅਤੇ ਕਾਇਰਤਾਪੂਰਨ ਅਪਰਾਧ ਹੈ।

## ਹੁਸ਼ਿਆਰਪੁਰ 'ਚ ਬੇਰਹਿਮੀ ਨਾਲ ਕਤਲ ਕੀਤੇ ਮਾਸੂਮ ਬੱਚੇ ਦੇ ਘਰ ਪਹੁੰਚੇ ਚੱਬੇਵਾਲ, ਕੀਤੀ ਮਾਲੀ ਮਦਦ

ਫਗਵਾੜਾ 23 ਸਤੰਬਰ। ਕੁਝ ਦਿਨ ਪਹਿਲਾਂ ਬੇਰਹਿਮੀ ਨਾਲ ਕਤਲ ਕੀਤੇ ਗਏ ਪੰਜ ਸਾਲ ਦੇ ਬੱਚੇ ਦੇ ਪਰਿਵਾਰ ਨਾਲ ਇਕਜੁੱਟਤਾ ਪ੍ਰਗਟ ਕਰਦੇ ਹੋਏ ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਮੰਗਲਵਾਰ ਨੂੰ ਆਪਣੀ ਜੇਬ ਵਿਚੋਂ ਸੋਗ ਵਿਚ ਡੁੱਬੇ ਪਰਿਵਾਰ ਨੂੰ ਵਿੱਤੀ ਸਹਾਇਤਾ ਵਜੋਂ 2 ਲੱਖ ਰੁਪਏ ਦਾ ਚੈੱਕ ਦਿੱਤਾ। ਲੋਕ ਸਭਾ ਮੈਂਬਰ, ਸਾਬਕਾ ਪੰਜਾਬ ਮੰਤਰੀ ਜੋਗਿੰਦਰ ਸਿੰਘ ਮਾਨ ਦੇ ਨਾਲ ਮ੍ਰਿਤਕ ਦੇ ਪਰਿਵਾਰ ਨੂੰ ਮਿਲਣ ਗਏ ਅਤੇ ਉਨ੍ਹਾਂ ਨੂੰ ਚੈੱਕ ਸੌਂਪਿਆ। ਬੱਚੇ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਹੋਏ, ਉਨ੍ਹਾਂ ਨੇ ਉਸਦੇ ਪਰਿਵਾਰਕ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਪੀੜਤ ਪਰਿਵਾਰ, ਦੋਸਤਾਂ ਅਤੇ ਸ਼ੁਭਚਿੰਤਕਾਂ ਨੂੰ ਇਨਸਾਫ਼



ਦਿਵਾਇਆ ਜਾਵੇਗਾ। ਇਸ ਦੁੱਖ ਦੀ ਘੜੀ ਵਿਚ ਦੁਖੀ ਪਰਿਵਾਰ ਨਾਲ ਆਪਣੀ ਦਿਲੀ ਹਮਦਰਦੀ ਸਾਂਝੀ ਕਰਦਿਆਂ ਉਨ੍ਹਾਂ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀ ਆਤਮਾ ਨੂੰ ਸਦੀਵੀ ਸ਼ਾਂਤੀ ਦੇਵੇ ਅਤੇ ਇਸ ਨਾ ਪੂਰਿਆ ਜਾਣ ਵਾਲੇ ਘਾਟੇ ਨੂੰ ਸਹਿਣ ਕਰਨ ਦੀ ਤਾਕਤ ਦੇਵੇ। ਲੋਕ ਸਭਾ ਮੈਂਬਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿਚ ਦੁਖੀ ਪਰਿਵਾਰ ਦੇ ਨਾਲ ਹੈ। ਉਨ੍ਹਾਂ ਪਰਿਵਾਰਕ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਮਨੁੱਖਤਾ ਵਿਰੁੱਧ ਇਸ ਘਿਨਾਉਣੇ ਅਪਰਾਧ ਦੇ ਦੋਸ਼ੀ ਨੂੰ ਮਿਸਾਲੀ ਸਜ਼ਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਘਿਨਾਉਣੇ ਕੰਮ ਵਿਚ ਸ਼ਾਮਲ ਦੋਸ਼ੀ ਨੂੰ ਮਿਸਾਲੀ ਸਜ਼ਾ ਦੇਣ ਲਈ ਹਰ ਕਦਮ ਚੁੱਕੇਗੀ। ਡਾ. ਚੱਬੇਵਾਲ ਨੇ ਕਿਹਾ ਕਿ ਅਜਿਹੇ ਅਪਰਾਧੀ ਨਰਮੀ ਦੇ ਹੱਕਦਾਰ ਨਹੀਂ ਹਨ ਅਤੇ ਉਨ੍ਹਾਂ ਨਾਲ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦੇ ਕੇ ਨਜਿੱਠਿਆ ਜਾਵੇਗਾ ਤਾਂ ਜੋ ਇਹ ਦੂਜਿਆਂ ਲਈ ਵੀ ਇਕ ਸਬਕ ਬਣ ਸਕੇ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿਚ ਪੀੜਤ ਪਰਿਵਾਰ ਨੂੰ ਹਰ ਤਰ੍ਹਾਂ ਦਾ ਸਹਿਯੋਗ ਅਤੇ ਸਹਾਇਤਾ ਦੇਵੇਗੀ। ਇਸ ਮੰਦਭਾਗੀ ਘਟਨਾ 'ਤੇ ਦੁੱਖ ਪ੍ਰਗਟ ਕਰਦਿਆਂ, ਉਨ੍ਹਾਂ ਲੋਕਾਂ ਨੂੰ ਧਾਰਮਿਕ ਸਹਿਣਸ਼ੀਲਤਾ, ਏਕਤਾ ਅਤੇ ਭਾਈਚਾਰੇ ਦੇ ਸਿਧਾਂਤਾਂ ਦੀ ਮਿਸਾਲ ਪੇਸ਼ ਕਰਦੇ ਹੋਏ ਇਨ੍ਹਾਂ ਹਾਲਾਤਾਂ ਵਿੱਚ ਸੰਜਮ ਵਰਤਣ ਦੀ ਅਪੀਲ ਕੀਤੀ।

### ਬਜਾਜ ਫਾਈਨਾਂਸ ਕੰਪਨੀ ਦੇ ਮੈਨੇਜਰ 'ਤੇ ਅਣਪਛਾਤਿਆਂ ਦਾ ਹਮਲਾ

ਤਪਾ ਮੰਡੀ 23 ਸਤੰਬਰ। ਸਥਾਨਕ ਬਾਹਰਲੇ ਬੱਸ ਸਟੈਂਡ ਤੇ ਸ਼ਨੀਵਾਰ ਦੀ ਰਾਤ ਕੋਈ 9 ਵਜੇ ਦੇ ਕਰੀਬ ਬਜਾਜ ਫਾਇਨਾਂਸ ਕੰਪਨੀ ਤਾਇਨਾਤ ਮੈਨੇਜਰ ਦੇ ਸਿਰ 'ਚ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਸਿਰ 'ਚ ਲੋਹੇ ਦਾ ਦੁਰਮੱਟ ਮਾਰ ਕੇ ਹਮਲਾ ਕਰ ਦਿੱਤਾ। ਹਸਪਤਾਲ 'ਚ ਜੇਰੇ ਇਲਾਜ ਬਜਾਜ ਫਾਇਨਾਂਸ ਕੰਪਨੀ ਤਪਾ ਦੇ ਮੈਨੇਜਰ ਗੋਪਾਲ ਘਈ ਨੇ ਦੱਸਿਆ ਕਿ ਉਹ ਘਰ ਦਾ ਘਰੇਲੂ ਸਾਮਾਨ ਲੈਣ ਲਈ ਬਾਹਰਲੇ ਬੱਸ ਸਟੈਂਡ ਗਿਆ ਸੀ। ਸਾਮਾਨ ਲੈਣ ਉਪਰੰਤ ਜਦ ਉਹ ਚੱਲਣ ਲੱਗਾ ਤਾਂ ਪਹਿਲਾਂ ਹੀ ਤਾਕ 'ਚ ਖੜ੍ਹੇ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਲੋਹੇ ਦੇ ਦੁਰਮੱਟ ਨਾਲ ਹਮਲਾ ਕਰਕੇ ਗੰਭੀਰ ਰੂਪ 'ਚ ਜ਼ਖ਼ਮੀ ਕਰਕੇ ਫਰਾਰ ਹੋ ਗਏ। ਜ਼ਖ਼ਮੀ ਹਾਲਤ 'ਚ ਗੋਪਾਲ ਨੇ ਪਰਿਵਾਰਕ ਮੈਂਬਰਾਂ ਨੂੰ ਸੂਚਨਾ ਦਿੱਤੀ ਤਾਂ ਲਹੂ ਨਾਲ ਲਥਪਥ ਹੋਏ ਗੋਪਾਲ ਘਈ ਨੂੰ ਸਿਵਲ ਹਸਪਤਾਲ ਤਪਾ 'ਚ ਦਾਖ਼ਲ ਕਰਵਾਇਆ ਗਿਆ। ਉਸ ਦੇ ਸਿਰ 'ਚ 6 ਟਾਂਕੇ ਲੱਗੇ ਹਨ। ਘਟਨਾ ਦੀ ਸੂਚਨਾ ਮਿਲਦੇ ਹੀ ਹਵਾਲਦਾਰ ਸੰਦੀਪ ਸਿੰਘ ਨੇ ਜ਼ਖ਼ਮੀ ਗੋਪਾਲ ਘਈ ਦੇ ਬਿਆਨ ਕਲਮਬੰਦ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਕੇਂਦਰ ਸਰਕਾਰ ਵੱਲੋਂ ਪਾਕਿਸਤਾਨ ਦੇ ਗੁਰਧਾਮਾਂ ਦੀ ਯਾਤਰਾ 'ਤੇ ਪਾਬੰਦੀ ਗੈਰ-ਵਾਜਬ: ਐਡਵੋਕੇਟ ਧਾਮੀ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 23 ਸਤੰਬਰ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਵਿਖੇ ਸਥਿਤ ਇਤਿਹਾਸਕ ਗੁਰਧਾਮਾਂ ਦੀ ਯਾਤਰਾ ਲਈ ਸਿੱਖ ਜੱਥੇ ਨੂੰ ਭਾਰਤ ਸਰਕਾਰ ਵੱਲੋਂ ਪ੍ਰਵਾਨਗੀ ਨਾ ਦੇਣਾ ਬੇਹੱਦ ਮੰਦਭਾਗਾ ਅਤੇ ਨਿਰਾਸ਼ਾਜਨਕ ਫੈਸਲਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਕੌਮ ਲਈ ਪਾਵਨ ਗੁਰਧਾਮਾਂ ਦੀ ਯਾਤਰਾ ਧਾਰਮਿਕ ਭਾਵਨਾ ਨਾਲ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਸ 'ਤੇ ਰੁਕਾਵਟ ਨਾਲ ਸਿੱਖ ਸੰਗਤ ਦੇ ਮਨਾਂ ਨੂੰ ਗਹਿਰਾ ਦੁੱਖ ਪਹੁੰਚਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰਾਂ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਸਿੱਖ ਵਿਚਾਰਧਾਰਾ ਮਨੁੱਖਤਾ ਨੂੰ ਜੋੜਦੀ ਹੈ ਅਤੇ ਆਪਸੀ ਸਦਭਾਵਨਾ ਸਿਖਾਉਂਦੀ ਹੈ। ਗੁਰੂ ਨਾਨਕ ਸਾਹਿਬ ਜੀ ਦਾ ਸੰਦੇਸ਼ ਹਰੇਕ ਧਰਮ, ਜਾਤ ਅਤੇ ਸਮਾਜ ਦੇ ਲੋਕਾਂ ਨੂੰ ਇਕਤਾ, ਪ੍ਰੇਮ ਅਤੇ ਨਿਮਰਤਾ ਵੱਲ ਪ੍ਰੇਰਿਤ ਕਰਦਾ ਹੈ। ਇਸੇ ਕਾਰਨ ਗੁਰਧਾਮਾਂ ਦੀ ਯਾਤਰਾ ਸਿਰਫ਼ ਧਾਰਮਿਕ ਹੀ ਨਹੀਂ, ਸਗੋਂ ਮਨੁੱਖੀ ਭਾਵਨਾਵਾਂ ਅਤੇ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਦਾ ਸਾਧਨ ਵੀ ਹੈ। ਉਨ੍ਹਾਂ ਨੇ ਕਿਹਾ ਕਿ ਪਾਕਿਸਤਾਨ ਵਿਚਲੇ ਗੁਰਧਾਮਾਂ ਦੀ ਯਾਤਰਾ ਨਾਲ ਦੋਵਾਂ ਦੇਸ਼ਾਂ ਵਿਚਕਾਰ ਸਾਂਝੇ ਰਿਸ਼ਤੇ ਮਜ਼ਬੂਤ ਹੁੰਦੇ ਹਨ ਅਤੇ ਲੋਕਾਂ ਦੇ ਦਿਲਾਂ ਵਿਚਕਾਰ ਨੇੜਤਾ ਪੈਦਾ ਹੁੰਦੀ ਹੈ। ਇਸ ਲਈ ਸਰਕਾਰ ਵੱਲੋਂ ਇਸ ਯਾਤਰਾ ਨੂੰ ਰੋਕਣਾ ਨਿਰਾਸ਼ਾਜਨਕ ਕਦਮ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਪਸ਼ਟ ਕੀਤਾ ਕਿ ਭਾਰਤ ਸਰਕਾਰ ਨੇ ਸੰਗਤ ਦੀਆਂ ਭਾਵਨਾਵਾਂ ਨੂੰ ਅਣਡਿੱਠ ਕਰਕੇ ਇਹ ਫੈਸਲਾ ਕੀਤਾ ਹੈ, ਜਿਸ ਕਾਰਨ ਸਿੱਖ ਜਗਤ ਅੰਦਰ ਭਾਰੀ ਰੋਸ ਹੈ। ਉਨ੍ਹਾਂ ਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਸਿੱਖ ਸੰਗਤ ਦੀਆਂ



ਧਾਰਮਿਕ ਭਾਵਨਾਵਾਂ ਦਾ ਆਦਰ ਕਰਦਿਆਂ ਇਸ ਧਾਰਮਿਕ ਯਾਤਰਾ ਲਈ ਤੁਰੰਤ ਪ੍ਰਵਾਨਗੀ ਦਿੱਤੀ ਜਾਵੇ ਤਾਂ ਜੋ ਸੰਗਤ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਉੱਤੇ ਆਪਣੇ ਅਟੱਲ ਵਿਸ਼ਵਾਸ ਨਾਲ ਸੰਬੰਧਿਤ ਗੁਰਧਾਮਾਂ ਦੇ ਦਰਸ਼ਨ ਕਰ ਸਕੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਖਾਲਸਾ ਪੰਥ ਨੂੰ ਵੀ ਅਪੀਲ ਕੀਤੀ ਕਿ ਭਾਰਤ ਸਰਕਾਰ ਦੇ ਇਸ ਮੰਦਭਾਗੇ ਫੈਸਲੇ ਦੇ ਵਿਰੁੱਧ ਆਪਣਾ ਸਪਸ਼ਟ ਵਿਰੋਧ ਦਰਜ ਕਰਵਾਇਆ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਵਿਚ ਸਿੱਖ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਨਾ ਹੋਵੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੇਂਦਰ ਸਰਕਾਰ ਨੂੰ ਇਸ ਸਬੰਧ ਵਿਚ ਇੱਕ ਵਿਸਥਾਰਤ ਪੱਤਰ ਵੀ ਲਿਖਿਆ ਜਾ ਰਿਹਾ ਹੈ।

### ਨੌਜਵਾਨ ਦਾ ਕਤਲ ਮਗਰੋਂ ਪ੍ਰੇਮਿਕਾ ਨੇ ਜ਼ਹਿਰ ਖਾ ਕੇ ਕੀਤੀ ਖੁਦਕੁਸ਼ੀ

ਨੈਸ਼ਨਲ ਡੈਸਕ 23 ਸਤੰਬਰ। ਉੱਤਰ ਪ੍ਰਦੇਸ਼ ਦੇ ਸਹਾਰਨਪੁਰ ਜ਼ਿਲ੍ਹੇ 'ਚ ਆਪਣੇ ਪ੍ਰੇਮੀ ਦੀ ਹੱਤਿਆ ਤੋਂ ਇੱਕ ਦਿਨ ਬਾਅਦ ਉਸਦੀ ਪ੍ਰੇਮਿਕਾ ਨੇ ਕਥਿਤ ਤੌਰ 'ਤੇ ਜ਼ਹਿਰ ਖਾ ਕੇ ਖੁਦਕੁਸ਼ੀ ਕਰ ਲਈ। ਪੁਲਸ ਨੇ ਐਤਵਾਰ ਨੂੰ ਦੱਸਿਆ ਚਿਲਕਾਣਾ ਥਾਣਾ ਖੇਤਰ ਦੇ ਡੁਮਝੇੜਾ ਪਿੰਡ ਦੀ ਰਹਿਣ ਵਾਲੀ ਅੰਕਿਤਾ (18) ਦੀ ਲਾਸ਼ ਸ਼ਨੀਵਾਰ ਨੂੰ ਉਸਦੇ ਘਰੋਂ ਬਰਾਮਦ ਕੀਤੀ ਗਈ, ਜਿਸਦੇ ਕੋਲ ਇੱਕ ਖਾਲੀ ਕੀਟਨਾਸ਼ਕ ਪੈਕੇਟ ਪਿਆ ਸੀ। ਪੁਲਸ ਸੁਪਰਡੈਂਟ (ਦਿਹਾਤੀ) ਸਾਗਰ ਜੈਨ ਨੇ ਪੀ.ਟੀ.ਆਈ. ਨੂੰ ਦੱਸਿਆ ਕਿ ਅੰਕਿਤਾ ਦੇ ਪ੍ਰੇਮੀ, ਮਾਹਿਲ (22) ਦਾ ਸ਼ੁੱਕਰਵਾਰ ਨੂੰ ਕਤਲ ਕਰ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਨੌਜਵਾਨ ਦੇ ਪਰਿਵਾਰ ਨੇ ਲੜਕੀ ਦੇ ਰਿਸ਼ਤੇਦਾਰਾਂ 'ਤੇ ਕਤਲ ਵਿੱਚ ਸ਼ਾਮਲ ਹੋਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਲੜਕੇ ਦੇ ਪਰਿਵਾਰ ਨੇ ਤੁਰੰਤ ਕਾਰਵਾਈ ਦੀ ਮੰਗ ਕਰਦੇ ਹੋਏ ਵਿਰੋਧ ਪ੍ਰਦਰਸ਼ਨ ਵੀ ਕੀਤਾ। ਅਧਿਕਾਰੀ ਨੇ ਕਿਹਾ ਕਿ ਪੁਲਸ ਨੇ ਪੁੱਛਗਿੱਛ ਲਈ ਦੋ ਨਾਬਾਲਗਾਂ ਨੂੰ ਹਿਰਾਸਤ ਵਿੱਚ ਲਿਆ ਹੈ।

## ਪਰਾਲੀ ਸਾੜਨ ਤੋਂ ਬਿਨਾਂ ਕਣਕ ਦੀ ਬਜਾਈ ਲਈ ਕਿਸਾਨਾਂ ਦੀ ਸਹਾਇਤਾ ਕਰਨ ਵਾਸਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਖੋਲ੍ਹਿਆ ਕਿਸਾਨ ਸਹਾਇਤਾ ਕੇਂਦਰ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ , 23 ਸਤੰਬਰ। ਝੋਨੇ ਦੀ ਕਟਾਈ ਸ਼ੁਰੂ ਹੋਣ ਦੇ ਨਾਲ ਹੀ ਜ਼ਿਲ੍ਹਾ ਪ੍ਰਸ਼ਾਸਨ ਨੇ ਪਰਾਲੀ ਨੂੰ ਸਾੜੇ ਬਿਨਾਂ ਅਗਲੀ ਫਸਲ ਦੀ ਬਿਜਾਈ ਕਰਨ ਵਾਸਤੇ ਕਿਸਾਨਾਂ ਦੀ ਸਹਾਇਤਾ ਕਰਨ ਲਈ ਵਿਸ਼ੇਸ਼ ਉਪਰਾਲੇ ਸ਼ੁਰੂ ਕਰ ਦਿੱਤੇ ਹਨ। ਜਿਸ ਤਹਿਤ ਉਹ ਕਿਸਾਨ ਜੋ ਮੰਡੀ ਵਿੱਚ ਝੋਨਾ ਲੈ ਕੇ ਆ ਰਿਹਾ ਹੈ, ਨੂੰ ਫੋਨ ਉੱਪਰ ਪਰਾਲੀ ਪ੍ਰਬੰਧਨ ਲਈ ਖੇਤੀ ਸੰਦ ਮੁਹਈਆ ਕਰਾਉਣ ਦੀ ਪੇਸ਼ਕਸ਼ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਕਿਸਾਨ ਸਹਾਇਤਾ ਕੇਂਦਰ ਖੋਲਿਆ ਗਿਆ ਹੈ। ਇਹ ਜਾਣਕਾਰੀ ਦਿੰਦੇ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਇਹ ਸਹਾਇਤਾ ਕੇਂਦਰ , ਜਿਸ ਦਾ ਫੋਨ ਨੰਬਰ 0183-2220159 ਹੈ, ਨੰਬਰ ਉੱਤੇ ਫੋਨ ਕਰਕੇ ਕੋਈ ਵੀ ਕਿਸਾਨ ਪਰਾਲੀ ਪ੍ਰਬੰਧਨ ਲਈ ਸਹਾਇਤਾ ਮੰਗ ਸਕਦਾ ਹੈ। ਉਹਨਾਂ ਦੱਸਿਆ ਕਿ ਸਾਡੇ ਅਧਿਕਾਰੀ ਪਿੰਡ ਪੱਧਰ ਉੱਪਰ ਵੀ ਪਰਾਲੀ ਨੂੰ ਸਾੜਨ ਤੋਂ ਬਿਨਾਂ ਫਸਲ ਦੀ ਬਿਜਾਈ ਕਰਨ ਲਈ ਅਗਵਾਈ ਕਰਨ ਵਾਸਤੇ ਮੌਜੂਦ ਹਨ। ਉਹਨਾਂ ਦੱਸਿਆ ਕਿ ਇਸ ਵਾਰ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਲਈ ਹਰੇਕ ਤਰ੍ਹਾਂ ਦੀ ਮਸ਼ੀਨਰੀ ਮੌਜੂਦ ਹੈ, ਇਸ ਲਈ ਕਿਸਾਨਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਖੇਤੀਬਾੜੀ ਅਧਿਕਾਰੀ ਸ ਬਲਜਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਅਸੀਂ ਕਿਸਾਨਾਂ ਨਾਲ ਸੰਪਰਕ ਕਰ ਰਹੇ ਹਾਂ ਤਾਂ ਜੋ ਉਹਨਾਂ ਨੂੰ ਲੋੜ ਅਨੁਸਾਰ ਮਸ਼ੀਨਰੀ ਮੁਹਈਆ ਕਰਵਾਈ ਜਾ ਸਕੇ। ਉਹਨਾਂ ਦੱਸਿਆ ਕਿ ਜਿੰਨਾ ਕਿਸਾਨਾਂ ਨੇ ਪਿਛਲੇ ਸਾਲਾਂ ਦੌਰਾਨ ਪਰਾਲੀ ਨੂੰ ਅੱਗ ਨਹੀਂ ਲਗਾਈ ਉਹਨਾਂ ਦੇ ਖੇਤਾਂ ਵਿੱਚ ਫਸਲਾਂ ਦਾ ਝਾੜ ਲਗਾਤਾਰ ਵਧ ਰਿਹਾ ਹੈ। ਉਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਵਾਰ ਇਹ ਪਹਿਲ ਕਰਕੇ ਇਸਦੇ ਹੈਰਾਨੀਜਨਕ ਨਤੀਜੇ ਵੇਖਣ। ਸਹਾਇਕ ਖੇਤੀਬਾੜੀ ਇੰਜੀਨੀਅਰ ਮਨਦੀਪ ਸਿੰਘ ਨੇ ਦੱਸਿਆ ਕਿ ਸਾਡੇ ਕੋਲ ਜ਼ਿਲ੍ਹੇ ਵਿੱਚ ਹੀ ਪਰਾਲੀ ਦੀਆਂ ਗੱਠਾਂ ਬਣਾਉਣ ਲਈ 72 ਬੇਲਰ ਅਤੇ ਪਰਾਲੀ ਇਕੱਠੀ ਕਰਨ ਲਈ 62 ਰੈਕ ਮੌਜੂਦ ਹਨ। ਇਸ ਤੋਂ ਇਲਾਵਾ ਖੇਤ ਵਿੱਚ ਪਰਾਲੀ ਨੂੰ ਵਾਹੁਣ ਜਾਂ ਪਰਾਲੀ ਦੇ ਨਾਲ ਹੀ ਕਣਕ ਦੀ ਬਿਜਾਈ ਕਰਨ ਲਈ 4290 ਇਨ ਸੀਟੂ ਮਸ਼ੀਨਾ ਮੌਜੂਦ ਹਨ, ਜਿਸ ਵਿੱਚ 2730 ਸੁਪਰ ਸੀਡਰ, 671 ਜੀ?ਰੋ ਟਿਲ ਡਰਿਲ, 5 ਸਮਾਰਟ ਸੀਟਰ, 119 ਹੈਪੀ ਸੀਡਰ, 41 ਸਰਫੇਸ ਸੀਡਰ, 124 ਪਲਟਾਵੇ ਹੱਲ, 106 ਮਲਚਰ, 236 ਪੈਡੀ ਸਟਰਾਅ ਚੋਪਰ ਆਦਿ ਮਸ਼ੀਨਾਂ ਜ਼ਿਲੇ ਦੇ ਵਿੱਚ ਸਬਸਿਡੀ ਉੱਤੇ ਮੁਹਈਆ ਕਰਵਾਈਆਂ ਗਈਆਂ ਹਨ। ਉਹਨਾਂ ਦੱਸਿਆ ਕਿ ਇਹ ਸਾਰੀ ਮਸ਼ੀਨਰੀ ਹੁਣ ਪਰਾਲੀ ਪ੍ਰਬੰਧਨ ਲਈ ਵਰਤੀ ਜਾ ਰਹੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰੋਹਿਤ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਮਜੀਤ ਕੌਰ, ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ ਅਮਨਜੀਤ ਸਿੰਘ, ਜ਼ਿਲ੍ਹਾ ਮੰਡੀ ਅਫਸਰ ਸ ਅਮਨਦੀਪ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

### ਜੇਲ੍ਹ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਕੀਤਾ ਜ਼ਿਲ੍ਹਾ ਜੇਲ੍ਹ ਨਾਰਨੌਲ ਦਾ ਅਚਾਨਕ ਨਿਰੀਖਣ

ਚੰਡੀਗੜ੍ਹ, 23 ਸਤੰਬਰ। ਹਰਿਆਣਾ ਦੇ ਜੇਲ੍ਹ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਅੱਜ ਜ਼ਿਲ੍ਹਾ ਜੇਲ੍ਹ ਨਾਰਨੌਲ ਦਾ ਅਚਾਨਕ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜੇਲ੍ਹ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ ਅਤੇ ਕੈਦੀਆਂ ਨੂੰ ਦਿੱਤੀ ਜਾ ਰਹੀ ਸਹੂਲਤਾਂ ਦਾ ਜਾਇਜਾ ਲਿਆ। ਉਨ੍ਹਾਂ ਨੇ ਸੇਵਾ ਪਰਵ ਤਹਿਤ ਜੇਲ੍ਹ ਪਰਿਸਰ ਵਿੱਚ ਪੌਧਾਰੋਪਣ ਕਰ ਵਾਤਾਵਰਣ ਸਰੰਖਣ ਦਾ ਸੰਦੇਸ਼ ਦਿੱਤਾ। ਨਿਰੀਖਣ ਦੌਰਾਨ ਡਾ. ਸ਼ਰਮਾ ਨੇ ਜੇਲ੍ਹ ਸੁਪਰਡੈਂਟ ਤੋਂ ਕੈਦੀਆਂ ਲਈ ਉਪਲਬਧ ਕਰਾਈ ਜਾ ਰਹੀ ਸਹੂਲਤਾਂ ਦੇ ਬਾਰੇ ਵਿੱਚ ਵਿਸਤਾਰ ਨਾਲ ਜਾਣਕਾਰੀ ਲਈ। ਉਨ੍ਹਾਂ ਨੇ ਵਿਸ਼ੇਸ਼ ਰੂਪ ਨਾਲ ਖਾਣ ਦੀ ਗੁਣਵੱਤਾ, ਸਵੱਛਤਾ ਅਤੇ ਸਿਹਤ ਸੇਵਾਵਾਂ 'ਤੇ ਜੋਰ ਦਿੱਤਾ। ਜੇਲ੍ਹ ਮੰਤਰੀ ਨੇ ਜਲ੍ਹ ਸੁਪਰਡੈਂਟ ਨੂੰ ਨਿਰਦੇਸ਼ ਦਿੱਤੇ ਕਿ ਕੈਦੀਆਂ ਨੂੰ ਦਿੱਤੇ ਜਾਣ ਵਾਲੇ ਭੋਜਨ ਦੀ ਗੁਣਵੱਤਾ ਦੀ ਨਿਯਮਤ ਜਾਂਚ ਕੀਤੀ ਜਾਵੇ ਅਤੇ ਜਲ੍ਹ ਪਰਿਸਰ ਵਿੱਚ ਸਵੱਛਤਾ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਇਸ ਮੌਕੇ 'ਤੇ ਡਾ. ਸ਼ਰਮਾ ਨੇ ਜੇਲ੍ਹ ਪਰਿਸਰ ਵਿੱਚ ਕੈਦੀਆਂ ਲਹੀ ਇੱਕ ਸਿਹਤ ਕੇਂਪ ਲਗਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਉਨ੍ਹਾਂ ਦੀ ਸਿਹਤ ਸਬੰਧੀ ਸਮਸਿਆਵਾਂ ਦਾ ਹੱਲ ਕੀਤਾ ਜਾ ਸਕੇ।

## ਲਗਾਤਾਰ ਦੂਜੇ ਦਿਨ ਡਿੱਗੀਆਂ ਸੋਨੇ-ਚਾਂਦੀ ਦੀਆਂ ਕੀਮਤਾਂ

ਬਿਜ਼ਨਸ ਡੈਸਕ 23 ਸਤੰਬਰ। ਵੀਰਵਾਰ (23 ਸਤੰਬਰ) ਨੂੰ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿਚ ਗਿਰਾਵਟ ਦੇਖਣ ਨੂੰ ਮਿਲੀ ਹੈ। ਮੌਜੂਦਾ ਸਮੇਂ, ਘਰੇਲੂ ਬਾਜ਼ਾਰ ਵਿੱਚ ਸੋਨੇ ਦੀਆਂ ਕੀਮਤਾਂ 109,254 'ਤੇ ਵਪਾਰ ਕਰ ਰਹੀਆਂ ਸਨ, ਜਦੋਂ ਕਿ ਚਾਂਦੀ ਦੀਆਂ ਕੀਮਤਾਂ 125,843 ਰੁਪਏ ਦੇ ਆਸ-ਪਾਸ ਵਪਾਰ ਕਰ ਰਹੀਆਂ ਸਨ। ਅੰਤਰਰਾਸ਼ਟਰੀ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਵਾਅਦਾ ਕੀਮਤਾਂ ਵੀ ਸੁਸਤ ਢੰਗ ਨਾਲ ਵਪਾਰ ਕਰ ਰਹੀਆਂ ਹਨ। ਵੀਰਵਾਰ ਨੂੰ ਸੋਨੇ ਅਤੇ ਚਾਂਦੀ ਦੇ ਵਾਅਦੇ ਘੱਟ ਖੁੱਲ੍ਹੇ। ਕਾਮੈਕਸ 'ਤੇ ਸੋਨਾ £3,692.50 ਪ੍ਰਤੀ ਔਂਸ 'ਤੇ ਖੁੱਲ੍ਹਿਆ। ਪਿਛਲੀ ਬੰਦ ਕੀਮਤ £3,717.80 ਪ੍ਰਤੀ ਔਂਸ ਸੀ। ਲਿਖਣ ਦੇ ਸਮੇਂ, ਇਹ £20.70 ਦੀ ਗਿਰਾਵਟ ਨਾਲ £3,697.10 ਪ੍ਰਤੀ ਔਂਸ 'ਤੇ ਵਪਾਰ ਕਰ ਰਿਹਾ ਸੀ। ਦੋ ਦਿਨ ਪਹਿਲਾਂ ਸੋਨੇ ਦੀਆਂ ਕੀਮਤਾਂ £3,739.90 ਦੇ ਰਿਕਾਰਡ ਉੱਚ ਪੱਧਰ 'ਤੇ ਪਹੁੰਚ ਗਈਆਂ ਸਨ। ਕਾਮੈਕਸ ਚਾਂਦੀ ਦੇ ਵਾਅਦੇ £42.00 'ਤੇ ਖੁੱਲ੍ਹੇ। ਪਿਛਲੀ ਸਮਾਪਤੀ ਕੀਮਤ £42.15 ਸੀ। ਲਿਖਣ ਦੇ ਸਮੇਂ, ਇਹ £0.23 ਦੀ ਗਿਰਾਵਟ ਦੇ ਨਾਲ, £41.92 ਪ੍ਰਤੀ ਔਂਸ 'ਤੇ ਵਪਾਰ ਕਰ ਰਿਹਾ ਸੀ। ਰਾਸ਼ਟਰੀ ਰਾਜਧਾਨੀ ਦੇ ਸਰਾਫਾ ਬਾਜ਼ਾਰ ਵਿੱਚ ਸੋਨੇ ਦੀਆਂ ਕੀਮਤਾਂ ਬੁੱਧਵਾਰ ਨੂੰ ਆਪਣੇ ਉੱਚਤਮ ਪੱਧਰ ਤੋਂ 1,300 ਰੁਪਏ ਡਿੱਗ ਕੇ 1,13,800 ਰੁਪਏ ਪ੍ਰਤੀ 10 ਗ੍ਰਾਮ ਹੋ ਗਈਆਂ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਦੇ ਅਨੁਸਾਰ, 99.5 ਪ੍ਰਤੀਸ਼ਤ ਸ਼ੁੱਧਤਾ ਵਾਲਾ ਸੋਨਾ ਬੁੱਧਵਾਰ ਨੂੰ 1,300 ਰੁਪਏ ਡਿੱਗ ਕੇ 1,13,300 ਰੁਪਏ ਪ੍ਰਤੀ 10 ਗ੍ਰਾਮ (ਸਾਰੇ ਟੈਕਸਾਂ ਸਮੇਤ) ਹੋ ਗਿਆ। ਐਲਕੇਪੀ ਸਿਕਿਓਰਿਟੀਜ਼ ਦੇ ਰਿਸਰਚ ਐਨਾਲਿਸਟ (ਵਸਤੂਆਂ ਅਤੇ ਮੁਦਰਾ) ਦੇ ਉਪ ਪ੍ਰਧਾਨ ਜਤਿਨ ਤ੍ਰਿਵੇਦੀ ਨੇ ਕਿਹਾ, ਕਿਸੇ ਸਪੱਸ਼ਟ ਰੋਡਮੈਪ ਤੋਂ ਬਿਨਾਂ ਕੋਈ ਵੀ ਨਿਰਪੱਖ ਜਾਂ ਘੱਟ ਡੂਵਿਸ਼ ਟਿੱਪਣੀ ਸਰਾਫਾ ਬਾਜ਼ਾਰ ਵਿੱਚ ਕੁਝ ਪ੍ਰਤੀਸ਼ਤ ਦੀ ਗਿਰਾਵਟ ਦਾ ਕਾਰਨ ਬਣ ਸਕਦੀ ਹੈ।

## ਵਿਧਾਇਕ ਜਸਵੀਰ ਰਾਜਾ ਨੇ 60 ਲੱਖ ਦੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ

**ਏਜੰਸੀਆਂ**

ਟਾਂਡਾ ਉੜਮੁੜ 23 ਸਤੰਬਰ। ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਵਿਕਾਸ ਪੱਖੋਂ ਸੰਪੂਰਨ ਕਰਨ ਲਈ ਹਰ ਖੇਤਰ ਵਿਚ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਰਲਣਾ ਵਿਖੇ ਹੋਏ ਇਕ ਸਮਾਗਮ ਦੌਰਾਨ ਕੀਤਾ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਰੀਬ 60 ਲੱਖ ਰੁਪਏ ਦੀ ਲਾਗਤ ਨਾਲ ਰਾਸ਼ਟਰੀ ਮਾਰਗ ਤੋਂ ਪਿੰਡ ਚਨੌਤਾ, ਰਲਣਾ ਤੇ ਰਾਵਾਂ ਤੱਕ ਬਣਨ ਵਾਲੀਆਂ ਸੰਪਰਕ ਸੜਕਾਂ ਦਾ ਦੇ ਕਾਰਜ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿਚ ਅੱਜ ਸੂਬੇ ਦੇ ਹਰੇਕ ਖੇਤਰ ਵਿਚ ਇਤਿਹਾਸਿਕ ਵਿਕਾਸ ਕਾਰਜ ਹੋਏ ਹਨ, ਜਿਸ ਕਾਰਨ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੇ ਕੰਮਾਂ ਤੋਂ ਪੂਰੀ



ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਹੋਰ ਕਿਹਾ ਵਿਧਾਨ ਸਭਾ ਹਲਕਾ ਟਾਂਡਾ ਦੇ ਹਰੇਕ ਪਿੰਡ ਵਿਚ ਪਾਰਟੀਬਾਜ਼ੀ ਅਤੇ ਸਿਆਸਤ ਤੋਂ ਉੱਪਰ ਉੱਠ ਕੇ ਵਿਕਾਸ ਕਾਰਜ ਕੀਤੇ ਜਾਣਗੇ ਅਤੇ ਆਉਣ ਵਾਲੇ ਦਿਨਾਂ ਵਿਚ ਹਲਕੇ ਦੇ ਵਿਕਾਸ ਕਾਰਜਾਂ ਵਿੱਚ ਹੋਰ ਜਿਆਦਾ ਤੇਜ਼ੀ ਲਿਆਂਦੀ ਜਾਵੇਗੀ। ਇਸ ਸਮੇਂ ਉਨ੍ਹਾਂ ਪਿੰਡ ਚੁਨੌਤਾ, ਰਾਂਵਾ ਅਤੇ ਇਕੱਤਰ ਹੋਈ ਪਿੰਡ ਰਲਣਾ ਦੀ ਪੰਚਾਇਤ ਦਾ ਧੰਨਵਾਦ ਕਰਦੇ ਹੋਏ ਪਿੰਡਾਂ ਵਿਚ ਵਿਕਾਸ ਕਾਰਜ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ,ਸਰਪੰਚ ਸਵਰਨ ਸਿੰਘ ਰੱਲਣਾ, ਸਰਪੰਚ ਸੁਖਜਿੰਦਰ ਸਿੰਘ ਰਾਵਾ, ਸਰਪੰਚ ਪ੍ਰਿਤਪਾਲ ਸਿੰਘ ਚਨੌਤਾ, ਸਤਵਿੰਦਰ ਸਿੰਘ ਰਿੰਪੀ ਰੱਲਣ, ਅਮਰਜੀਤ ਕਲਸੀਆ, ਗੁਰਪ੍ਰੀਤ ਸਿੰਘ, ਮਨਜੀਤ ਕੌਰ, ਦਵਿੰਦਰ ਕੌਰ, ਪਰਮਜੀਤ ਕੌਰ, ਪਰਮਿੰਦਰ ਸਿੰਘ, ਮਨਜੀਤ ਸਿੰਘ ਰਾਣਾ, ਦਵਿੰਦਰ ਸਿੰਘ, ਸੰਜੀਵ ਪਾਲ ਸਿੰਘ ,ਜਰਨੈਲ ਸਿੰਘ, ਹਰਮਨ ਜੋਤ ਸਿੰਘ, ਬਲਪ੍ਰੀਤ ਸਿੰਘ, ਹਰਮਨ ਸਿੰਘ, ਦਰਸ਼ਨ ਸਿੰਘ, ਸੁਖਦੇਵ ਸਿੰਘ, ਗੁਰ ਕਿਰਪਾਲ ਸਿੰਘ ਵੀ ਹਾਜ਼ਰ ਸਨ।

## ਇਸ ਸੂਬੇ 'ਚ 1500 ਤੋਂ ਵਧੇਰੇ ਕਿਸਾਨ ਦੇ ਚੁੱਕੇ ਜਾਨ !

**ਕੌਮੀ ਪਤ੍ਰਿਕਾ**

ਵੈੱਬ ਡੈਸਕ 23 ਸਤੰਬਰ। ਮਹਾਰਾਸ਼ਟਰ ਵਿੱਚ ਕਿਸਾਨ ਖੁਦਕੁਸ਼ੀਆਂ ਚਿੰਤਾਜਨਕ ਤੌਰ 'ਤੇ ਵੱਧ ਰਹੀਆਂ ਹਨ। ਰਾਜ ਸਰਕਾਰ ਦੇ ਤਾਜ਼ਾ ਅੰਕੜਿਆਂ ਅਨੁਸਾਰ, ਜਨਵਰੀ ਤੋਂ ਸਤੰਬਰ 2025 ਤੱਕ 1,500 ਤੋਂ ਵੱਧ ਕਿਸਾਨਾਂ ਨੇ ਆਪਣੀਆਂ ਜਾਨਾਂ ਲਈਆਂ। ਮਾਹਿਰਾਂ ਦਾ ਕਹਿਣਾ ਹੈ ਕਿ ਕਰਜ਼ੇ ਦਾ ਬੋਝ, ਫਸਲਾਂ ਦਾ ਨੁਕਸਾਨ ਅਤੇ ਵਿੱਤੀ ਤੰਗੀ ਮੁੱਖ ਕਾਰਨ ਹਨ। ਵਿਰੋਧੀ ਪਾਰਟੀਆਂ ਅਤੇ ਕਿਸਾਨ ਸੰਗਠਨ ਸਰਕਾਰ 'ਤੇ ਤੁਰੰਤ ਰਾਹਤ ਪੈਕੇਜ ਅਤੇ ਇੱਕ ਮਜ਼ਬੂਤ ??ਖੇਤੀਬਾੜੀ ਨੀਤੀ ਲਾਗੂ ਕਰਨ ਲਈ ਦਬਾਅ ਪਾ ਰਹੇ ਹਨ। ਰਾਜ ਸਰਕਾਰ ਨੇ 36 ਜ਼ਿਲ੍ਹਿਆਂ ਤੋਂ ਕਿਸਾਨ ਖੁਦਕੁਸ਼ੀਆਂ ਦੇ ਅੰਕੜੇ ਸਾਂਝੇ ਕੀਤੇ ਹਨ। ਜਨਵਰੀ ਤੋਂ ਮਾਰਚ 2025 ਦੇ ਵਿਚਕਾਰ, 767 ਕਿਸਾਨਾਂ ਨੇ ਖੁਦਕੁਸ਼ੀ ਕੀਤੀ, ਜਦੋਂ ਕਿ ਅਪ੍ਰੈਲ ਤੋਂ ਸਤੰਬਰ ਤੱਕ ਇਹ ਗਿਣਤੀ ਦੁੱਗਣੀ ਤੋਂ ਵੀ ਵੱਧ ਹੋ ਗਈ ਹੈ। ਜਨਵਰੀ ਤੋਂ ਜੂਨ ਤੱਕ, ਇਕੱਲੇ ਮਰਾਠਵਾੜਾ ਖੇਤਰ ਵਿੱਚ 520 ਕਿਸਾਨਾਂ ਦੀ ਮੌਤ ਹੋ ਗਈ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ 20 ਫੀਸਦੀ ਵੱਧ ਹੈ। ਮਰਾਠਵਾੜਾ ਦੇ ਬੀਡ, ਨੰਦੇੜ, ਸੰਭਾਜੀਨਗਰ (ਔਰੰਗਾਬਾਦ) ਜ਼ਿਲ੍ਹਿਆਂ ਅਤੇ ਵਿਦਰਭ ਦੇ ਯਵਤਮਾਲ, ਅਮਰਾਵਤੀ, ਅਕੋਲਾ, ਬੁਲਢਾਣਾ ਅਤੇ ਵਾਸ਼ਿਮ ਜ਼ਿਲ੍ਹਿਆਂ ਤੋਂ ਸਭ ਤੋਂ ਵੱਧ ਮਾਮਲੇ ਸਾਹਮਣੇ ਆਏ ਹਨ। ਇਕੱਲੇ ਬੀਡ ਜ਼ਿਲ੍ਹੇ ਵਿੱਚ ਪਹਿਲੇ ਛੇ ਮਹੀਨਿਆਂ ਵਿੱਚ 120 ਤੋਂ ਵੱਧ ਕਿਸਾਨ ਖੁਦਕੁਸ਼ੀਆਂ ਹੋਈਆਂ। ਵਿਦਰਭ ਅਤੇ ਮਰਾਠਵਾੜਾ ਖੇਤਰਾਂ ਵਿੱਚ ਕੁੱਲ 1,546 ਕਿਸਾਨਾਂ ਨੇ ਖੁਦਕੁਸ਼ੀ ਕੀਤੀ, ਜਿਨ੍ਹਾਂ ਵਿੱਚੋਂ 517 ਨੂੰ ਪਾਤਰ ਮੰਨੇ ਗਏ, ਜਦੋਂ ਕਿ 279 ਨੂੰ ਅਯੋਗ ਐਲਾਨਿਆ ਗਿਆ। 488



ਮਾਮਲਿਆਂ ਦੀ ਜਾਂਚ ਜਾਰੀ ਹੈ। ਪ੍ਰਸ਼ਾਸਕੀ ਅਧਿਕਾਰੀਆਂ ਅਤੇ ਮਾਹਰਾਂ ਦੇ ਅਨੁਸਾਰ, ਕਿਸਾਨ ਖੁਦਕੁਸ਼ੀਆਂ ਲਈ ਕਈ ਕਾਰਕ ਜ਼ਿੰਮੇਵਾਰ ਹਨ। ਬੈਂਕਾਂ ਅਤੇ ਸ਼ਾਹੂਕਾਰਾਂ ਤੋਂ ਵਧਦਾ ਕਰਜ਼ੇ ਦਾ ਬੋਝ ਅਤੇ ਅਦਾਇਗੀ ਕਰਨ ਵਿੱਚ ਅਸਮਰੱਥਾ ਸਭ ਤੋਂ ਵੱਡਾ ਕਾਰਨ ਹੈ। ਇਸ ਤੋਂ ਇਲਾਵਾ, ਮੌਸਮ ਕਾਰਨ ਫਸਲਾਂ ਦਾ ਨੁਕਸਾਨ, ਲਗਾਤਾਰ ਬਾਰਿਸ਼ ਕਾਰਨ ਸੋਇਆਬੀਨ, ਉੜਦ, ਮੂੰਗੀ ਅਤੇ ਕਪਾਹ ਵਰਗੀਆਂ ਫਸਲਾਂ ਦਾ ਹੜ੍ਹ, ਘੱਟ ਬਾਜ਼ਾਰ ਕੀਮਤਾਂ ਪ੍ਰਾਪਤ ਕਰਦੇ ਹੋਏ ਉਤਪਾਦਨ ਲਾਗਤਾਂ ਵਿੱਚ ਤੇਜ਼ੀ ਨਾਲ ਵਾਧਾ, ਸਮਾਜਿਕ ਦਬਾਅ ਅਤੇ ਪ੍ਰਸ਼ਾਸਨਿਕ ਅਣਗਹਿਲੀ ਵੀ ਮੁੱਖ ਕਾਰਨ ਹਨ। ਕਿਸਾਨਾਂ ਦੀਆਂ ਖੁਦਕੁਸ਼ੀਆਂ ਦੀ ਵਧਦੀ ਗਿਣਤੀ ਨੂੰ ਲੈ ਕੇ ਵਿਰੋਧੀ ਪਾਰਟੀਆਂ ਅਤੇ ਕਿਸਾਨ ਸੰਗਠਨ ਸਰਕਾਰ ਵਿਰੁੱਧ ਪ੍ਰਦਰਸ਼ਨ ਕਰ ਰਹੇ ਹਨ। ਕਿਸਾਨ ਸੰਗਠਨਾਂ ਦਾ ਕਹਿਣਾ ਹੈ ਕਿ ਅਜਿਹੀਆਂ ਘਟਨਾਵਾਂ ਖੇਤੀਬਾੜੀ ਪ੍ਰਧਾਨ ਦੇਸ਼ ਵਿੱਚ ਸਰਕਾਰ ਦੀ ਅਸਫਲਤਾ ਨੂੰ ਦਰਸਾਉਂਦੀਆਂ ਹਨ। ਤੁਰੰਤ ਰਾਹਤ ਅਤੇ ਠੋਸ ਖੇਤੀਬਾੜੀ ਨੀਤੀ ਤੋਂ ਬਿਨਾਂ, ਸਥਿਤੀ ਹੋਰ ਵੀ ਵਿਗੜ ਸਕਦੀ ਹੈ। ਰਾਸ਼ਟਰਵਾਦੀ ਕਾਂਗਰਸ ਪਾਰਟੀ (ਐਨਸੀਪੀ) ਨੇ ਚਾਰ ਦਿਨ ਪਹਿਲਾਂ ਨਾਸਿਕ 'ਚ ਕਿਸਾਨਾਂ ਦੇ ਸਮਰਥਨ 'ਚ ਇੱਕ ਵੱਡਾ ਵਿਰੋਧ ਪ੍ਰਦਰਸ਼ਨ ਕੀਤਾ। ਪਾਰਟੀ ਨੇ ਰਾਜ ਦੇ ਸਾਰੇ ਕਿਸਾਨਾਂ ਲਈ ਕਰਜ਼ਾ ਮੁਆਫ਼ੀ, ਬੇਮੌਸਮੀ ਬਾਰਿਸ਼ ਅਤੇ ਹੜ੍ਹਾਂ ਨਾਲ ਪ੍ਰਭਾਵਿਤ ਫਸਲਾਂ ਦਾ ਸਰਵੇਖਣ ਅਤੇ ਢੁਕਵਾਂ ਮੁਆਵਜ਼ਾ ਦੇਣ ਦੀ ਮੰਗ ਕੀਤੀ। ਕਿਸਾਨ ਨੇਤਾ ਰਾਜੂ ਸ਼ੈਟੀ, ਸਦਾਭਾਊ ਖੋਤ, ਬੱਚੂ ਕੱਦੂ ਅਤੇ ਹੋਰ ਸੰਗਠਨਾਂ ਨੇ ਵੀ ਸਰਕਾਰ ਨੂੰ ਫਸਲਾਂ ਦੀ ਖਰੀਦ ਕੀਮਤਾਂ ਵਧਾਉਣ, ਵਿਚੋਲਿਆਂ ਨੂੰ ਖਤਮ ਕਰਨ ਅਤੇ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਅਪੀਲ ਕੀਤੀ ਹੈ। ਮਹਾਰਾਸ਼ਟਰ ਸਰਕਾਰ ਨੇ ਕਿਹਾ ਹੈ ਕਿ 22 ਜ਼ਿਲ੍ਹਿਆਂ ਦੇ ਅੰਕੜੇ ਅਜੇ ਸ਼ਾਮਲ ਨਹੀਂ ਕੀਤੇ ਗਏ ਹਨ। 14 ਜ਼ਿਲ੍ਹਿਆਂ ਵਿੱਚ ਹੋਈਆਂ 1,546 ਮੌਤਾਂ ਵਿੱਚੋਂ, 516 ਕਿਸਾਨਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਵੰਡਿਆ ਗਿਆ ਹੈ